

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 20, ਅਕਤੂਬਰ 2019 (ਅੱਸੂ-ਕੱਤਕ ਸੰਮਤ ਨਾਨਕਸ਼ਾਹੀ 551) । ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com


## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੁਰੂਕਸ਼ੇਤਰ ਵਿਖੇ ਰਾਜ ਪੱਧਰੀ ਗੁਰਮਤਿ ਸਮਾਗਮ ਆਯੋਜਿਤ

**-ਗੁਰੂ ਗ੍ਰੰਥ ਅਤੇ ਗੁਰੂ ਪੰਥ ਪ੍ਰਤੀ ਸਮਰਪਣ ਭਾਵਨਾ ਹਰ ਸਿੱਖ ਲਈ ਜ਼ਰੂਰੀ- ਗਿਆਨੀ ਹਰਪ੍ਰੀਤ ਸਿੰਘ**

**-550ਵਾਂ ਪ੍ਰਕਾਸ਼ ਪੁਰਬ ਗੁਰੂ ਸਾਹਿਬ ਦੇ ਮੁੱਲਵਾਨ ਉਪਦੇਸ਼ਾਂ ਨੂੰ ਪ੍ਰਚਾਰਨ ਦਾ ਸੁਨਹਿਰੀ ਮੌਕਾ-ਸ. ਬਾਦਲ**

**-ਭਾਈ ਲੌਂਗੋਵਾਲ ਨੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ 'ਚ ਸ਼ਮੂਲੀਅਤ ਲਈ ਸੰਗਤ ਨੂੰ ਦਿੱਤਾ ਸੱਦਾ**




ਅੰਮ੍ਰਿਤਸਰ, 7 ਸਤੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਸੂਬਿਆਂ ਅੰਦਰ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਹਰਿਆਣਾ ਦੇ ਕੁਰੂਕਸ਼ੇਤਰ ਵਿਚ ਰਾਜ ਪੱਧਰੀ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ 40 ਹਜ਼ਾਰ ਤੋਂ ਵੱਧ ਸੰਗਤਾਂ ਨੇ ਸ਼ਿਰਕਤ ਕੀਤੀ। ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਦੇ ਯਤਨਾਂ ਨਾਲ ਕੁਰੂਕਸ਼ੇਤਰ ਦੀ ਦਾਣਾ ਮੰਡੀ 'ਚ ਸਜਾਏ ਵਿਸ਼ਾਲ ਪੰਡਾਲ ਵਿਚ ਹੋਏ ਇਸ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਹਜ਼ੂਰ ਸਾਹਿਬ ਤੋਂ ਗਿਆਨੀ ਜੋਤਇੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ਼੍ਰੋਮਣੀ ਅਕਾਲੀ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਅਤੇ ਵੱਡੀ ਗਿਣਤੀ ਵਿਚ ਸੰਤ ਸਮਾਜ ਦੇ ਨੁਮਾਇੰਦੇ ਮੌਜੂਦ ਸਨ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ, ਜਦਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਗੁਰਮਤਿ ਦੇ ਬ੍ਰਹਿਮੰਡੀ ਸਿਧਾਂਤਾਂ ਦੀ ਰੌਸ਼ਨੀ ਵਿਚ ਕਥਾ ਵਿਚਾਰਾਂ ਕੀਤੀਆਂ।

ਸਮਾਗਮ ਮੌਕੇ ਆਪਣੇ ਸੰਬੋਧਨ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗੁਰੂ ਗ੍ਰੰਥ ਅਤੇ ਗੁਰੂ ਪੰਥ ਪ੍ਰਤੀ ਸਮਰਪਣ ਭਾਵਨਾ ਹਰ ਸਿੱਖ ਲਈ ਜ਼ਰੂਰੀ ਹੈ ਅਤੇ ਜਿੰਨਾ ਚਿਰ ਅਸੀਂ ਇਨ੍ਹਾਂ ਦੋਹਾਂ ਨਾਲ ਜੁੜੇ ਰਹਾਂਗੇ, ਓਨਾ ਚਿਰ ਕੋਈ ਵੀ ਦੁਸ਼ਮਣ ਤਾਕਤ ਕੌਮ ਦਾ ਕੁਝ ਨਹੀਂ ਵਿਗਾੜ ਸਕਦੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ 550ਵੇਂ ਪ੍ਰਕਾਸ਼ ਪੁਰਬ ਮੌਕੇ ਹਰ ਸਿੱਖ ਆਪਣੇ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸ ਨਾਲ ਜੋੜਨ ਲਈ ਅੱਗੇ ਆਵੇ।

ਇਸ ਦੌਰਾਨ ਸ਼੍ਰੋਮਣੀ ਅਕਾਲੀ ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸਿੱਖ ਕੌਮ ਨੇ ਗੁਰੂ ਸਾਹਿਬਾਨ ਦੇ ਉਪਦੇਸ਼ਾਂ 'ਤੇ ਚੱਲਦਿਆਂ ਵਿਸ਼ਵ ਭਰ ਅੰਦਰ ਆਪਣੀ ਹੋਂਦ ਸਥਾਪਤ ਕੀਤੀ ਹੈ ਅਤੇ ਸਮੁੱਚੇ ਵਿਸ਼ਵ ਅੰਦਰ ਸਿੱਖ ਸੱਭਿਆਚਾਰ ਅਤੇ ਕਦਰਾਂ ਕੀਮਤਾਂ ਦੀ ਵਿਲੱਖਣ ਪਹਿਚਾਣ ਹੈ। ਉਨ੍ਹਾਂ ਕਿਹਾ ਕਿ ਪਹਿਲੇ ਪਾਤਸ਼ਾਹ ਦਾ 550ਵਾਂ ਪ੍ਰਕਾਸ਼ ਪੁਰਬ ਗੁਰੂ ਸਾਹਿਬ ਦੇ ਮੁੱਲਵਾਨ ਉਪਦੇਸ਼ਾਂ ਨੂੰ ਹੋਰ ਪ੍ਰਚਾਰਨ ਦਾ ਸੁਨਹਿਰੀ ਮੌਕਾ ਹੈ, ਜਿਸ ਨੂੰ ਸਾਰਥਕ ਕਰਨ ਲਈ ਸਮੁੱਚੀ ਕੌਮ ਨੂੰ ਹੰਭਲਾ ਮਾਰਨਾ ਚਾਹੀਦਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਵੱਖ ਵੱਖ ਸੂਬਿਆਂ ਅੰਦਰ ਕਰਵਾਏ ਜਾ ਰਹੇ ਵਿਸ਼ਾਲ ਗੁਰਮਤਿ ਸਮਾਗਮਾਂ ਦੀ ਸ਼ਲਾਘਾ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕੁਰੂਕਸ਼ੇਤਰ ਵਿਖੇ ਪਹਿਲੇ ਪਾਤਸ਼ਾਹ ਜੀ ਨੇ ਲੋਕਾਈ ਨੂੰ ਸੱਚ ਧਰਮ ਦਾ ਉਪਦੇਸ਼ ਦਿੱਤਾ ਸੀ, ਜੋ ਅੱਜ ਵੀ ਸਾਰਥਿਕ ਹੈ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਵੀ ਮਨੁੱਖੀ ਸਮੱਸਿਆਵਾਂ ਦੇ ਹੱਲ ਲਈ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਜ਼ਰੂਰਤ ਹੈ। ਭਾਈ ਲੌਂਗੋਵਾਲ ਨੇ ਸੰਗਤ ਨੂੰ ਪਹਿਲੇ ਪਾਤਸ਼ਾਹ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਗੁਰਮਤਿ ਸਮਾਗਮਾਂ ਵਿਚ ਭਰਵੀਂ ਸ਼ਮੂਲੀਅਤ ਲਈ ਸੱਦਾ ਦਿੱਤਾ। ਇਸ ਤੋਂ ਇਲਾਵਾ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੋਂ ਪੁੱਜੇ ਗਿਆਨੀ ਜੋਤਇੰਦਰ ਸਿੰਘ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਸਮਾਗਮ ਸਮੇਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਭਾਈ ਗੋਬਿੰਦ ਸਿੰਘ

ਬਾਕੀ ਸਫ਼ਾ 6 'ਤੇ

## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਗਏ ਗੁਰਬਾਣੀ ਪਾਠ ਬੋਧ ਸਮਾਗਮ ਦੀ ਹੋਈ ਸੰਪੂਰਨਤਾ




ਸੁਲਤਾਨਪੁਰ ਲੋਧੀ - ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵਲੋਂ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਨੂੰ ਗੁਰਬਾਣੀ ਉਚਾਰਨ ਦੀ ਸੰਥਿਆ ਦੇਣ ਲਈ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ 13 ਅਗਸਤ ਤੋਂ ਆਰੰਭ ਹੋਏ ਗੁਰਬਾਣੀ ਪਾਠ ਬੋਧ ਸਮਾਗਮ 15 ਸਤੰਬਰ ਨੂੰ ਸਫਲਤਾ ਪੂਰਵਕ ਸੰਪਨ ਹੋਏ। ਇਕ ਮਹੀਨੇ ਦੇ ਇਸ ਗੁਰਬਾਣੀ ਪਾਠ ਬੋਧ ਸਮਾਗਮ ਵਿਚ 400 ਤੋਂ ਵੱਧ ਜਗਿਆਸੂਆਂ ਨੇ ਸੰਥਿਆ ਪ੍ਰਾਪਤ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਚੱਲੇ ਗੁਰਬਾਣੀ ਪਾਠ ਬੋਧ ਸਮਾਗਮ ਵਿਚ ਸਮੇਂ-ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਿੰਘ ਸਾਹਿਬਾਨ ਅਤੇ ਹੋਰ ਨਾਮਵਰ ਸ਼ਖ਼ਸ਼ੀਅਤਾਂ ਨੇ ਪਹੁੰਚ ਕੇ ਸਿਖਿਆਰਥੀਆਂ ਦਾ ਹੌਂਸਲਾ ਵਧਾਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਕਰਵਾਏ ਗਏ ਸਮਾਪਤੀ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਸੰਬੋਧਨ ਕਰਦੇ ਹੋਏ ਸੰਥਿਆ ਪ੍ਰਾਪਤ ਕਰ ਚੁੱਕੇ ਗ੍ਰੰਥੀ ਤੇ ਅਖੰਡ ਪਾਠੀ ਸਿੰਘਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਆਪੋ-ਆਪਣੇ ਸੇਵਾ ਸਥਾਨਾਂ ਅੰਦਰ ਸੰਗਤਾਂ ਅਤੇ ਖ਼ਾਸਕਰ ਨੌਜਵਾਨੀ ਨੂੰ ਗੁਰਮਤਿ ਨਾਲ ਜੋੜਨ ਦੀ ਪ੍ਰੇਰਨਾ ਕੀਤੀ। ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਨੇ ਗੁਰਬਾਣੀ ਦੀ ਕਥਾ ਕੀਤੀ ਤੇ ਪਾਠ ਬੋਧ ਸਮਾਗਮ ਦੀ ਸਫਲਤਾ ਪੂਰਵਕ ਸੰਪੂਰਨਤਾ ਦੀ ਵਧਾਈ ਦਿੱਤੀ। ਇਸ ਮੌਕੇ ਗੁਰਬਾਣੀ ਦੀ ਅਰਥਾਂ ਸਮੇਤ ਸੰਥਿਆ ਪ੍ਰਾਪਤ ਕਰਨ ਵਾਲੇ ਗ੍ਰੰਥੀ ਤੇ ਆਖੰਡ ਪਾਠੀ ਸਿੰਘਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸ਼ਿੰਗਾਰਾ ਸਿੰਘ ਲੋਹੀਆਂ, ਬੀਬੀ ਗੁਰਪ੍ਰੀਤ ਕੌਰ ਰੂਹੀ, ਜਥੇਦਾਰ ਸਰਵਣ ਸਿੰਘ ਕੁਲਾਰ, ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ ਸਮੇਤ ਹੋਰਨਾਂ ਸ਼ਿਰਕਤ ਕੀਤੀ।

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਲਾਈ ਕਈ ਅਹਿਮ ਫੈਸਲਿਆਂ 'ਤੇ ਮੋਹਰ

## ਕੁਦਰਤੀ ਆਫ਼ਤਾਂ ਅਤੇ ਹੋਰ ਮੁਸ਼ਕਲਾਂ ਸਮੇਂ ਮਨੁੱਖੀ ਮੱਦਦ ਲਈ ਸਥਾਪਤ ਕੀਤਾ ਜਾਵੇਗਾ ਵਿਸ਼ੇਸ਼ ਵਿਭਾਗ-ਭਾਈ ਲੌਂਗੋਵਾਲ

### ਹਰ ਇਤਿਹਾਸਕ ਗੁਰਦੁਆਰੇ ਅੰਦਰ ਲਗਾਏ ਜਾਣਗੇ ਘੱਟੋ ਘੱਟ 550 ਬੂਟੇ



ਸੁਲਤਾਨਪੁਰ ਲੋਧੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇਥੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਹੋਈ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਦੌਰਾਨ ਕੁਦਰਤੀ ਆਫਤਾਂ ਸਮੇਂ ਹਲਾਤਾਂ ਨਾਲ ਨਜਿੱਠਣ ਲਈ ਇਕ ਵਿਸ਼ੇਸ਼ ਵਿਭਾਗ ਸਥਾਪਿਤ ਕਰਨ ਅਤੇ ਵਾਤਾਵਰਨ ਦੀ ਸ਼ੁਧਤਾ ਲਈ ਹਰ ਇਤਿਹਾਸਕ ਗੁਰਦੁਆਰਾ ਸਾਹਿਬ ਅੰਦਰ 550 ਬੂਟੇ ਲਗਾਉਣ ਦਾ ਫੈਸਲਾ ਕੀਤਾ ਗਿਆ। ਇਕੱਤਰਤਾ ਮਗਰੋਂ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਕੁਦਰਤੀ ਆਫ਼ਤਾਂ ਅਤੇ ਹੋਰ ਮੁਸ਼ਕਲਾਂ ਸਮੇਂ ਮਨੁੱਖਤਾ ਦੀ ਮੱਦਦ ਲਈ ਸ਼੍ਰੋਮਣੀ ਕਮੇਟੀ ਵੱਲੋਂ ਹੰਗਾਮੀ ਸੇਵਾਵਾਂ ਦੇਣ ਲਈ ਇਕ ਵਿਭਾਗ ਬਣਾਇਆ ਜਾਵੇਗਾ, ਜੋ ਅਜਿਹੇ ਮੌਕਿਆਂ ਸਮੇਂ ਤੁਰੰਤ ਹਰਕਤ ਵਿਚ ਆਉਂਦਿਆਂ ਜ਼ਮੀਨੀ ਪੱਧਰ 'ਤੇ ਕਾਰਜ ਕਰੇਗਾ। ਇਸ ਨਾਲ ਵੱਖ-ਵੱਖ ਇਲਾਕਿਆਂ ਵਿੱਚੋਂ ਨੌਜੁਆਨਾਂ ਨੂੰ ਜੋੜਨ ਦੀ ਵਿਉਂਤਬੰਦੀ ਵੀ ਕੀਤੀ ਜਾਵੇਗੀ, ਤਾਂ ਜੋ ਲੋੜ ਸਮੇਂ ਹਰ ਖੇਤਰ ਅੰਦਰ ਤੁਰੰਤ ਸੇਵਾਵਾਂ ਆਰੰਭੀਆ ਜਾ ਸਕਣ। ਉਨ੍ਹਾਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਾਤਾਵਰਨ ਦੀ ਸ਼ੁਧਤਾ ਲਈ ਇਕ ਅਹਿਮ ਫੈਸਲਾ ਵੀ ਕੀਤਾ ਗਿਆ ਹੈ, ਜਿਸ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਹਰ ਗੁਰਦੁਆਰਾ ਸਾਹਿਬਾਨ ਅੰਦਰ ਘੱਟੋ-ਘੱਟ 550 ਬੂਟੇ ਲਗਾਏ ਜਾਣਗੇ। ਬੂਟੇ ਵਿਰਾਸਤੀ ਕਿਸਮ ਦੇ ਹੋਣਗੇ ਅਤੇ ਪਾਲਣ ਪੋਸ਼ਣ ਅਤੇ ਸਾਂਭ-ਸੰਭਾਲ ਦੀ ਜ਼ੁੰਮੇਵਾਰੀ ਗੁਰੂ ਘਰਾਂ ਦੇ ਮੈਨੇਜਰਾਂ ਦੀ ਹੋਵੇਗੀ। ਇਸੇ ਤਹਿਤ ਹੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਦੀ ਪਰਕਰਮਾਂ ਅੰਦਰ ਛਾਂਦਾਰ, ਫਲਦਾਰ ਬੂਟੇ ਲਗਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਸ੍ਰੀ ਤਰਨ ਤਾਰਨ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਧਾਮਾਂ ਅੰਦਰ ਬੂਟੇ ਲਗਾਉਣ ਦੀ ਸੇਵਾ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਦੇ ਸਹਿਯੋਗ ਨਾਲ ਹੋਵੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਬੀਤੇ ਸਮੇਂ ਅੰਦਰ ਅਮਰੀਕਾ ਦੇ ਹਵਾਈ ਅੱਡੇ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਵੱਡੀ ਗਿਣਤੀ ਵਿਚ ਪਾਵਨ ਬਿਰਧ ਸਰੂਪ ਭਾਰਤ ਲਿਆਉਣ ਸਮੇਂ ਕੀਤੀ ਗਈ ਮਰਯਾਦਾ ਦੀ ਉਲੰਘਣਾ ਬੇਹੱਦ ਦੁਖਦਾਈ ਹੈ, ਜਿਸ ਦੇ ਦੋਸ਼ੀਆਂ ਖਿਲਾਫ਼ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੁਨੀਆਂ ਵਿੱਚੋਂ ਪਾਵਨ ਬਿਰਧ ਸਰੂਪ ਇਕੱਤਰ ਕਰਨ ਦੀ ਕਿਸੇ ਨੂੰ ਹਰਗਿਜ਼ ਇਜਾਜ਼ਤ ਨਹੀਂ ਹੈ ਅਤੇ ਸੰਗਤਾਂ ਵੀ ਇਸ ਪ੍ਰਤੀ ਸੁਚੇਤ ਰਹਿਣ।

ਇਕੱਤਰਤਾ ਵਿਚ ਲਏ ਹੋਰ ਫੈਸਲਿਆਂ ਬਾਰੇ ਉਨ੍ਹਾਂ ਦੱਸਿਆ ਕਿ ਦੇਸ਼ ਦੀ ਅਜ਼ਾਦੀ ਵਿਚ ਅਹਿਮ ਯੋਗਦਾਨ ਪਾਉਣ ਵਾਲੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਸਿੰਘ ਨੂੰ ਸ਼ਹੀਦ ਦਾ ਦਰਜ਼ਾ ਦੇਣ ਲਈ ਕੇਂਦਰ ਸਰਕਾਰ ਨੂੰ ਪੱਤਰ ਲਿਖਿਆ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਬਟਾਲਾ ਪਟਾਕਾ ਫੈਕਟਰੀ 'ਚ ਹੋਏ ਧਮਾਕੇ ਕਾਰਨ ਸ੍ਰੀ ਰਾਮਦਾਸ ਕਲੋਨੀ ਬਟਾਲਾ ਦੇ ਗੁਰਦੁਆਰਾ ਸਾਹਿਬ ਦੀ ਬਿਲਡਿੰਗ ਨੂੰ ਨੁਕਸਾਨ ਪੁੱਜਣ ਕਾਰਨ 1 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਓਪਨ ਵਰਲਡ ਕੱਪ ਜਰਮਨੀ ਵਿਚ ਪਿਸਟਲ ਸ਼ੂਟਿੰਗ ਮੁਕਾਬਲੇ ਦੌਰਾਨ ਗੋਲਡ ਮੈਡਲ ਜਿੱਤਣ ਵਾਲੇ 13 ਸਿੱਖ ਬਲਾਟੀਅਨ (ਸਿੱਖ ਰੈਜੀਮੈਂਟ ਸੈਂਟਰ ਰਾਮਗੜ੍ਹ) ਦੇ ਨੌਜੁਆਨ ਸ. ਮਨਜੀਤ ਸਿੰਘ ਨੂੰ ਉਸ ਦੀ ਪ੍ਰਾਪਤੀ ਬਦਲੇ 51 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ।

ਇਕੱਤਰਤਾ ਦੌਰਾਨ ਅਮਰੀਕਾ ਦੇ ਸਿੱਖਾਂ ਵੱਲੋਂ ਵਾਸ਼ਿੰਗਟਨ ਸੂਬੇ ਦੇ ਸ਼ਹਿਰ ਬੈਲੀਗਮ ਵਿਖੇ ਖ਼ਾਲਸਾ ਯੂਨੀਵਰਸਿਟੀ ਸਥਾਪਤ ਕਰਨ ਦੀ ਸ਼ਲਾਘਾ ਕੀਤੀ ਗਈ ਅਤੇ ਇਸ ਯੂਨੀਵਰਸਿਟੀ ਲਈ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸਿੱਖ ਇਤਿਹਾਸ ਰੀਸਰਚ ਬੋਰਡ ਵੱਲੋਂ ਪ੍ਰਕਾਸ਼ਤ ਪੁਸਤਕਾਂ ਦੇ ਦੋ ਸੈੱਟ ਭੇਜਣ ਦਾ ਫੈਸਲਾ ਕੀਤਾ ਗਿਆ। ਇਹ ਵੀ ਪ੍ਰਵਾਨ ਕੀਤਾ ਗਿਆ ਕਿ ਯੂਨੀਵਰਸਿਟੀ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ। ਯੂਨੀਵਰਸਿਟੀ ਦੀ ਸਥਾਪਨਾ ਲਈ 130 ਏਕੜ ਜ਼ਮੀਨ ਦੇਣ ਵਾਲੇ ਸਿੱਖ ਸ. ਮਨਜੀਤ ਸਿੰਘ ਦੀ ਵੀ ਪ੍ਰਸ਼ੰਸਾ ਕੀਤੀ। ਇਸੇ ਤਰ੍ਹਾਂ ਭਾਈ ਸਾਹਿਬ ਭਾਈ ਹਰਭਜਨ ਸਿੰਘ ਜੋਗੀ ਵੱਲੋਂ ਚਲਾਏ ਗਏ ਸਿੱਖ ਧਰਮਾ ਇੰਟਰਨੈਸ਼ਨਲ ਅਮਰੀਕਾ ਦੇ ਮੁਖੀ ਡਾ. ਬੀਬੀ ਇੰਦਰਜੀਤ ਕੌਰ ਅਤੇ ਡਾ. ਗੁਰਅੰਮ੍ਰਿਤ ਕੌਰ ਦੀ ਦੇਖ-ਰੇਖ ਹੇਠ ਜਪੁਜੀ ਸਾਹਿਬ ਦੇ 20 ਭਸ਼ਾਵਾਂ ਵਿਚ ਕੀਤੇ ਜਾ ਰਹੇ ਅਨੁਵਾਦ ਕਾਰਜ ਨੂੰ ਵੀ ਸਲਾਹਿਆ ਗਿਆ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਰਨਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਭਾਈ ਮਨਜੀਤ ਸਿੰਘ, ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਗਜੀਤ ਸਿੰਘ ਤਲਵੰਡੀ, ਸ. ਅਮਰੀਕ ਸਿੰਘ ਵਿਛੋਆ, ਸ. ਸ਼ਿੰਗਾਰਾ ਸਿੰਘ ਲੋਹੀਆਂ, ਬੀਬੀ ਜਸਬੀਰ ਕੌਰ ਜੱਫਰਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ ਸਮੇਤ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਦਫ਼ਤਰੀ ਅਮਲਾ ਮੌਜੂਦ ਸੀ।

## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨੇਪਾਲ ਸਰਕਾਰ ਵੱਲੋਂ ਤਿੰਨ ਯਾਦਗਾਰੀ ਸਿੱਕੇ ਜਾਰੀ



ਅੰਮ੍ਰਿਤਸਰ- ਸਿੱਖ ਧਰਮ ਦੇ ਬਾਨੀ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨੇਪਾਲ ਸਰਕਾਰ ਨੇ ਸਤਿਕਾਰ ਵਜੋਂ ਤਿੰਨ ਯਾਦਗਾਰੀ ਸਿੱਕੇ ਜਾਰੀ ਕੀਤੇ ਹਨ। ਇਹ ਸਿੱਕੇ 2500, 1000 ਤੇ 100 ਰੁਪਏ ਦੇ ਹਨ। ਇਸ ਤੋਂ ਇਲਾਵਾ ਕਾਠਮੰਡੂ (ਨੇਪਾਲ) ਸਥਿਤ ਭਾਰਤੀ ਦੂਤਾਵਾਸ ਵੱਲੋਂ ਨੇਪਾਲ ਦੀ ਸਿੱਖ ਵਿਰਸਤ ਨੂੰ ਰੂਪਮਾਨ ਕਰਦੀ ਇੱਕ ਪੁਸਤਕ ਵੀ ਸੰਗਤ ਅਰਪਣ ਕੀਤੀ ਗਈ ਹੈ। ਬੀਤੀ ਰਾਤ ਕਾਠਮੰਡੂ 'ਚ ਭਾਰਤੀ ਦੂਤਾਵਾਸ ਵੱਲੋਂ ਨੇਪਾਲ ਸਰਕਾਰ ਦੇ ਸਹਿਯੋਗ ਨਾਲ ਕਰਵਾਏ ਗਏ ਇੱਕ ਉਚੇਚੇ ਸਮਾਗਮ ਦੌਰਾਨ ਇਹ ਸਿੱਕੇ ਤੇ ਪੁਸਤਕ ਜਾਰੀ ਕਰਨ ਦੀ ਰਸਮ ਹੋਈ। ਇਸ ਸਮਗਾਮ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਨੇਪਾਲ ਰਾਸ਼ਟਰ ਬੈਂਕ ਦੇ ਗਵਰਨਰ ਸ੍ਰੀ ਚਿਰੰਜੀ ਬੀ ਨੇਪਾਲ, ਭਾਰਤੀ ਅੰਬੈਸਡਰ ਸ. ਮਨਜੀਵ ਸਿੰਘ ਪੁਰੀ, ਸੀਨੀਅਰ ਅਕਾਲੀ ਆਗੂ ਸ. ਚਰਨਜੀਤ ਸਿੰਘ ਅਟਵਾਲ. ਡਾ. ਦਲਜੀਤ ਸਿੰਘ ਚੀਮਾ, ਸ. ਮਹੇਸ਼ਇੰਦਰ ਸਿੰਘ ਗਰੇਵਾਲ, ਭਾਈ ਗੁਰਚਰਨ ਸਿੰਘ ਗਰੇਵਾਲ ਤੇ ਮਹੰਤ ਮਨਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਮੌਜੂਦ ਸਨ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਨੇਪਾਲ ਸਰਕਾਰ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਗੁਰੂ ਸਾਹਿਬ ਨਾਲ ਸਬੰਧਤ ਇਤਿਹਾਸਕ ਪੁਰਬ ਦੀ ਯਾਦ ਸੰਗਤਾਂ ਦੇ ਮਨਾਂ ਵਿਚ ਸਦਾ ਵੱਸਦੀ ਰਹੇਗੀ। ਨੇਪਾਲ ਰਾਸ਼ਟਰ ਬੈਂਕ ਦੇ ਗਵਰਨਰ ਸ੍ਰੀ ਚਿਰੰਜੀ ਬੀ ਨੇਪਾਲ ਨੇ ਕਿਹਾ ਕਿ ਸਿੱਖਾਂ ਦੀ ਨੇਪਾਲ ਨਾਲ ਸਾਂਝ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਮੇਂ ਤੋਂ ਹੈ ਅਤੇ ਅੱਜ ਉਨ੍ਹਾਂ ਨੂੰ ਗੁਰੂ ਸਾਹਿਬ ਦੀ ਯਾਦ ਵਿਚ ਸਿੱਕੇ ਜਾਰੀ ਕਰਕੇ ਬੇਹੱਦ ਖੁਸ਼ੀ ਹੋ ਰਹੀ ਹੈ। ਕਾਠਮੰਡੂ ਵਿਚ ਭਾਰਤੀ ਅੰਬੈਸਡਰ ਸ. ਮਨਜੀਵ ਸਿੰਘ ਪੁਰੀ ਨੇ ਵੀ ਸਿੱਖ ਜਗਤ ਨੂੰ ਗੁਰੂ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਸਿੱਖ ਸ਼ਖਸੀਅਤਾਂ ਦੇ ਸਮਾਗਮ ਦੌਰਾਨ ਪੁੱਜਣ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਯਾਦਗਾਰੀ ਪਲ ਉਹ ਹਮੇਸ਼ਾਂ ਯਾਦ ਰੱਖਣਗੇ। ਸ. ਪੁਰੀ ਨੇ ਆਸ ਪ੍ਰਗਟਾਈ ਕਿ ਨੇਪਾਲ ਦੀ ਸਿੱਖ ਵਿਰਾਸਤ ਨੂੰ ਅਗਲੀਆਂ ਪੀੜ੍ਹੀਆਂ ਤੱਕ ਲਿਜਾਣ ਲਈ ਦੂਤਾਵਾਸ ਵੱਲੋਂ ਜਾਰੀ ਕੀਤੀ ਗਈ ਪੁਸਤਕ ਜਰੂਰ ਕਾਰਗਰ ਸਾਬਤ ਹੋਵੇਗੀ। ਇਸ ਮੌਕੇ ਭਾਰਤੀ ਦੂਤਾਵਾਸ ਦੇ ਸਕੱਤਰ ਡਾ. ਪ੍ਰਭਜੀਤ ਸਿੰਘ ਗੁਲਾਟੀ, ਸ੍ਰੀ ਸੁਖਦੇਬ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸਥਾਨਕ ਸਿੱਖ ਆਗੂ ਸ. ਪ੍ਰੀਤਮ ਸਿੰਘ ਆਦਿ ਵੀ ਮੌਜੂਦ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਵਿਚ ਸ਼ਮੂਲੀਅਤ ਕਰਕੇ ਆਪਣੀ ਜ਼ਿੰਦਗੀ ਦੀ ਅਨਮੋਲ ਯਾਦ ਬਣਾਈਏ

ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਿੱਖ ਸੰਗਤਾਂ ਲਈ ਇੱਕ ਇਤਿਹਾਸਕ ਮੌਕਾ ਹੈ। ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਆਪਣੀਆਂ ਪ੍ਰਚਾਰ ਯਾਤਰਾਵਾਂ ਦੌਰਾਨ ਸੰਸਾਰ ਦੇ ਕੋਨੇ-ਕੋਨੇ ਵਿੱਚ ਪਹੁੰਚ ਕੇ ਸੱਚ ਦਾ ਪ੍ਰਚਾਰ ਕੀਤਾ। ਉਨ੍ਹਾਂ ਨੇ ਆਪਣੀ ਬਾਣੀ ਅੰਦਰ ਸਮਾਜ ਵਿੱਚ ਫੈਲੇ ਪਾਖੰਡਵਾਦ ਦਾ ਖੰਡਨ ਕੀਤਾ। ਗੁਰੂ ਸਾਹਿਬ ਨੇ ਆਪਣੀਆਂ ਪ੍ਰਚਾਰ ਯਾਤਰਾਵਾਂ ਦੌਰਾਨ ਵੇਖਿਆ ਕਿ ਲੋਕਾਂ ਦੇ ਮਨ ਅੰਦਰ ਲਾਲਚ, ਝੂਠ, ਧੋਖਾ, ਠੱਗੀ, ਕ੍ਰੋਧ ਹੀ ਵੱਸੇ ਹੋਏ ਹਨ। ਹਾਕਮ ਨਿਮਾਣਿਆਂ, ਆਜਜ਼ਾਂ ਅਤੇ ਕਮਜ਼ੋਰਾਂ ਨੂੰ ਕੁਚਲ ਕੇ ਸੁਆਦ ਲੈਂਦੇ ਹਨ। ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਲੋਕਾਈ ਅੰਦਰੋਂ ਭੈੜੀਆਂ ਅਲਾਮਤਾਂ ਨੂੰ ਬਾਹਰ ਕੱਢਣ ਅਤੇ ਚੰਗੇਰੇ ਜੀਵਨ ਦੇ ਉਪਦੇਸ਼ ਲਈ ਗੁਰਬਾਣੀ ਉਚਾਰਨ ਕੀਤੀ। ਗੁਰੂ ਜੀ ਨੇ ਸ਼ਬਦ ਨਾਲ ਸਿੱਧ ਮੰਡਲੀ ਨੂੰ ਜਿੱਤਿਆ। ਸ਼ਬਦ ਨਾਲ ਹੀ ਬਾਬੇ ਨੇ ਮੱਕਾ ਫੇਰਿਆ। ਗੁਰੂ ਜੀ ਦੁਆਰਾ ਉਚਾਰਨ ਕੀਤਾ ਸ਼ਬਦ ਹੀ ਕੌਡੇ ਰਾਖਸ਼ ਦੇ ਤੇਲ ਦੇ ਕੜਾਹੇ ਨਾਲੋਂ ਵੀ ਵਧੇਰੇ ਤਪਦੇ ਹਿਰਦੇ ਨੂੰ ਠਾਰਦਾ ਹੈ। ਗੁਰੂ ਜੀ ਦੁਆਰਾ ਗਾਏ ਸ਼ਬਦ ਨੇ ਸੱਜਣ ਠੱਗ ਨੂੰ ਦਾਨੀ ਅਤੇ ਪਰਉਪਕਾਰੀ ਬਣਾ ਦਿੱਤਾ। ਸ੍ਰੀ ਗੁਰੂ ਨਾਨਕ ਸਾਹਿਬ ਹੱਕ ਦੀ ਕਮਾਈ ਵਿੱਚੋਂ ਦੁੱਧ ਛਲਕਦਾ ਵਿਖਾਉਂਦੇ ਹਨ ਅਤੇ ਹਰਾਮ ਦੀ ਕਮਾਈ ਵਿੱਚੋਂ ਲਹੂ ਨੱਚਦਾ। ਗੁਰੂ ਸਾਹਿਬ ਜਿਥੇ ਵੀ ਗਏ ਉਨ੍ਹਾਂ ਸੱਚ ਦਾ ਪ੍ਰਚਾਰ ਕਰਦਿਆਂ ਲੁਕਾਈ ਨੂੰ ਪਰਮਾਤਮਾਂ ਨਾਲ ਜੋੜਿਆ।

12 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਸਾਹਿਬ ਜੀ ਦਾ 550ਵਾਂ ਪ੍ਰਕਾਸ਼ ਪੁਰਬ ਆ ਰਿਹਾ ਹੈ। ਇਸ ਪੁਰਬ ਨੂੰ ਸਮਰਪਿਤ ਗੁਰੂ ਸਾਹਿਬ ਦੇ ਮਿਸ਼ਨ ਦੇ ਪ੍ਰਚਾਰ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਿਛਲੇ ਇਕ ਸਾਲ ਤੋਂ ਗੁਰਮਤਿ ਸਮਾਗਮਾਂ ਦਾ ਸਿਲਸਿਲਾ ਆਰੰਭ ਕੀਤਾ ਹੋਇਆ ਹੈ। ਵੱਖ-ਵੱਖ ਥਾਵਾਂ ਤੇ ਗੁਰਮਤਿ ਸਮਾਗਮ, ਸੈਮੀਨਾਰ ਅਤੇ ਅੰਮ੍ਰਿਤ ਸੰਚਾਰ ਸਮਾਗਮਾਂ ਦੇ ਨਾਲ ਗੁਰਮਤਿ ਕੈਂਪ ਅਤੇ ਗੁਰਬਾਣੀ ਦੇ ਪਾਠ-ਬੋਧ ਸਮਾਗਮ ਕਰਵਾਏ ਜਾ ਰਹੇ ਹਨ। ਇਸ ਦੇ ਨਾਲ ਹੀ ਗੁਰੂ ਸਾਹਿਬ ਦੇ ਜਨਮ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋਂ ਅੰਤਰਰਾਸ਼ਟਰੀ ਨਗਰ ਕੀਰਤਨ ਆਰੰਭ ਕੀਤਾ ਗਿਆ ਸੀ ਜੋ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ 5 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸ਼ੰਪੂਰਨ ਹੋਵੇਗਾ। ਇਸ ਇਤਿਹਾਸਕ ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਭਾਰੀ ਉਤਸ਼ਾਹ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੁੱਖ ਸਮਾਗਮ ਗੁਰੂ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਹੋਣੇ ਹਨ। ਸਮੂਹ ਨਾਨਕ ਨਾਮ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਹ ਸਮਾਗਮ 1 ਨਵੰਬਰ 13 ਨਵੰਬਰ ਤੱਕ ਹੋਣਗੇ। ਇਸ ਦੌਰਾਨ ਵਿਸ਼ਵ ਸਿੱਖ ਨੌਜਵਾਨ ਸੰਮੇਲਨ, ਨੌਜਵਾਨ ਸੰਗੀਤ ਸੰਮੇਲਨ, ਅੰਤਰ ਧਰਮ ਸੰਵਾਦ ਸੰਮੇਲਨ, ਸਿੱਖ ਇਸਤਰੀ ਸੰਮੇਲਨ, ਰਾਗ ਦਰਬਾਰ, ਕਵੀ ਦਰਬਾਰ, ਢਾਡੀ ਤੇ ਕਵੀਸ਼ਰ ਦਰਬਾਰ ਸਮੇਤ ਇਨਾਮੀ ਕਵੀ, ਕਵੀਸ਼ਰੀ ਤੇ ਢਾਡੀ ਮੁਕਾਬਲੇ ਅਤੇ ਹੋਰ ਵੱਖ-ਵੱਖ ਸਮਾਗਮ ਵੀ ਕਰਵਾਏ ਜਾਣਗੇ। ਇਨ੍ਹਾਂ ਸਮਾਗਮਾਂ ਵਿੱਚ ਦੇਸ਼-ਵਿਦੇਸ਼ ਦੀਆਂ ਪ੍ਰਮੁੱਖ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖ਼ਸ਼ੀਅਤਾਂ ਵੀ ਵਿਸ਼ੇਸ ਤੌਰ ਤੇ ਸ਼ਾਮਲ ਹੋਣਗੀਆਂ।

ਅਸੀਂ ਭਾਗਾਂ ਵਾਲੇ ਹਾਂ ਕਿ ਸ੍ਰੀ ਗੁਰੂ ਨਾਨਕ ਸਾਹਿਬ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਾਡੀ ਜਿੰਦਗੀ ਵਿੱਚ ਆ ਰਿਹਾ ਹੈ। ਇਹ ਸਮਾਂ ਸਾਡੀ ਜਿੰਦਗੀ ਦੀ ਅਨਮੋਲ ਯਾਦ ਬਣੇ ਇਸ ਲਈ ਸਾਨੂੰ ਪਰਿਵਾਰਾਂ ਸਮੇਤ ਇਨ੍ਹਾਂ ਸਮਾਗਮਾਂ ਦਾ ਹਿੱਸਾ ਬਨਣਾ ਚਾਹੀਦਾ ਹੈ। ਆਓ 1 ਨਵੰਬਰ ਤੋਂ 13 ਨਵੰਬਰ ਤੱਕ ਹੋਣ ਵਾਲੇ ਸਮਾਗਮਾਂ ਦਾ ਹਿੱਸਾ ਬਣ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਦੇ ਪਾਤਰ ਬਣੀਏ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੁਲਤਾਨਪੁਰ ਲੋਧੀ ਨੂੰ ਵਾਈਟ ਸਿਟੀ ਬਣਾਉਣ ਦੀ ਸੇਵਾ ਸ਼ੁਰੂ

## ਭਾਈ ਲੌਂਗੋਵਾਲ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਰੰਗ ਰੋਗਨ ਦੀ ਸੇਵਾ ਲੈਣ ਦੀ ਕੀਤੀ ਸ਼ਲਾਘਾ



ਸੁਲਤਾਨਪੁਰ ਲੋਧੀ, 5 ਸਤੰਬਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਨੂੰ ਵਾਈਟ ਸਿਟੀ ਬਣਾਉਣ ਲਈ ਪਹਿਲਕਦਮੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸੰਤ ਸਮਾਜ, ਕਾਰਸੇਵਾ ਵਾਲੇ ਮਹਾਂਪੁਰਖਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਇਸ ਕਾਰਜ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸ. ਪ੍ਰਕਾਸ਼ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ, ਸੰਤ ਸਮਾਜ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਸਮੇਤ ਵੱਡੀ ਗਿਣਤੀ ਵਿਚ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਤੇ ਮੈਂਬਰ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸੰਤ ਮਹਾਂਪੁਰਸ਼ ਮੌਜੂਦ ਸਨ। ਰੰਗ ਰੋਗਨ ਦਾ ਕਾਰਜ ਆਰੰਭ ਕਰਨ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਦੀਵਾਨ ਹਾਲ ਵਿਖੇ ਦੀਵਾਨ ਸਜਾਏ ਗਏ ਅਤੇ ਅਰਦਾਸ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦੇ ਸਰਪ੍ਰਸਤ ਅਤੇ ਸਾਬਕਾ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੇ ਕਿਹਾ ਕਿ ਪਹਿਲੇ ਪਾਤਸ਼ਾਹ ਵੱਲੋਂ ਵਰੋਸਾਈ ਨਗਰੀ ਸੁਲਤਾਨਪੁਰ ਲੋਧੀ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਦਾ ਕੇਂਦਰੀ ਅਸਥਾਨ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਮੂਹ ਜਥੇਬੰਦੀਆਂ ਤੇ ਸੰਤਾਂ ਮਹਾਂਪੁਰਖਾਂ ਦੇ ਸਹਿਯੋਗ ਨਾਲ ਇਸ ਦੀ ਸਾਫ਼ ਸਫ਼ਾਈ ਦੀ ਸੇਵਾ ਦਾ ਮੰਤਵ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਦਾ ਇਕ ਯਤਨ ਹੈ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਕਿਸੇ ਇਕ ਵਰਗ ਦੇ ਨਹੀਂ ਸਗੋਂ ਮਾਨਵਤਾ ਦੇ ਸਰਬਸਾਂਝੇ ਰਹਿਬਰ ਸਨ ਅਤੇ ਸਭ ਦਾ ਫ਼ਰਜ਼ ਬਣਦਾ ਹੈ ਕਿ ਉਨ੍ਹਾਂ ਦੇ ਇਤਿਹਾਸਕ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਵੱਧ ਚੜ੍ਹ ਕੇ ਸੇਵਾ ਵਿਚ ਹਿੱਸਾ ਪਾਈਏ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ 550 ਸਾਲ ਪਹਿਲਾਂ ਇਸ ਸੰਸਾਰ 'ਤੇ ਆ ਕੇ ਜੋ ਉਪਦੇਸ਼ ਮਾਨਵਤਾ ਨੂੰ ਦਿੱਤਾ ਉਸ ਦੀ ਅੱਜ ਵੀ ਬੇਹੱਦ ਸਾਰਥਿਕਤਾ ਹੈ ਅਤੇ ਸੰਸਾਰ ਅੰਦਰ ਸੁੱਖ ਸ਼ਾਂਤੀ ਅਤੇ ਤਰੱਕੀ ਲਈ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਦਾ ਪ੍ਰਚਾਰ ਪ੍ਰਸਾਰ ਵੱਧ ਤੋਂ ਵੱਧ ਹੋਣਾ ਚਾਹੀਦਾ ਹੈ। ਉਨ੍ਹਾਂ ਨੌਜੁਆਨ ਪੀੜ੍ਹੀ ਨੂੰ ਸੰਭਾਲਣ ਅਤੇ ਧਰਮ ਇਤਿਹਾਸ ਦੀ ਸਿੱਖਿਆ ਦੇਣ ਲਈ ਵੀ ਸਿੱਖ ਸੰਸਥਾਵਾਂ ਅਤੇ ਸੰਤ ਮਹਾਂਪੁਰਸ਼ਾਂ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ।

ਇਸ ਮੌਕੇ ਸ਼੍ਰੋਮਣੀ ਅਕਾਲੀ ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਨੂੰ ਵਾਈਟ ਸਿਟੀ ਬਣਾਉਣ ਦੀ ਸਮੁੱਚੀ ਸੇਵਾ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਰਵਾਈ ਜਾਵੇਗੀ ਅਤੇ ਇਸ ਵਿਚ ਸੰਤ ਮਹਾਂਪੁਰਸ਼ਾਂ, ਸ਼੍ਰੋਮਣੀ ਕਮੇਟੀ ਅਤੇ ਸੰਗਤਾਂ ਦਾ ਸਹਿਯੋਗ ਲਿਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਇਸ ਕਾਰਜ ਵਿਚ ਵੱਧ ਤੋਂ ਵੱਧ ਯੋਗਦਾਨ ਪਾਉਣ। ਇਸ ਦੇ ਨਾਲ ਹੀ ਉਨ੍ਹਾਂ ਪ੍ਰੇਰਣਾ ਕਰਦਿਆਂ ਕਿਹਾ ਕਿ ਵਿੱਤੀ ਸਹਿਯੋਗ ਦੇ ਨਾਲ-ਨਾਲ ਹਰ ਇਕ ਦਾ ਫ਼ਰਜ਼ ਬਣਦਾ ਹੈ ਕਿ ਉਹ ਰੰਗ ਰੋਗਨ ਦੀ ਹੱਥੀਂ ਸੇਵਾ ਕਰਨ ਲਈ ਵੀ ਅੱਗੇ ਆਉਣ। ਉਨ੍ਹਾਂ ਸਪੱਸ਼ਟ ਕੀਤਾ ਕਿ 550ਵੇਂ ਪ੍ਰਕਾਸ਼ ਪੁਰਬ ਦੇ ਸਮਾਗਮ ਸਮੁੱਚਾ ਪੰਥ ਇਕਜੁਟ ਹੋ ਕੇ ਮਨਾਵੇਗਾ ਅਤੇ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਸਮੂਹਿਕ ਯਤਨ ਕੀਤੇ ਜਾਣਗੇ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਵੱਡੀ ਇਤਿਹਾਸਕ ਮਹੱਤਤਾ ਹੈ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਇਸ ਨਗਰੀ ਤੋਂ ਮਾਨਵਤਾ ਨੂੰ ਏਕਤਾ ਦਾ ਸੰਦੇਸ਼ ਦਿੱਤਾ ਗਿਆ ਸੀ। ਇਸ ਨਗਰ ਵਿਚ ਹੀ ਸਾਰੇ ਅੰਤਰਰਾਸ਼ਟਰੀ ਪੱਧਰ ਦੇ ਗੁਰਮਤਿ ਸਮਾਗਮ ਹੋਣਗੇ, ਇਸ ਲਈ ਇਸ ਦੀ ਸਾਫ਼ ਸਫ਼ਾਈ ਅਤੇ ਹਰਿਆਵਲ ਲਈ ਸਭ ਨੂੰ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਸੁਲਤਾਨਪੁਰ ਲੋਧੀ ਵਾਈਟ ਸਿਟੀ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਲਈ ਗਈ ਸੇਵਾ ਦੀ ਸ਼ਲਾਘਾ ਕੀਤੀ। ਇਸ ਦੌਰਾਨ ਸੰਤ ਸਮਾਜ ਦੇ ਪ੍ਰਧਾਨ ਅਤੇ ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਤੇ ਸਾਬਕਾ ਮੰਤਰੀ ਬੀਬੀ ਉਪਿੰਦਰਜੀਤ ਕੌਰ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਸੇਵਾ ਸ਼੍ਰੋਮਣੀ ਕਮੇਟੀ ਮੈਂਬਰ ਸ. ਸਰਵਣ ਸਿੰਘ ਕੁਲਾਰ ਨੇ ਨਿਭਾਈ। ਇਸ ਦੌਰਾਨ ਸ. ਪ੍ਰਕਾਸ਼ ਸਿੰਘ ਬਾਦਲ, ਸ. ਸੁਖਬੀਰ ਸਿੰਘ ਬਾਦਲ, ਬੀਬੀ ਹਰਸਿਮਰਤ ਕੌਰ ਬਾਦਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਗੁਰੂ ਬਖ਼ਸ਼ਿਸ਼ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸੀਨੀਅਰ ਆਗੂ ਸ. ਬਲਵਿੰਦਰ ਸਿੰਘ ਭੂੰਦੜ, ਜਥੇਦਾਰ ਤੋਤਾ ਸਿੰਘ, ਸ. ਬਿਕਰਮ ਸਿੰਘ ਮਜੀਠੀਆ, ਸ. ਗੁਲਜ਼ਾਰ ਸਿੰਘ ਰਣੀਕੇ, ਸ. ਦਰਬਾਰਾ ਸਿੰਘ ਗੁਰੂ, ਸ. ਨਿਰਮਲ ਸਿੰਘ ਕਾਹਲੋਂ, ਬੀਬੀ ਉਪਿੰਦਰਜੀਤ ਕੌਰ, ਬਾਬਾ ਬੁੱਧ ਸਿੰਘ ਨਿੱਕੇਘੁੰਮਣ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਮੇਜਰ ਸਿੰਘ ਵਾਂ, ਬਾਬਾ ਸੋਹਣ ਸਿੰਘ, ਬਾਬਾ ਸੁਖਦੇਵ ਸਿੰਘ ਭੁੱਚੋਵਾਲੇ, ਬਾਬਾ ਪਰਮਜੀਤ ਸਿੰਘ ਟਿੱਬਾ ਸਾਹਿਬ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੁਰਭੇਜ ਸਿੰਘ ਖਜਾਲੇ ਵਾਲੇ, ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਹੀਰਾ ਸਿੰਘ ਗਾਬੜੀਆ, ਸ. ਚਰਨਜੀਤ ਸਿੰਘ ਅਟਵਾਲ, ਸ. ਵੀਰ ਸਿੰਘ ਲੋਪੋਕੇ, ਸ. ਬਲਬੀਰ ਸਿੰਘ ਘੁੰਨਸ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਗਜੀਤ ਸਿੰਘ ਤਲਵੰਡੀ, ਸ. ਖੁਸ਼ਵਿੰਦਰ ਸਿੰਘ ਭਾਟੀਆ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਰਾਮ ਸਿੰਘ, ਸ. ਜਗਮੀਤ ਸਿੰਘ ਬਰਾੜ, ਸ. ਪਰਮਿੰਦਰ ਸਿੰਘ ਢੀਂਡਸਾ, ਸ. ਦੀਦਾਰ ਸਿੰਘ ਭੱਟੀ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਗੁਰਮੀਤ ਸਿੰਘ ਬੂਹ, ਸ. ਕੁਲਵੰਤ ਸਿੰਘ ਮੰਨਣ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸਰਵਣ ਸਿੰਘ ਕੁਲਾਰ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਮੰਗਵਿੰਦਰ ਸਿੰਘ ਖਾਪੜਕੇੜੀ, ਸ. ਬਲਦੇਵ ਸਿੰਘ ਕਲਿਆਣ, ਸ. ਅਜਮੇਰ ਸਿੰਘ ਖੇੜਾ, ਸ. ਮਲਕੀਤ ਸਿੰਘ ਚੰਗਾਲ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਰਣਜੀਤ ਸਿੰਘ ਕਾਹਲੋਂ, ਸ੍ਰੀ ਐਨ. ਕੇ. ਸ਼ਰਮਾ, ਸ. ਜਨਮੇਜਾ ਸਿੰਘ ਸੇਖੋਂ, ਸ. ਗੁਰਪ੍ਰਤਾਪ ਸਿੰਘ ਵਡਾਲਾ, ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ. ਸਰਜਬੀਤ ਸਿੰਘ ਮੱਕੜ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਸ. ਜਰਨੈਲ ਸਿੰਘ ਵਾਹਦ, ਸ. ਮਲਕੀਤ ਸਿੰਘ ਏ.ਆਰ., ਸ. ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ, ਸ. ਰਤਨ ਸਿੰਘ ਜ਼ੱਫਰਵਾਲ, ਸ. ਪਰਮਵੀਰ ਸਿੰਘ ਲਾਡੀ, ਇੰਜੀ: ਸਵਰਨ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੈਨੇਜਰ ਸ. ਸਤਨਾਮ ਸਿੰਘ ਰਿਆੜ ਆਦਿ ਮੌਜੂਦ ਸਨ।

# ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਵਿਖੇ ਰਾਸ਼ਟਰੀ ਪੱਧਰ ਦੀ ਕਾਨਫਰੰਸ ਦਾ ਆਯੋਜਨ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੀ ਭਾਰਤ ਦੀ ਮੋਹਰੀ ਸੰਸਥਾ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਸ੍ਰੀ ਅੰਮ੍ਰਿਤਸਰ ਵਿਖੇ ਐਸੋਸੀਏਸ਼ਨ ਆਫ ਰੇਡੀਏਸ਼ਨ ਆਨਕੋਲੋਜਿਸਟ ਦੀ 25ਵੀਂ ਸਲਾਨਾ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਸ ਦੋ ਰੋਜ਼ਾ ਕਾਨਫਰੰਸ ਦੇ ਉਦਘਾਟਨੀ ਸਮਾਰੋਹ ਮੌਕੇ ਨੈਸ਼ਨਲ ਕੈਂਸਰ ਇੰਸਟੀਚਿਊਟ ਚੱਜਰ ਹਰਿਆਣਾ ਦੇ ਡਾਇਰੈਕਟਰ ਡਾ. ਜੀ. ਕੇ. ਰਾਥ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਮੁੱਖ ਮਹਿਮਾਨ ਡਾ. ਜੀ. ਕੇ. ਰਾਥ ਨੇ ਕਿਹਾ ਕਿ ਨਾਮੁਰਾਦ ਬਿਮਾਰੀ ਕੈਂਸਰ ਦੀ ਮਾਰ ਝੱਲ ਰਹੇ ਮਰੀਜ਼ਾਂ ਲਈ ਸ੍ਰੀ ਗੁਰੂ ਰਾਮਦਾਸ ਮੈਡੀਕਲ ਸੰਸਥਾ ਸ੍ਰੀ ਅੰਮ੍ਰਿਤਸਰ ਵੱਲੋਂ ਸ੍ਰੀ ਗੁਰੂ ਰਾਮਦਾਸ ਰੋਟਰੀ ਕੈਂਸਰ ਹਸਪਤਾਲ ਬੇਹਤਰ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸੰਸਥਾ ਵੱਲੋਂ ਆਧੁਨਿਕ ਵਿਧੀਆਂ ਜਿਨ੍ਹਾਂ ਵਿਚ ਅਰਿਪਲ ਐਨਰਜੀ ਲੀਨੀਅਰ ਐਕਸਿਲੇਟਰ, ਸੀ. ਟੀ. ਸਿਮੂਲੇਟਰ, ਆਈ. ਐਮ. ਆਰ. ਟੀ., ਬਰੇਕੀਥਰੇਪੀ ਤੇ ਆਈ. ਜੀ. ਆਰ. ਟੀ. ਆਦਿ ਸ਼ਾਮਲ ਹਨ, ਦੀ ਵਿਵਸਥਾ ਕਰਨੀ ਖਿੱਤੇ ਲਈ ਆਸ ਦੀ ਕਿਰਨ ਹੈ। ਇਨ੍ਹਾਂ ਅਤਿ ਅਧੁਨਿਕ ਵਿਧੀਆਂ ਨਾਲ ਪੰਜਾਬ ਅੰਦਰ ਕੈਂਸਰ ਨਾਲ ਦਰਦ ਝੱਲ ਰਹੇ ਮਰੀਜ਼ਾਂ ਦਾ ਇਲਾਜ਼ ਬਿਨਾ ਤਕਲੀਫ਼ ਸੰਭਵ ਹੋਇਆ ਹੈ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਜੋ ਇਸ ਮੈਡੀਕਲ ਸੰਸਥਾ ਦੇ ਵੀ ਸਕੱਤਰ ਹਨ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਹਸਪਤਾਲ, ਮੈਡੀਕਲ ਕਾਲਜ ਅਤੇ ਯੂਨੀਵਰਸਿਟੀ ਦਾ ਮਨੋਰਥ ਸਿਹਤ ਸਿੱਖਿਆ ਅਤੇ ਇਲਾਜ਼ ਦੇ ਖੇਤਰ ਵਿਚ ਚੰਗੀਆਂ ਸੇਵਾਵਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਕੈਂਸਰ ਹਸਪਤਾਲ ਵਿਖੇ ਮਰੀਜ਼ਾਂ ਨੂੰ ਮਿਲ ਰਹੀਆਂ ਅਤਿ-ਅਧੁਨਿਕ ਸਹੂਲਤਾਂ ਸਦਕਾ ਅੱਜ ਇਥੇ ਵੱਡੀ ਗਿਣਤੀ ਵਿਚ ਮਰੀਜ਼ ਆ ਰਹੇ ਹਨ, ਜਿਨ੍ਹਾਂ ਨੂੰ ਢੁੱਕਵੀਆਂ ਸੇਵਾਵਾਂ ਦੇਣ ਦਾ ਸੰਸਥਾ ਵੱਲੋਂ ਫ਼ਰਜ਼ ਨਿਭਾਇਆ ਜਾ ਰਿਹਾ ਹੈ। ਉਨ੍ਹਾਂ ਇਥੇ ਪੁੱਜਣ ਵਾਲੇ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਲੋੜ ਪੈਣ 'ਤੇ ਰਿਹਾਇਸ਼ ਦੀ ਆ ਰਹੀ ਸਮੱਸਿਆ ਸਬੰਧੀ ਕਿਹਾ ਕਿ ਭਵਿੱਖ ਵਿਚ ਹਸਪਤਾਲ ਨੇੜੇ ਸਰਾਂ ਬਣਾਉਣ 'ਤੇ ਵਿਚਾਰ ਕੀਤਾ ਜਾਵੇਗਾ। ਇਸ ਮੌਕੇ ਮੈਕਸ ਹਸਪਤਾਲ ਬਠਿੰਡਾ ਤੋਂ ਡਾ. ਰਾਜੇਸ਼ ਵਸ਼ਿਸ਼ਟ, ਪੀ. ਜੀ. ਆਈ ਰੋਹਤਕ ਤੋਂ ਡਾ. ਵਿਵੇਕ ਕੋਸ਼ਲ, ਪੰਡਤ ਬੀ. ਡੀ. ਸ਼ਰਮਾ, ਪੀ.ਜੀ.ਆਈ. ਚੰਡੀਗੜ੍ਹ ਤੋਂ ਡਾ. ਸੁਸ਼ਮਿਤਾ ਗੋਸ਼ਲ ਤੇ ਡਾ. ਰਜੇਸ਼ ਕਪੂਰ, ਏ. ਆਈ. ਆਈ. ਐਮ. ਐਸ. ਰਿਸ਼ੀਕੇਸ਼ ਤੋਂ ਡਾ. ਮਨੋਜ਼ ਗੁਪਤਾ, ਡਾ. ਦੀਪਕ ਅਬਰੋਲ, ਡਾ. ਜੀ. ਵੀ. ਗਿਰੀ, ਡਾ. ਪੂਜਾ ਨੰਦਵਾਲੀ ਪਟੇਲ, ਡਾ. ਸੰਤਨੁਪਾਲ ਆਦਿ ਨੇ ਕੈਂਸਰ ਦੇ ਵੱਖ-ਵੱਖ ਪੱਖਾਂ ਅਤੇ ਬਚਾਅ ਇਲਾਜ਼ ਸਬੰਧੀ ਵਿਚਾਰ ਪੇਸ਼ ਕੀਤੇ। ਇਸ ਮੌਕੇ ਉੱਤਰ ਭਾਰਤ ਤੋਂ 200 ਤੋਂ ਵੱਧ ਡਾਕਟਰਾਂ ਨੇ ਹਿੱਸਾ ਲਿਆ। ਇਸ ਮੌਕੇ ਡਾ. ਏ.ਪੀ. ਸਿੰਘ, ਸ. ਹਰਦਾਸ ਸਿੰਘ ਸੰਧੂ, ਡਾ. ਮਨਜੀਤ ਸਿੰਘ ਉੱਪਲ, ਡਾ. ਮੀਨਾ ਸੂਦਨ, ਡਾ. ਨੀਰਜ ਜੈਨ ਸਮੇਤ ਹੋਰ ਮੌਜੂਦ ਸਨ।

# ਗੁਰਦੁਆਰਾ ਸ੍ਰੀ ਅੱਚਲ ਸਾਹਿਬ ਵਿਖੇ 116 ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ



ਅੱਚਲ ਸਾਹਿਬ- ਪਹਿਲੇ ਪਾਤਸ਼ਾਹ ਜਗਤ ਗੁਰੂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਦਿਸ਼ਾ ਨਿਰਦੇਸ਼ ਅਤੇ ਧਰਮ ਪ੍ਰਚਾਰ ਕਮੇਟੀ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਿਸ਼ੇਸ ਸਹਿਯੋਗ ਨਾਲ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਵੱਖ-ਵੱਖ ਪਿੰਡਾਂ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਨ ਉਪਰੰਤ ਵਿਸ਼ੇਸ ਅੰਮ੍ਰਿਤ ਸੰਚਾਰ ਸਮਾਗਮ ਗੁਰਦੁਆਰਾ ਸ੍ਰੀ ਅੱਚਲ ਸਾਹਿਬ (ਬਟਾਲਾ) ਵਿਖੇ ਕਰਵਾਇਆ ਗਿਆ।

ਇਸ ਮੌਕੇ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਸ਼ੇਸ ਤੌਰ ਤੇ ਪਹੁੰਚੇ ਪੰਜ ਪਿਆਰੇ ਸਹਿਬਾਨ ਨੇ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕਰਕੇ 116 ਪ੍ਰਾਣੀਆਂ ਨੂੰ ਅੰਮ੍ਰਿਤ ਛਕਾਇਆ। ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਨੇ ਅੰਮ੍ਰਿਤ ਅਭਿਲਾਖੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਤੁਸੀਂ ਭਾਗਾਂ ਵਾਲੇ ਹੋ ਜਿਨ੍ਹਾਂ ਨੂੰ ਸਤਿਗੁਰਾਂ ਦੀ ਰਹਿਮਤ ਨਾਲ ਅੱਜ ਅੰਮ੍ਰਿਤ ਦੀ ਦਾਤ ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਅਸੀਂ ਆਪਣੇ ਬੱਚਿਆਂ ਨੂੰ ਵੀ ਗੁਰਸਿੱਖੀ ਜੀਵਨ ਨਾਲ ਜੋੜੀਏ। ਉਨ੍ਹਾਂ ਸਮਾਗਮ ਨੂੰ ਸਫਲ ਕਰਨ ਲਈ ਸਮੂੰਹ ਪ੍ਰਚਾਰਕ ਸਾਹਿਬਾਨ, ਕਵੀਸ਼ਰ ਜਥੇ ਅਤੇ ਵਿਸ਼ੇਸ਼ ਤੌਰ ਤੇ ਵੱਖ ਵੱਖ ਪਿੰਡਾਂ, ਸ਼ਹਿਰਾਂ ਦੇ ਗ੍ਰੰਥੀ ਸਿੰਘਾਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੱਲੋਂ ਦਿੱਤੇ ਗਏ ਵਿਸ਼ੇਸ ਸਹਿਯੋਗ ਲਈ ਧੰਨਵਾਦ ਕੀਤਾ। ਅੰਮ੍ਰਿਤ ਅਭਿਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ, ਸ. ਬਲਜੀਤ ਸਿੰਘ ਤਲਵੰਡੀ ਰਾਮਾ ਮੈਨੇਜਰ ਗੁਰਦੁਆਰਾ ਸ੍ਰੀ ਅੱਚਲ ਸਾਹਿਬ, ਸ. ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਸ. ਸੁਖਬੀਰ ਸਿੰਘ ਮੈਨੇਜਰ ਗੁਰਦੁਆਰਾ ਸਤਿਕਰਤਾਰੀਆਂ ਪੰਜ ਪਿਆਰੇ ਸਹਿਬਾਨ, ਪ੍ਰਚਾਰਕ ਸਾਹਿਬਾਨ, ਕਵੀਸ਼ਰ ਜਥੇ ਅਤੇ ਗ੍ਰੰਥੀ ਸਹਿਬਾਨ ਨੂੰ ਗੁਰੂ ਘਰ ਵੱਲੋਂ ਸਿਰਪਾਉ ਦੇ ਕੇ ਸਨਮਾਨਿਤ ਕੀਤਾ।

ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤੀਸਰਾ ਰਾਸ਼ਟਰੀ ਸੈਮੀਨਾਰ ਆਯੋਜਿਤ

## ਪ੍ਰੋ. ਬਡੂੰਗਰ, ਸ. ਵਿਰਕ, ਭਾਈ ਗਰੇਵਾਲ ਸਮੇਤ ਵਿਦਵਾਨਾਂ ਨੇ ਕੀਤਾ ਸੰਬੋਧਨ



ਅੰਮ੍ਰਿਤਸਰ, 4 ਸਤੰਬਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਸੈਮੀਨਾਰਾਂ ਦੀ ਲੜੀ ਦਾ ਤੀਸਰਾ ਸੈਮੀਨਾਰ ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ (ਹਰਿਆਣਾ) ਵਿਖੇ ਆਯੋਜਿਤ ਕੀਤਾ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਹੋਏ ਇਸ ਸੈਮੀਨਾਰ ਦੌਰਾਨ ਜਿਥੇ ਉੱਘੇ ਵਿਦਵਾਨਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੇ ਫ਼ਲਸਫ਼ੇ ਸਬੰਧੀ ਖੋਜ ਭਰਪੂਰ ਪਰਚੇ ਪੜ੍ਹੇ, ਉਥੇ ਹੀ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਨੇ ਵੀ ਸੰਬੋਧਨ ਕੀਤਾ।

ਪ੍ਰੋ. ਬਡੂੰਗਰ ਨੇ ਆਪਣੇ ਸੰਬੋਧਨ ਦੌਰਾਨ ਆਖਿਆ ਕਿ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਮਨੁੱਖੀ ਕਦਰਾਂ ਕੀਮਤਾਂ ਨਾਲ ਜੋੜਨ ਦਾ ਸੋਮਾ ਹੈ, ਜਿਸ ਨੂੰ ਪ੍ਰਚਾਰਨਾ ਵਰਤਮਾਨ ਸਮੇਂ ਦੀ ਵੱਡੀ ਲੋੜ ਹੈ। ਗੁਰਬਾਣੀ ਦੀ ਵਿਚਾਰਧਾਰਾ ਮਨੁੱਖ ਦੀਆਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਦੱਸਦੀ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨ ਨਾਲ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸੈਮੀਨਾਰਾਂ ਦਾ ਮਨੋਰਥ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਅਕਾਦਮਿਕ ਪੱਧਰ 'ਤੇ ਖੋਜਣਾ ਅਤੇ ਪ੍ਰਚਾਰਨਾ ਹੈ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ ਤੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੈਮੀਨਾਰਾਂ ਦਾ ਸਿਲਸਿਲਾ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀ ਵਿਚਾਰਧਾਰਾ ਨਾਲ ਜੋੜਨ ਦਾ ਯਤਨ ਹੈ, ਜਿਸ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵਿਸ਼ਾਵਾਰ ਪੜ੍ਹਾਈ ਦੇ ਨਾਲ-ਨਾਲ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਵੀ ਅਧਿਐਨ ਦਾ ਹਿੱਸਾ ਬਣਾਉਣ ਅਤੇ ਧਰਮ ਪ੍ਰਚਾਰ ਕਾਰਜਾਂ ਲਈ ਵੀ ਯੋਗਦਾਨ ਪਾਉਣ। ਸੈਮੀਨਾਰ ਦੌਰਾਨ ਪਰਚੇ ਪੜ੍ਹਨ ਵਾਲਿਆਂ ਵਿਚ ਡਾ. ਪਰਮਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਤੇਜਿੰਦਰ ਕੌਰ ਧਾਲੀਵਾਲ ਡਾਇਰੈਕਟਰ ਐਜੂਕੇਸ਼ਨ ਸ਼੍ਰੋਮਣੀ ਕਮੇਟੀ, ਡਾ. ਰਜੇਸ਼ ਗਿੱਲ ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ, ਪ੍ਰੋ. ਪੈਮਲਪ੍ਰੀਤ ਕੌਰ ਮਾਤਾ ਸੁੰਦਰੀ ਖ਼ਾਲਸਾ ਗਰਲਜ਼ ਕਾਲਜ ਨੀਸਿੰਗ ਅਤੇ ਪ੍ਰੋ. ਕੰਵਲਜੀਤ ਕੌਰ ਸ਼ਾਮਲ ਸਨ। ਇਸ ਤੋਂ ਇਲਾਵਾ ਆਰੰਭਤਾ ਸਮੇਂ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੇ ਸ਼ਬਦ ਤੇ ਵਾਰ ਗਾਇਨ ਅਤੇ ਭਾਸ਼ਣ ਦੁਆਰਾ ਹਾਜ਼ਰੀ ਭਰੀ। ਇਸ ਮੌਕੇ ਕਾਲਜ ਪ੍ਰਬੰਧਕਾਂ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ. ਬਲਦੇਵ ਸਿੰਘ ਕਾਇਮਪੁਰ, ਸ. ਗੁਰਮੀਤ ਸਿੰਘ ਬੂਹ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਸੁਖਦੇਵ ਸਿੰਘ ਗੋਬਿੰਦਗੜ੍ਹ, ਸ. ਗੁਰਜੀਤ ਸਿੰਘ ਭਾਨੋਖੇੜੀ, ਡਾ. ਤੇਜਿੰਦਰ ਕੌਰ ਧਾਲੀਵਾਲ ਡਾਇਰੈਕਟਰ ਐਜੂਕੇਸ਼ਨ, ਡਾ. ਗੁਰਤੇਜ ਸਿੰਘ, ਸ. ਮੰਗਪ੍ਰੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਹਰਿਆਣਾ, ਡਾ. ਬੀਰਬਿਕਰਮ ਸਿੰਘ, ਪ੍ਰਿੰਸੀਪਲ ਡਾ. ਸੁਖਦੇਵ ਸਿੰਘ, ਪ੍ਰਿੰਸੀਪਲ ਸਤਵੰਤ ਕੌਰ, ਪ੍ਰਿੰਸੀਪਲ ਅਮਰਜੀਤ ਕੌਰ, ਪ੍ਰਿੰ. ਨਰਿੰਦਰ ਕੌਰ, ਸ. ਸੁਖਦੇਵ ਸਿੰਘ ਇੰਚਾਰਜ, ਸ. ਸੰਤ ਸਿੰਘ ਕੰਧਾਰ, ਸ. ਬਲਜਿੰਦਰ ਸਿੰਘ, ਸ. ਜਤਿੰਦਰਪਾਲ ਸਿੰਘ, ਸ. ਸੁਖਦੇਵ ਸਿੰਘ ਮੈਨੇਜਰ ਗੁਰਦੁਆਰਾ ਪੰਜੋਖਰਾ ਸਾਹਿਬ ਤੋਂ ਇਲਾਵਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖ਼ਾਲਸਾ ਕਾਲਜ ਪੰਜੋਖਰਾ ਸਾਹਿਬ, ਮਾਤਾ ਸੁੰਦਰੀ ਖ਼ਾਲਸਾ ਕਾਲਜ ਨੀਸਿੰਗ, ਗੁਰੂ ਤੇਗ ਬਹਾਦਰ ਪਬਲਿਕ ਸਕੂਲ ਕੈਂਥਲ, ਦਸਮੇਸ਼ ਸੀਨੀ: ਸੈਕੰ: ਸਕੂਲ ਕਪਾਲਮੋਚਨ ਆਦਿ ਦੇ ਵੱਡੀ ਗਿਣਤੀ ਵਿਦਿਆਰਥੀਆਂ ਅਤੇ ਸਟਾਫ਼ ਨੇ ਹਾਜ਼ਰੀ ਭਰੀ।

# ਵਿਦਿਆਰਥੀਆਂ ਨੂੰ ਧਾਰਮਿਕ ਸਿੱਖਿਆ ਨਾਲ ਜੋੜਨ ਲਈ ਸਕੂਲ ਪ੍ਰਬੰਧਕ ਵੱਧ ਤੋਂ ਵੱਧ ਉਪਰਾਲੇ ਕਰਨ- ਭਾਈ ਲੌਂਗੋਵਾਲ

## ਧਾਰਮਿਕ ਪ੍ਰੀਖਿਆ ਲਈ ਦਾਖ਼ਲੇ ਸ਼ੁਰੂ, ਅੱਵਲ ਰਹਿਣ ਵਾਲਿਆਂ ਨੂੰ ਦਿੱਤੀ ਜਾਵੇਗੀ ਇਨਾਮੀ ਰਾਸ਼ੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਕੂਲਾਂ/ਕਾਲਜਾਂ ਦੇ ਪ੍ਰਬੰਧਕਾਂ ਤੇ ਮੁਖੀਆਂ ਨੂੰ ਕਿਹਾ ਹੈ ਕਿ ਉਹ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ, ਕਦਰਾਂ-ਕੀਮਤਾਂ ਤੇ ਨੈਤਿਕ ਸਿੱਖਿਆ ਨਾਲ ਜੋੜਨ ਲਈ ਵੱਧ ਤੋਂ ਵੱਧ ਉਪਰਾਲੇ ਕਰਨ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਵੱਲੋਂ ਵਿਦਿਆਰਥੀਆਂ ਨੂੰ ਧਾਰਮਿਕ ਸਿੱਖਿਆ ਦੇਣ ਲਈ ਦੇਸ਼ ਦੇ ਵਿਦਿਅਕ ਅਦਾਰਿਆਂ ਵਿਚ ਵਿਦਿਆਰਥੀਆਂ ਦੀ ਸਲਾਨਾ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ, ਜਿਸ ਪ੍ਰਤੀ ਅਧਿਆਪਕ ਤੇ ਵਿਦਿਅਕ ਅਦਾਰਿਆਂ ਦੇ ਸੰਚਾਲਕ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ। ਭਾਈ ਲੌਂਗੋਵਾਲ ਨੇ ਸੰਗਤ ਨੂੰ ਵੀ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸ ਤੇ ਗੁਰਬਾਣੀ ਨਾਲ ਜੋੜਨ ਲਈ ਇਸ ਧਾਰਮਿਕ ਪ੍ਰੀਖਿਆ ਦਾ ਹਿੱਸਾ ਬਣਾਉਣ।

ਇਸੇ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਧਾਰਮਿਕ ਪ੍ਰੀਖਿਆ ਦੇ ਇਸ ਸਾਲ ਲਈ ਦਾਖਲੇ ਸ਼ੁਰੂ ਕਰ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਧਾਰਮਿਕ ਪ੍ਰੀਖਿਆ ਚਾਰ ਵੱਖ-ਵੱਖ ਦਰਜਿਆਂ ਵਿਚ ਲਈ ਜਾਂਦੀ ਹੈ, ਜਿਸ ਵਿਚ ਛੇਵੀਂ ਜਮਾਤ ਤੋਂ ਲੈ ਕੇ ਪੋਸਟ ਗ੍ਰੈਜੂਏਸ਼ਨ ਤੱਕ ਦੇ ਰੈਗੂਲਰ ਵਿਦਿਆਰਥੀਆਂ ਭਾਗ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਦਰਜ਼ਾਵਾਰ ਦਾਖ਼ਲਾ ਫੀਸ 5, 10, 15 ਅਤੇ 20 ਰੁਪਏ ਹੈ। ਧਾਰਮਿਕ ਪ੍ਰੀਖਿਆ ਦੇ ਸਿਲੇਬਸ ਨਾਲ ਸਬੰਧਤ ਪੁਸਤਕਾਂ ਵਿਦਿਆਰਥੀਆਂ ਨੂੰ ਅੱਧੀ ਕੀਮਤ 'ਤੇ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਦਾਖ਼ਲਾ ਫਾਰਮ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਦਫ਼ਤਰ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੀ ਵੈੱਬਸਾਈਟ www.sgpc.net 'ਤੇ ਵੀ ਦਾਖ਼ਲਾ ਫ਼ਾਰਮ ਵੀ ਵਿਵਸਥਾ ਕੀਤੀ ਗਈ ਹੈ। ਧਾਰਮਿਕ ਪ੍ਰੀਖਿਆ ਦੇ ਵਜੀਫਿਆਂ ਸਬੰਧੀ ਉਨ੍ਹਾਂ ਦੱਸਿਆ ਕਿ 70ਫੀਸਦੀ ਅਤੇ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪਹਿਲੇ ਤੋਂ ਚੌਥੇ ਦਰਜ਼ੇ ਤੱਕ ਕ੍ਰਮਵਾਰ 1100, 2100, 3100 ਅਤੇ 4100 ਰੁਪਏ ਦਿੱਤੇ ਜਾਂਦੇ ਹਨ। ਇਸ ਤੋਂ ਇਲਾਵਾ ਚਾਰਾ ਦਰਜ਼ਿਆਂ ਵਿੱਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ 5100, 4100 ਅਤੇ 3100 ਰੁਪਏ ਦਿੱਤੇ ਜਾਣਗੇ। 80ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ 'ਤੇ 2100 ਰੁਪਏ ਦੇ ਵਿਸ਼ੇਸ਼ ਇਨਾਮ ਵੀ ਵੰਡੇ ਜਾਣਗੇ। ਧਾਰਮਿਕ ਪ੍ਰੀਖਿਆ 'ਚ 33 ਫੀਸਦੀ ਨੰਬਰ ਪ੍ਰਾਪਤ ਕਰਨ ਵਾਲਿਆਂ ਨੂੰ ਪਾਸ ਐਲਾਨਦਿਆਂ ਸਰਟੀਫਿਕੇਟ ਦਿੱਤੇ ਜਾਂਦੇ ਹਨ ਅਤੇ 60 ਤੋਂ 70 ਫੀਸਦੀ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਨਾਲ ਸਨਮਾਨਿਤ ਕੀਤਾ ਜਾਂਦਾ ਹੈ।

# ਕੈਂਟਰਬਰੀ ਦੇ ਮੁਖੀ ਜਸਟਿਨ ਪੋਰਟਲ ਵੈਲਬੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ- ਕੈਂਟਰਬਰੀ ਦੇ ਮੁਖੀ (ਆਰਚ ਬਿਸ਼ਪ) ਜਸਟਿਨ ਪੋਰਟਲ ਵੈਲਬੀ ਆਪਣੀ ਪਤਨੀ ਕੈਲੋਰੀਨ ਵੈਲਬੀ, ਗੁਰੂ ਨਾਨਕ ਨਿਕਸ਼ਾਮ ਸੇਵਾ ਜਥਾ ਬਰਮਿੰਘਮ ਦੇ ਮੁਖੀ ਭਾਈ ਮਹਿੰਦਰ ਸਿੰਘ ਅਤੇ ਹੋਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ। ਇਸੇ ਦੌਰਾਨ ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ ਵੀ ਕੀਤੀ। ਜਸਟਿਨ ਪੋਰਟਲ ਵੈਲਬੀ ਨੂੰ ਸ੍ਰੀ ਦਰਬਾਰ ਸਾਹਿਬ ਆਉਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਸਾਂਝੇ ਤੌਰ 'ਤੇ ਗੁਰੂ ਬਖ਼ਸ਼ਿਸ਼ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਕੈਂਟਰਬਰੀ ਦੇ ਮੁਖੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਰੱਬ ਦਾ ਘਰ ਹੈ, ਇਥੇ ਕਿਸੇ ਤਰ੍ਹਾਂ ਦਾ ਭੇਦਭਾਵ ਨਹੀਂ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੇ ਮਾਣ ਸਨਮਾਨ ਲਈ ਧੰਨਵਾਦ ਦੇ ਸ਼ਬਦ ਵੀ ਕਹੇ। ਇਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਵਿਸ਼ਵ ਭਰ ਅੰਦਰ ਮਨੁੱਖੀ ਸਮੱਸਿਆਵਾਂ ਦੇ ਹੱਲ ਲਈ ਧਾਰਮਿਕ ਆਗੂ ਵੱਡੀ ਭੂਮਿਕਾ ਅਦਾ ਕਰ ਸਕਦੇ ਹਨ ਅਤੇ ਇਸ ਸਬੰਧੀ ਜਸਟਿਨ ਪੋਰਟਲ ਵੈਲਬੀ ਨਾਲ ਵਿਚਾਰਾਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਅੱਜ ਦੁਨੀਆਂ ਅੰਦਰ ਸਿੱਖ ਵੱਸਦੇ ਹਨ, ਜੋ ਹਮੇਸ਼ਾ ਵਿਸ਼ਵ ਸ਼ਾਂਤੀ, ਆਪਸੀ ਸਦਭਾਵਨਾ ਅਤੇ ਪਿਆਰ ਦੇ ਮੁਦੱਈ ਰਹੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਸਟਿਨ ਵੈਲਬੀ ਨਾਲ ਧਰਮ ਦੇ ਅਧਾਰ 'ਤੇ ਹੁੰਦੇ ਵਿਤਕਰੇ ਸਬੰਧੀ ਵੀ ਚਰਚਾ ਕੀਤੀ ਹੈ। ਉਨ੍ਹਾਂ ਆਖਿਆ ਕਿ ਵਿਸ਼ਵ ਭਰ ਵਿਚ ਸੁੱਖ ਸ਼ਾਂਤੀ ਦੇ ਮੰਤਵ ਨਾਲ ਸਮੁੱਚੇ ਧਾਰਮਿਕ ਆਗੂਆਂ ਦੀਆਂ ਇਕੱਤਰਤਾਵਾਂ ਹੁੰਦੀਆਂ ਰਹਿਣੀਆਂ ਚਾਹੀਦੀਆਂ ਹਨ।

# ਭਾਰਤ ਸਰਕਾਰ ਵੱਲੋਂ 312 ਸਿੱਖਾਂ ਦੇ ਨਾਂ ਕਾਲੀ ਸੂਚੀ 'ਚੋਂ ਹਟਾਉਣ ਦਾ ਭਾਈ ਲੌਂਗੋਵਾਲ ਵੱਲੋਂ ਸਵਾਗਤ

ਅੰਮ੍ਰਿਤਸਰ - ਭਾਰਤ ਸਰਕਾਰ ਵੱਲੋਂ 312 ਸਿੱਖਾਂ ਦੇ ਨਾਂ ਕਾਲੀ ਸੂਚੀ ਵਿੱਚੋਂ ਹਟਾਉਣ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਵਾਗਤ ਕੀਤਾ ਹੈ। ਉਨ੍ਹਾਂ ਆਖਿਆ ਕਿ ਇਹ ਭਾਰਤ ਦੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦਾ ਸ਼ਲਾਘਾਯੋਗ ਫੈਸਲਾ ਹੈ, ਜਿਸ ਨਾਲ ਸਮੁੱਚੇ ਸਿੱਖ ਭਾਈਚਾਰੇ ਅੰਦਰ ਖ਼ੁਸ਼ੀ ਦੀ ਲਹਿਰ ਹੈ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਇਕ ਪ੍ਰੈੱਸ ਬਿਆਨ ਵਿਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਇਹ ਮੰਗ ਕੀਤੀ ਜਾ ਰਹੀ ਸੀ ਅਤੇ ਕੇਂਦਰ ਸਰਕਾਰ ਦੇ ਫੈਸਲੇ ਨਾਲ ਪ੍ਰਭਾਵਤ ਸਿੱਖਾਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਵਿਦੇਸ਼ਾਂ ਵਿਚ ਲੰਮੇ ਸਮੇਂ ਤੋਂ ਰਹਿ ਰਹੇ ਸਿੱਖਾਂ ਨੂੰ ਆਪਣੇ ਦੇਸ਼ ਆਉਣ ਦਾ ਰਾਹ ਪੱਧਰਾ ਹੋ ਗਿਆ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਕਾਲੀ ਸੂਚੀ ਵਿਚ ਸ਼ਾਮਲ ਸਿੱਖ ਆਪਣੇ ਪਰਿਵਾਰਾਂ ਨੂੰ ਮਿਲਣ ਤੋਂ ਵੀ ਵਾਂਝੇ ਰਹਿ ਰਹੇ ਸਨ। ਹੁਣ ਉਹ ਆਪਣੇ ਪਰਿਵਾਰਾਂ ਨੂੰ ਮਿਲ ਸਕਣਗੇ ਅਤੇ ਸਭ ਤੋਂ ਵੱਡੀ ਗੱਲ ਕਿ ਆਪਣੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰ ਸਕਣਗੇ। ਉਨ੍ਹਾਂ ਇਸ ਅਹਿਮ ਫੈਸਲੇ ਲਈ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਧੰਨਵਾਦ ਕੀਤਾ।

# ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਿਆਂ ਵਿਰੁੱਧ ਕਾਰਵਾਈ ਹੋਵੇ- ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਨੇ ਸਾਈਬਰ ਕਰਾਈਮ ਵਿਭਾਗ ਨੂੰ ਲਿਖਿਆ ਪੱਤਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਿੱਖ ਧਰਮ ਦੀਆਂ ਰਵਾਇਤਾਂ ਨੂੰ ਸੱਟ ਮਾਰਨ ਦੇ ਚਲਨ ਦਾ ਸਖ਼ਤ ਨੋਟਿਸ ਲਿਆ ਹੈ। ਹਾਲ ਹੀ ਵਿਚ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇਕ ਵੀਡੀਓ ਜਿਸ ਵਿਚ ਸਿੱਖ ਰਵਾਇਤਾਂ ਦੀ ਤੌਹੀਨ ਕੀਤੀ ਗਈ ਹੈ, ਸਬੰਧੀ ਭਾਈ ਲੌਂਗੋਵਾਲ ਨੇ ਸਰਕਾਰ ਪਾਸੋਂ ਸਖ਼ਤ ਕਾਰਵਾਈ ਮੰਗੀ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਵੱਲੋਂ ਇਸ ਸਬੰਧੀ ਕਾਰਵਾਈ ਲਈ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਅਤੇ ਸਾਈਬਰ ਕਰਾਈਮ ਸੈੱਲ ਦੇ ਆਈ.ਜੀ. ਨੂੰ ਪੱਤਰ ਵੀ ਲਿਖਿਆ ਹੈ। ਦੱਸਣਯੋਗ ਹੈ ਕਿ ਸੋਸ਼ਲ ਮੀਡੀਆ 'ਤੇ ਫੈਲੀ ਵੀਡੀਓ ਅੰਦਰ ਗੁਰਦੁਆਰਾ ਸਾਹਿਬ ਜਿਹਾ ਮਾਹੌਲ ਸਿਰਜ ਕੇ ਸਿੱਖ ਪ੍ਰੰਪਰਾਵਾਂ ਤੇ ਮਰਯਾਦਾ ਨੂੰ ਚੁਣੌਤੀ ਦਿੱਤੀ ਗਈ ਹੈ। ਵੀਡੀਓ ਅੰਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਲੱਗੀ ਵੀ ਨਜ਼ਰ ਆਉਂਦੀ ਅਤੇ ਸਿੱਖ ਸ਼ਹੀਦਾਂ ਦੇ ਚਿੱਤਰ ਵੀ ਹਨ। ੴ 'ਤੇ ਖੰਡੇ ਵੀ ਨਜ਼ਰ ਆ ਰਹੇ ਹਨ। ਮੂਰਤੀਆਂ ਦੁਆਰਾ ਸਿੰਘ ਪ੍ਰੰਪਰਾਵਾਂ ਨੂੰ ਚੁਣੌਤੀ ਦਿੱਤੀ ਗਈ ਹੈ। ਇਸ ਵੀਡੀਓ ਅੰਦਰ ਰਾਗੀ ਸਿੰਘਾਂ ਦੇ ਕੀਰਤਨ ਕਰਨ ਵਾਂਗ ਨਕਲ ਵੀ ਕੀਤੀ ਗਈ ਹੈ।

ਭਾਈ ਲੌਂਗੋਵਾਲ ਨੇ ਕਿਹਾ ਕਿ ਇਹ ਸਿੱਖ ਕੌਮ ਨੂੰ ਚਿੜਾਉਣ ਦਾ ਕੋਝਾ ਯਤਨ ਹੈ, ਜਿਸ ਦੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਨਿੱਤ ਦਿਨ ਸਿੱਖ ਧਰਮ ਵਿਰੁੱਧ ਸੋਸ਼ਲ ਮੀਡੀਆ 'ਤੇ ਅਜਿਹੀਆਂ ਪੋਸਟਾਂ ਸਾਹਮਣੇ ਆ ਰਹੀਆਂ ਹਨ, ਪਰੰਤੂ ਸਰਕਾਰ ਦੇ ਸਾਈਬਰ ਕਰਾਈਮ ਵਿਭਾਗ ਦੀ ਕਾਰਗੁਜ਼ਾਰੀ ਨਾ-ਮਾਤਰ ਹੈ।

ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਮਾਮਲਿਆਂ 'ਤੇ ਸਖ਼ਤੀ ਵਰਤਣ ਲਈ ਸਮੇਂ-ਸਮੇਂ ਸਾਈਬਰ ਕਰਾਈਮ ਵਿਭਾਗ ਨੂੰ ਲਿਖ ਚੁੱਕੀ ਹੈ, ਪਰੰਤੂ ਕੋਈ ਕਾਰਵਾਈ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਹਰ ਧਰਮ ਦਾ ਸਤਿਕਾਰ ਬਹਾਲ ਰੱਖਣ ਲਈ ਸਰਕਾਰਾਂ ਨੂੰ ਸ਼ਰਾਰਤੀ ਅਨਸਰਾਂ 'ਤੇ ਨਿਗ੍ਹਾ ਰੱਖਣੀ ਚਾਹੀਦੀ ਹੈ ਅਤੇ ਅਜਿਹੀ ਮਾਮਲਿਆਂ ਵਿਚ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕਰਨਾ ਚਾਹੀਦਾ ਹੈ।

# ਜਗਨਨਾਥ ਪੁਰੀ ਵਿਖੇ ਪਹਿਲੇ ਪਾਤਸ਼ਾਹ ਦੇ ਅਸਥਾਨ ਬਿਲਕੁਲ ਸੁਰੱਖਿਅਤ-ਭਾਈ ਲੌਂਗੋਵਾਲ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਹੈ ਕਿ ਉੜੀਸਾ ਦੇ ਜਗਨਨਾਥ ਪੁਰੀ ਵਿਖੇ ਸਥਿਤ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਅਸਥਾਨ ਬਿਲਕੁਲ ਸੁਰੱਖਿਅਤ ਹਨ ਅਤੇ ਇਸ ਦੇ ਨੁਕਸਾਨ ਸਬੰਧੀ ਕੀਤਾ ਜਾ ਰਿਹਾ ਪ੍ਰਚਾਰ ਗੁੰਮਰਾਹਕੁੰਨ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਇਹ ਪ੍ਰਤੀਕਿਰਿਆ ਸ਼੍ਰੋਮਣੀ ਕਮੇਟੀ ਵੱਲੋਂ ਉੜੀਸਾ ਭੇਜੇ ਗਏ ਵਫਦ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਅਧਾਰ 'ਤੇ ਦਿੱਤੀ ਹੈ। ਭਾਈ ਲੌਂਗੋਵਾਲ ਨੇ ਸਪੱਸ਼ਟ ਕੀਤਾ ਕਿ ਜਗਨਨਾਥ ਪੁਰੀ ਵਿਖੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮੀਤ ਸਿੰਘ ਬੂਹ, ਸ. ਹਰਜਾਪ ਸਿੰਘ ਸੁਲਤਾਨਵਿੰਡ ਅਤੇ ਮੀਤ ਸਕੱਤਰ ਸ. ਸਕੱਤਰ ਸਿੰਘ ਸ਼ਾਮਲ ਹਨ, ਨੇ ਮੌਕੇ 'ਤੇ ਜਾ ਕੇ ਹਾਲਾਤ ਜਾਣੇ ਹਨ। ਸਬ-ਕਮੇਟੀ ਨੇ ਜਾਣਕਾਰੀ ਦਿੱਤੀ ਹੈ ਕਿ ਕਿਸੇ ਵੀ ਗੁਰ-ਅਸਥਾਨ ਜਾਂ ਯਾਦਗਾਰ ਨੂੰ ਠਾਹਿਆ ਨਹੀਂ ਗਿਆ, ਸਗੋਂ ਸੁਪਰੀਮ ਕੋਰਟ ਦੇ ਆਦੇਸ਼ਾਂ ਅਨੁਸਾਰ ਇਨ੍ਹਾਂ ਦੇ ਆਲੇ-ਦੁਆਲੇ ਨੂੰ ਖ਼ੂਬਸੂਰਤ ਬਣਾਉਣ ਲਈ ਕਾਰਵਾਈ ਕੀਤੀ ਗਈ ਹੈ। ਭਾਈ ਲੌਂਗੋਵਾਲ ਅਨੁਸਾਰ ਸਥਾਨਕ ਪ੍ਰਸ਼ਾਸਨ ਨੇ ਸ਼੍ਰੋਮਣੀ ਕਮੇਟੀ ਵਫ਼ਦ ਨੂੰ ਵਿਸ਼ਵਾਸ ਦਿਵਾਇਆ ਹੈ ਕਿ ਕਿਸੇ ਵੀ ਇਤਿਹਾਸਕ ਅਸਥਾਨ ਨਾਲ ਛੇੜ-ਛਾੜ ਨਹੀਂ ਕੀਤੀ ਜਾਵੇਗੀ, ਸਗੋਂ ਇਸ ਦੀ ਸੁਰੱਖਿਆ ਲਈ ਹੋਰ ਵੀ ਪੁਖਤਾ ਇੰਤਜ਼ਾਮ ਕੀਤੇ ਜਾਣਗੇ। ਭਾਈ ਲੌਂਗੋਵਾਲ ਨੇ ਕਿਹਾ ਕਿ ਕੁਝ ਸ਼ਰਾਰਤੀ ਲੋਕ ਜਾਣਬੁਝ ਕੇ ਆਪਣੇ ਨਿੱਜੀ ਹਿੱਤਾਂ ਖਾਤਰ ਸਿੱਖ ਅਸਥਾਨਾਂ ਤੇ ਹੋਰ ਸਰੋਕਾਰਾਂ ਵਿਰੁੱਧ ਪ੍ਰਚਾਰ ਕਰ ਰਹੇ ਹਨ, ਜਿਨ੍ਹਾਂ ਤੋਂ ਸੰਗਤ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਜਿਹੇ ਲੋਕਾਂ ਨੂੰ ਸਖ਼ਤ ਤਾੜਨਾ ਕਰਦੀ ਹੈ ਕਿ ਆਪਣੀਆਂ ਗਰਜਾਂ ਖਾਤਿਰ ਅਜਿਹਾ ਕਰਨਾ ਬੰਦ ਕਰਨ, ਨਹੀਂ ਤਾਂ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਯਾਦ ਵਿਚ ਜੋ ਅਸਲ ਅਸਥਾਨ ਜਗਨਨਾਥ ਪੁਰੀ ਵਿਖੇ ਸਥਿਤ ਹੈ, ਦੀ ਕਾਰਸੇਵਾ ਸਬੰਧੀ ਉੜੀਸਾ ਸਰਕਾਰ ਵੱਲੋਂ ਸ਼੍ਰੋਮਣੀ ਕਮੇਟੀ ਦੀ ਰਾਇ ਅਨੁਸਾਰ ਕਾਰਜ ਕਰਨ ਦਾ ਫੈਸਲਾ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸ਼੍ਰੋਮਣੀ ਕਮੇਟੀ ਉੜੀਸਾ ਸਰਕਾਰ ਨਾਲ ਲਗਾਤਾਰ ਸੰਪਰਕ ਵਿਚ ਹੈ।

# 550ਵੇਂ ਪ੍ਰਕਾਸ਼ ਪੁਰਬ ਮੌਕੇ ਅਮਰੀਕਾ ਤੋਂ ਵੱਡੀ ਗਿਣਤੀ ਸੰਗਤਾਂਪੁੱਜਣਗੀਆਂ ਸੁਲਤਾਨਪੁਰ ਲੋਧੀ- ਡਾ. ਰੂਪ ਸਿੰਘ




ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਗੁਰਮਤਿ ਸਮਾਗਮਾਂ ਵਿਚ ਅਮਰੀਕਾ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਸ਼ਮੂਲੀਅਤ ਕਰਨਗੀਆਂ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕੀਤਾ ਹੈ। ਉਹ ਹਾਲ ਹੀ ਵਿਚ ਅਮਰੀਕਾ ਦਾ ਦੌਰਾ ਕਰਕੇ ਵਾਪਸ ਪਰਤੇ ਹਨ। ਉਨ੍ਹਾਂ ਨੇ ਅਮਰੀਕਾ ਫੇਰੀ ਦੌਰਾਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਸ਼ਿਰਕਤ ਕੀਤੀ ਅਤੇ ਸਿੱਖ ਪ੍ਰਤੀਨਿਧਾਂ ਨਾਲ 550ਵੇਂ ਪ੍ਰਕਾਸ਼ ਪੁਰਬ ਸਬੰਧੀ ਵਿਚਾਰ-ਵਟਾਂਦਰਾਂ ਵੀ ਕੀਤਾ। ਡਾ. ਰੂਪ ਸਿੰਘ ਨੇ ਦੱਸਿਆ ਕਿ ਸਮੁੱਚੇ ਵਿਸ਼ਵ ਅੰਦਰ ਗੁਰੂ ਸਾਹਿਬ ਜੀ ਦੇ ਇਤਿਹਾਸਕ ਪੁਰਬ ਸਬੰਧੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਅਮਰੀਕਾ ਤੋਂ ਇਕ ਵਿਸ਼ੇਸ਼ ਜਥਾ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਭਾਰਤ ਪੁੱਜੇਗਾ। ਉਨ੍ਹਾਂ ਦੱਸਿਆ ਕਿ ਅਮਰੀਕਾ ਅੰਦਰ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੰਗਤਾਂ ਵੱਲੋਂ ਨੌਜੁਆਨੀ ਨੂੰ ਸਿੱਖ ਕਦਰਾਂ-ਕੀਮਤਾਂ ਅਤੇ ਇਤਿਹਾਸ ਨਾਲ ਜੋੜਨ ਲਈ ਕਈ ਉਪਰਾਲੇ ਆਰੰਭੇ ਗਏ ਹਨ।

ਉਨ੍ਹਾਂ ਦੱਸਿਆ ਕਿ ਵਸ਼ਿੰਗਟਨ ਦੇ ਸ਼ਹਿਰ ਬੈਲੀਗਮ ਵਿਖੇ ਇਕ ਖ਼ਾਲਸਾ ਯੂਨੀਵਰਸਿਟੀ ਸਥਾਪਤ ਕੀਤੀ ਜਾ ਰਹੀ ਹੈ। ਇਸ ਦੀ ਸਥਾਪਨਾ ਸਬੰਧੀ ਅਰਦਾਸ ਸਮਾਗਮ ਹੋ ਚੁੱਕਾ ਹੈ, ਬਾਕੀ ਕਾਰਜ ਜਲਦ ਆਰੰਭ ਹੋਣਗੇ। ਇਸ ਸਬੰਧੀ ਗੁਰੂ ਘਰ ਦੇ ਸ਼ਰਧਾਲੂ ਸ. ਮਨਜੀਤ ਸਿੰਘ ਵਿਸ਼ੇਸ਼ ਤੌਰ 'ਤੇ ਕਾਰਜਸ਼ੀਲ ਹਨ। ਉਨ੍ਹਾਂ ਨੇ ਯੂਨੀਵਰਸਿਟੀ ਲਈ 130 ਏਕੜ ਦੇ ਕਰੀਬ ਜ਼ਮੀਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਂ ਲਗਵਾਈ ਹੈ। ਇਸ ਯੂਨੀਵਰਸਿਟੀ ਵਿਚ ਸਿੱਖ ਧਰਮ, ਗੁਰਮਤਿ ਸੰਗੀਤ, ਸਿੱਖ ਫਲਸਫੇ, ਰਹਿਣੀ ਅਤੇ ਕਦਰਾਂ-ਕੀਮਤਾਂ ਨੂੰ ਵਿਦਿਆਰਥੀਆਂ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਲਈ ਯਤਨ ਕਰ ਰਹੇ ਸਥਾਨਕ ਸਿੱਖਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਅਤੇ ਰਹਿਤ ਮਰਯਾਦਾ ਅਨੁਸਾਰ ਚੱਲਣ ਦਾ ਪ੍ਰਣ ਕੀਤਾ ਹੈ।

ਡਾ. ਰੂਪ ਸਿੰਘ ਨੇ ਇਹ ਵੀ ਦੱਸਿਆ ਕਿ ਅਮਰੀਕਾ ਅੰਦਰ ਸੰਗਤਾਂ ਵੱਲੋਂ ਵਿਸ਼ਾਲ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ। ਇਸ ਤਹਿਤ ਇਕ ਸਮਾਗਮ ਨਿਊਜਰਸੀ ਵਿਖੇ ਕਰਵਾਇਆ ਗਿਆ ਹੈ, ਜਿਸ ਵਿਚ ਉਹ ਵੀ ਸ਼ਾਮਲ ਸਨ। ਡਾ. ਰੂਪ ਸਿੰਘ ਅਨੁਸਾਰ ਪ੍ਰਸਿੱਧ ਰਾਗੀ ਭਾਈ ਕੰਵਰਜੀਤ ਸਿੰਘ ਸ਼ਾਂਤ ਦੇ ਉੱਦਮ ਨਾਲ ਹੋਏ ਸਮਾਗਮ ਦੀ ਖ਼ਾਸੀਅਤ ਇਹ ਸੀ ਕਿ ਇਸ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਗੁਰਬਾਣੀ ਨੂੰ ਉਨ੍ਹਾਂ ਵੱਲੋਂ ਉਚਾਰੇ 19 ਰਾਗਾਂ ਵਿਚ ਗਾਇਨ ਕੀਤਾ ਗਿਆ। ਇਹ ਕਿਸੇ ਬਾਹਰੀ ਦੇਸ਼ ਅੰਦਰ ਸਿੱਖੀ ਦੀ ਚੜ੍ਹਦੀ ਕਲਾ ਦੇ ਪ੍ਰਗਟਾਵੇ ਤੋਂ ਘੱਟ ਨਹੀਂ।

ਉਨ੍ਹਾਂ ਇਹ ਵੀ ਦੱਸਿਆ ਕਿ ਸਿੱਖ ਧਰਮਾ ਇੰਟਰਨੈਸ਼ਨਲ ਅਮਰੀਕਾ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਪੁਜੀ ਸਾਹਿਬ ਨੂੰ ਵੱਖ-ਵੱਖ ਭਸ਼ਾਵਾਂ ਵਿਚ ਅਨੁਵਾਦ ਕਰਨ ਦਾ ਇਕ ਵਿਸ਼ੇਸ਼ ਕਾਰਜ ਕੀਤਾ ਜਾ ਰਿਹਾ ਹੈ। ਇਹ ਸੰਸਥਾ ਸਿੰਘ ਸਾਹਿਬ ਭਾਈ ਹਰਭਜਨ ਸਿੰਘ ਜੋਗੀ ਵੱਲੋਂ ਚਲਾਈ ਗਈ ਸੀ, ਜਿਸ ਦੀ ਅਗਵਾਈ ਉਨ੍ਹਾਂ ਦੀ ਧਰਮ ਪਤਨੀ ਡਾ. ਬੀਬੀ ਇੰਦਰਜੀਤ ਕੌਰ (ਭਾਈ ਸਾਹਿਬਾ) ਕਰ ਰਹੇ ਹਨ। ਡਾ. ਰੂਪ ਸਿੰਘ ਨੇ ਦੱਸਿਆ ਕਿ ਡਾ. ਬੀਬੀ ਇੰਦਰਜੀਤ ਕੌਰ ਅਤੇ ਬੀਬੀ ਗੁਰਅੰਮ੍ਰਿਤ ਕੌਰ (ਸਿਕਦਾਰ ਸਾਹਿਬਾ) ਦੀ ਦੇਖ-ਰੇਖ ਹੇਠ ਜਪੁਜੀ ਸਾਹਿਬ ਦੇ ਅਨੁਵਾਦ ਦਾ ਇਹ ਕਾਰਜ ਕੀਤਾ ਜਾ ਰਿਹਾ ਹੈ ਜੋ ਦੁਨੀਆਂ ਦੇ ਵੱਖ-ਵੱਖ ਦੇਸ਼ਾਂ ਦੀਆਂ 20 ਪ੍ਰਮੁੱਖ ਭਾਸ਼ਾਵਾਂ ਵਿਚ ਹੋਵੇਗਾ। ਡਾ. ਰੂਪ ਸਿੰਘ ਅਨੁਸਾਰ ਸਿੱਖ ਧਰਮਾ ਇੰਟਰਨੈਸ਼ਨਲ ਦਾ ਯਤਨ ਹੈ ਕਿ ਇਸ ਨੂੰ ਨਵੰਬਰ ਤੋਂ ਪਹਿਲਾਂ ਮੁਕੰਮਲ ਕਰ ਕੇ 8 ਨਵੰਬਰ 2019 ਨੂੰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਅੰਤਰ ਧਰਮ ਸੰਮੇਲਨ ਦੌਰਾਨ ਸੰਗਤ ਅਰਪਣ ਕੀਤਾ ਜਾਵੇ। ਜਾਰੀ ਕੀਤੀ ਜਾਣ ਵਾਲੀ ਕਾਪੀ ਵਿਚ ਸਾਰੀਆਂ ਭਾਸ਼ਾਵਾਂ ਦਾ ਅਨੁਵਾਦ ਇਕ ਸੰਕਲਨ ਵਿਚ ਹੋਵੇਗਾ। ਉਨ੍ਹਾਂ ਦੱਸਿਆ ਕਿ ਸਿੱਖ ਧਰਮਾ ਇੰਟਰਨੈਸ਼ਨਲ ਵੱਲੋਂ ਇਸ ਨੂੰ ਆਧੁਨਿਕ ਸੰਚਾਰ ਸਾਧਨਾ ਦੀ ਵਰਤੋਂ ਕਰਕੇ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਦਾ ਟੀਚਾ ਮਿੱਥਿਆ ਗਿਆ ਹੈ।

# ਕਾਨ੍ਹਪੁਰ ਸਿੱਖ ਕਤਲੇਆਮ ਦੀਆਂ ਫਾਈਲਾਂ ਗੁੰਮ ਹੋਣਾ ਮੰਦਭਾਗਾ- ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਾਨ੍ਹਪੁਰ ਸਿੱਖ ਕਤਲੇਆਮ ਦੀਆਂ ਫਾਈਲਾਂ ਗੁੰਮ ਹੋਣ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਤੋਂ ਦੁੱਖ ਦੀ ਗੱਲ ਹੋਰ ਕੀ ਹੋ ਸਕਦੀ ਹੈ ਕਿ ਸਰਕਾਰੀ ਰਿਕਾਰਡ ਵਿੱਚੋਂ ਅਹਿਮ ਫਾਈਲਾਂ ਹੀ ਗੁੰਮ ਹੋ ਜਾਣ। ਉਨ੍ਹਾਂ ਕਿਹਾ ਕਿ ਇਸ ਦੀ ਜਾਂਚ ਹੋਣੀ ਚਾਹੀਦੀ ਹੈ ਅਤੇ ਜੁੰਮੇਵਾਰਾਂ ਖਿਲਾਫ ਕਾਰਵਾਈ ਵੀ ਹੋਵੇ।

ਉਨ੍ਹਾਂ ਆਖਿਆ ਕਿ 1984 ਵਿਚ ਦਿੱਲੀ ਤੋਂ ਬਾਅਦ ਕਾਨ੍ਹਪੁਰ ਵਿਚ ਸਿੱਖ ਕਤਲੇਆਮ ਨੇ ਸਿੱਖ ਮਾਨਸਿਕਤਾ ਨੂੰ ਡੂੰਘੇ ਜਖਮ ਦਿੱਤੇ ਹਨ, ਜਿਸ ਦਾ ਇਨਸਾਫ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਉਤਰ ਪ੍ਰਦੇਸ਼ ਸਰਕਾਰ ਨੂੰ ਇਸ ਦਾ ਸਖਤ ਨੋਟਿਸ ਲੈਣਾ ਬਣਦਾ ਹੈ।

# ਸਾਰਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿਚ ਗੁਰਮਤਿ ਸਮਾਗਮ ਆਯੋਜਿਤ



ਅੰਮ੍ਰਿਤਸਰ, 12 ਸਤੰਬਰ- ਸਾਰਗੜ੍ਹੀ ਜੰਗ ਦੇ ਮਹਾਨ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਸਥਿਤ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਿਮਰਨਜੀਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਮੌਕੇ ਭਾਈ ਬਲਵੰਤ ਸਿੰਘ ਨੇ ਅਰਦਾਸ ਕੀਤੀ। ਉਪਰੰਤ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ। ਉਨ੍ਹਾਂ ਆਖਿਆ ਕਿ ਸਿੱਖ ਕੌਮ ਅੰਦਰ ਸ਼ਹੀਦਾਂ ਦੀ ਇਕ ਲੰਮੀ ਸੂਚੀ ਹੈ, ਜਿਸ ਤੋਂ ਪ੍ਰੇਰਣਾ ਲੈ ਕੇ ਅਜੋਕੀ ਪੀੜ੍ਹੀ ਨੂੰ ਧਰਮ ਇਤਿਹਾਸ ਨਾਲ ਜੁੜਨਾ ਚਾਹੀਦਾ ਹੈ। ਇਸ ਮੌਕੇ ਕੁਝ ਸ਼ਹੀਦਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ, ਜਿਨ੍ਹਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

# ਭੱਟ ਸਾਹਿਬਾਨ ਦੇ ਗੁਰੂ ਸਾਹਿਬ ਨਾਲ ਮਿਲਾਪ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਆਯੋਜਿਤ




ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭੱਟਾਂ ਦੇ ਗੁਰੂ ਸਾਹਿਬ ਨਾਲ ਮਿਲਾਪ ਨੂੰ ਸਮਰਪਿਤ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ।

ਸਮਾਗਮ ਸਮੇਂ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਭੱਟ ਸਾਹਿਬਾਨ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਹੋਣ ਕਰਕੇ ਸੰਗਤਾਂ ਉਨ੍ਹਾਂ ਦਾ ਬੇਹੱਦ ਸਤਿਕਾਰ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਭੱਟ ਸਾਹਿਬਾਨ ਦੀ ਬਾਣੀ ਚੰਗੀ ਜੀਵਨ-ਜਾਚ ਦਾ ਸੁਨੇਹਾ ਦਿੰਦਿਆਂ ਸਾਨੂੰ ਆਪਣੇ ਗੁਰੂ ਪ੍ਰਤੀ ਪ੍ਰੇਮ ਅਤੇ ਸਮਰਪਣ ਭਾਵ ਦ੍ਰਿੜ੍ਹ ਕਰਵਾਉਂਦੀ ਹੈ। ਇਸ ਮੌਕੇ ਭਾਈ ਲੌਂਗੋਵਾਲ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਸਬੰਧ ਵਿਚ ਹਰ ਸਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਮਾਗਮ ਕਰਵਾਉਣ ਦਾ ਐਲਾਨ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਟ ਸਿੱਖ ਵੈਲਫੇਅਰ ਆਰਗੇਨਾਈਜ਼ੇਸ਼ਨ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਸ਼ਮੂਲੀਅਤ ਦਾ ਸੱਦਾ ਵੀ ਦਿੱਤਾ।

ਇਸ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਅਜਿਹੇ ਸਮਾਗਮ ਸੰਗਤਾਂ ਨੂੰ ਗੁਰਮਤਿ ਵਿਚਾਰਧਾਰਾ ਨਾਲ ਜੋੜਨ ਲਈ ਵਿਸ਼ੇਸ਼ ਮਹੱਤਵ ਰੱਖਦੇ ਹਨ। ਉਨ੍ਹਾਂ ਭੱਟ ਸਾਹਿਬਾਨ ਦੀ ਬਾਣੀ ਦੀ ਵਿਚਾਰਧਾਰਕ ਅਹਿਮੀਅਤ ਨੂੰ ਵੀ ਸੰਗਤਾਂ ਨਾਲ ਸਾਂਝਾ ਕੀਤਾ। ਇਸ ਸਮੇਂ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਵੀ ਸੰਗਤਾਂ ਦਾ ਵਿਚਾਰ ਸਾਂਝੇ ਕੀਤੇ। ਸਮਾਗਮ ਸਮੇਂ ਭਾਟ ਸਿੱਖ ਵੈਲਫੇਅਰ ਆਰਗੇਨਾਈਜ਼ੇਸ਼ਨ ਯੂ.ਕੇ. ਅਤੇ ਇਸ ਨਾਲ ਸਬੰਧਤ ਹੋਰ ਸੁਸਾਇਟੀਆਂ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਭਾਟ ਸਿੱਖ ਆਰਗੇਨਾਈਜ਼ੇਸ਼ਨ ਵੱਲੋਂ ਵੀ ਭਾਈ ਲੌਂਗੋਵਾਲ, ਗਿਆਨੀ ਰਘਬੀਰ ਸਿੰਘ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨ ਦਿੱਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸ. ਜਰਨੈਲ ਸਿੰਘ ਕਰਤਾਰਪੁਰ, ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਬਲਦੇਵ ਸਿੰਘ ਚੂੰਘਾਂ, ਮੁੱਖ ਸਕੱਤਰ ਡਾ. ਰੂਪ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਮਹੀਨਾ ਅੱਸੂ-ਕੱਤਕ (ਅਕਤੂਬਰ) ਦੇ ਇਤਿਹਾਸਕ ਦਿਹਾੜੇ

1 ਅਕਤੂਬਰ — ਪੰਜਾਬੀ ਸੂਬੇ ਦੇ ਮਸਲੇ 'ਤੇ ਇਕ ਹਾਈ ਪਾਵਰ ਕਮਿਸ਼ਨ ਬਣਾਉਣ 'ਤੇ ਮਾਸਟਰ ਤਾਰਾ ਸਿੰਘ ਨੇ ਆਪਣੀ ਭੁੱਖ ਹੜਤਾਲ ਤੋੜ ਦਿੱਤੀ। (1-10-1961)

2 ਅਕਤੂਬਰ — ਸੰਤ ਚੰਨਣ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ। (2-10-1962)

3 ਅਕਤੂਬਰ — ਸਿੱਖਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਦੀ ਅਗਵਾਈ ਵਿਚ ਰਾਹੋਂ 'ਤੇ ਕਬਜ਼ਾ ਕੀਤਾ। (3-10-1710)

5 ਅਕਤੂਬਰ — (ੳ) ਬਾਬਾ ਬੰਦਾ ਸਿੰਘ ਬਹਾਦਰ ਨੰਦੇੜ ਤੋਂ ਪੰਜਾਬ ਵੱਲ ਰਵਾਨਾ ਹੋਏ। (5-10-1708)
(ਅ) ਸਿੱਖਾਂ ਨੇ ਬਾਬੇ ਦੀ ਬੇਰ, ਸਿਆਲਕੋਟ (ਪਾਕਿਸਤਾਨ) ਦਾ ਪ੍ਰਬੰਧ ਮਹੰਤ ਪਾਸੋਂ ਆਪਣੇ ਅਧੀਨ ਲਿਆ। (5-10-1920)
(ੲ) ਸ. ਪ੍ਰੀਤਮ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ। (5-10-1952)

7 ਅਕਤੂਬਰ — (ੳ) ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਧਰਮ ਪਤਨੀ ਮਾਤਾ ਸੁਲੱਖਣੀ ਜੀ ਅਕਾਲ ਚਲਾਣਾ ਕਰ ਗਏ। (7-10-1539)
(ਅ) ਗੁਰੂ-ਘਰ ਦੇ ਸ਼ਰਧਾਲੂ ਭਾਈ ਮੱਖਣ ਸ਼ਾਹ ਲੁਬਾਣਾ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਬਾਬਾ ਬਕਾਲਾ ਵਿਖੇ ਦਰਸ਼ਨ ਕੀਤੇ ਤੇ ਕੋਠੇ 'ਤੇ ਚੜ੍ਹ ਕੇ ਪੱਲਾ ਫੇਰਦਿਆਂ ਉੱਚੀ ਪੁਕਾਰ ਕੇ ਕਿਹਾ: "ਗੁਰੂ ਲਾਧੋ ਰੇ, ਗੁਰੂ ਲਾਧੋ ਰੇ"। (7-10-1664)

8 ਅਕਤੂਬਰ — ਪਿੰਡ ਪੂਹਲਾ, ਜ਼ਿਲ੍ਹਾ ਲਾਹੌਰ (ਹੁਣ ਅੰਮ੍ਰਿਤਸਰ), ਦੇ ਵਾਸੀ ਭਾਈ ਤਾਰੂ ਸਿੰਘ ਨੂੰ ਸਿੰਘਾਂ ਦੀ ਸੇਵਾ ਕਰਨ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ ਅਤੇ ਇਸਲਾਮ ਕਬੂਲ ਨਾ ਕਰਨ 'ਤੇ ਕੇਸਾਂ ਸਮੇਤ ਖੋਪਰੀ ਉਤਾਰ ਕੇ ਲਾਹੌਰ ਦੇ ਲੰਡੇ ਬਜ਼ਾਰ ਵਿਚ ਸ਼ਹੀਦ ਕਰ ਦਿੱਤਾ ਗਿਆ। (8-10-1745)

9 ਅਕਤੂਬਰ — ਮਹਾਰਾਜਾ ਰਣਜੀਤ ਸਿੰਘ ਦੇ ਦੇਹਾਂਤ ਤੋਂ ਬਾਅਦ ਡੋਗਰਿਆਂ ਦੀ ਕਮੀਨੀ ਚਾਲ ਨਾਲ ਮਹਾਰਾਜਾ ਖੜਕ ਸਿੰਘ ਦੇ ਨਜ਼ਦੀਕੀ ਸਾਥੀ ਚੇਤ ਸਿੰਘ ਨੂੰ ਧਿਆਨ ਸਿੰਘ ਡੋਗਰੇ ਨੇ ਮਹਾਰਾਜਾ ਖੜਕ ਸਿੰਘ ਦੇ ਸਾਹਮਣੇ ਕਤਲ ਕੀਤਾ। (9-10-1839)

12 ਅਕਤੂਬਰ — ਜਥੇਦਾਰ ਤੇਜਾ ਸਿੰਘ 'ਭੁੱਚਰ' ਦੀ ਜਥੇਦਾਰੀ ਹੇਠ 25 ਸਿੰਘਾਂ ਦੇ ਜਥੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਪਹਿਲੀ ਸੇਵਾ ਸੰਭਾਲੀ। (12-10-1920)

16 ਅਕਤੂਬਰ — ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਰਜੌਰੀ (ਕਸ਼ਮੀਰ) ਵਿਚ ਹੋਇਆ। (16-10-1670)

17 ਅਕਤੂਬਰ — (ੳ) ਸਿੱਖਾਂ ਨੇ ਅਹਿਮਦਸ਼ਾਹ ਦੁਰਾਨੀ ਨੂੰ ਅੰਮ੍ਰਿਤਸਰ ਵਿਖੇ ਲੜਾਈ 'ਚ ਹਰਾਇਆ। (17-10-1762)
(ਅ) ਚੰਡੀਗੜ੍ਹ ਪੰਜਾਬ ਨੂੰ ਦੇਣ ਦੇ ਮਸਲੇ 'ਤੇ ਚੰਡੀਗੜ੍ਹ ਵਿਖੇ ਸਾਰੀਆਂ ਪਾਰਟੀਆਂ ਨੇ ਇਕ ਸਾਂਝਾ ਜਲੂਸ ਕੱਢਿਆ। (17-10-1969)

19 ਅਕਤੂਬਰ — ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁੰਦਰ ਸਿੰਘ ਰਾਮਗੜ੍ਹੀਆ ਤੋਂ ਸ੍ਰੀ ਦਰਬਾਰ ਸਾਹਿਬ ਦੇ ਤੋਸ਼ੇਖਾਨੇ ਦੀਆਂ ਚਾਬੀਆਂ ਲੈਣ ਦਾ ਫੈਸਲਾ ਕੀਤਾ। (19-10-1921)

20 ਅਕਤੂਬਰ — (ੳ) ਮਹਾਨ ਜਰਨੈਲ ਸ. ਜੱਸਾ ਸਿੰਘ ਆਹਲੂਵਾਲੀਆ ਅਕਾਲ ਚਲਾਣਾ ਕਰ ਗਏ। (20-10-1783)
(ਅ) ਚੀਫ ਖਾਲਸਾ ਦੀਵਾਨ ਨੇ ਸਿੱਖ ਰਹਿਤ ਮਰਯਾਦਾ ਨੂੰ ਮੁਕੰਮਲ ਰੂਪ ਦੇਣ ਲਈ ਇਕ ਧਾਰਮਿਕ ਕਮੇਟੀ ਬਣਾਈ। (20-10-1910)
(ੲ) ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕੇਅਰਟੇਕਰ ਜਥੇ ਦੇ ਮੈਂਬਰ ਡਾ. ਗੁਰਬਖਸ਼ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਣਾਉਣ ਲਈ ਸਰਬੱਤ ਖਾਲਸਾ ਬੁਲਾਇਆ। (20-10-1920)

21 ਅਕਤੂਬਰ — ਮਹਾਂ ਕਵੀ ਭਾਈ ਸੰਤੋਖ ਸਿੰਘ ਚਲਾਣਾ ਕਰ ਗਏ। (21-10-1844)

22 ਅਕਤੂਬਰ — (ੳ) ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਰਬੱਤ ਖਾਲਸੇ ਦਾ ਇਕੱਠ ਹੋਇਆ ਜਿਸ ਵਿਚ ਹਰਭਗਤ ਨਿਰੰਜਨੀਆ (ਆਕਲ ਦਾਸ) ਨੂੰ ਸੋਧਣ ਦਾ ਗੁਰਮਤਾ ਪਾਸ ਕੀਤਾ। (22-10-1761)
(ਅ) ਅਨੰਦ ਮੈਰਿਜ ਐਕਟ ਕਾਨੂੰਨ ਬਣਿਆ। (22-10-1909)

24 ਅਕਤੂਬਰ — ਗਿਆਨੀ ਕਰਤਾਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲੜਨ ਲਈ ਪੰਜਾਬ ਵਜ਼ਾਰਤ ਤੋਂ ਅਸਤੀਫਾ ਦਿੱਤਾ ਅਤੇ ਸਾਧ ਸੰਗਤ ਬੋਰਡ ਦੀ ਸਥਾਪਨਾ ਕੀਤੀ। ਗਿਆਨੀ ਕਰਤਾਰ ਸਿੰਘ, ਗੋਪਾਲ ਸਿੰਘ ਖਾਲਸਾ, ਜਨਰਲ ਮੋਹਨ ਸਿੰਘ, ਅਮਰ ਸਿੰਘ ਦੁਸਾਂਝ, ਬਸੰਤ ਸਿੰਘ ਮੋਗਾ ਆਦਿਕ ਇਸ ਦੇ ਮੁੱਖ ਲੀਡਰ ਸਨ। (24-10-1959)

25 ਅਕਤੂਬਰ — (ੳ)ਬਸਾਲੀ ਦਾ ਰਾਜਾ ਸਲਾਹੀ ਚੰਦ ਚਲਾਣਾ ਕਰ ਗਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਉਸਦੀ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਲਈ ਬਸਾਲੀ ਗਏ। (25-10-1702)
(ਅ)ਬੱਬਰ ਅਕਾਲੀ ਭਾਈ ਧੰਨਾ ਸਿੰਘ ਨੇ ਸ਼ਹਾਦਤ ਦਾ ਜਾਮ ਪੀਤਾ। (25-10-1923)

27 ਅਕਤੂਬਰ — (ੳ)ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪਾਉਂਟਾ ਸਾਹਿਬ ਤੋਂ ਅਨੰਦਪੁਰ ਸਾਹਿਬ ਵੱਲ ਚਾਲੇ ਪਾਏ। (27-10-1688)
(ਅ)78 ਦਿਨਾਂ ਦੀ ਲੰਮੀ ਭੁੱਖ ਹੜਤਾਲ ਪਿੱਛੋਂ ਜਥੇਦਾਰ ਦਰਸ਼ਨ ਸਿੰਘ ਫੇਰੂਮਾਨ ਚਲਾਣਾ ਕਰ ਗਏ। (27-10-1969)

28 ਅਕਤੂਬਰ — ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕਪਾਲ ਮੋਚਨ ਵਿਖੇ ਰਾਤ ਠਹਿਰਨ ਮਗਰੋਂ ਅਨੰਦਪੁਰ ਸਾਹਿਬ ਵੱਲ ਚਲੇ ਗਏ। (28-10-1688)

30 ਅਕਤੂਬਰ — (ੳ)ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਤਲਵੰਡੀ ਸਾਬੋ ਤੋਂ ਨੰਦੇੜ ਲਈ ਚਾਲੇ ਪਾਏ। (30-10-1706)
(ਅ)ਚੀਫ ਖਾਲਸਾ ਦੀਵਾਨ ਸਥਾਪਤ ਹੋਇਆ। ਸ. ਅਰਜਨ ਸਿੰਘ ਬਾਗੜੀਆਂ ਇਸ ਦੇ ਪਹਿਲੇ ਪ੍ਰਧਾਨ ਬਣੇ। (30-10-1902)

31 ਅਕਤੂਬਰ — ਭਾਈ ਬੇਅੰਤ ਸਿੰਘ ਤੇ ਭਾਈ ਸਤਵੰਤ ਸਿੰਘ ਨੇ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਗੋਲੀਆਂ ਨਾਲ ਭੁੰਨ ਕੇ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰਨ ਦਾ ਬਦਲਾ ਲਿਆ। (31-10-1984)

# ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਮੱਖਣ ਸ਼ਾਹ ਲੁਬਾਣਾ ਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ 'ਚ ਗੁਰਮਤਿ ਸਮਾਗਮ ਆਯੋਜਿਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਤੇ ਭਾਈ ਹਰਨਾਮ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਢਾਡੀ ਜਥਿਆਂ ਨੇ ਇਤਿਹਾਸ ਸਰਵਣ ਕਰਵਾਇਆ। ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ, ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਮੁੱਖ ਸਕੱਤਰ ਡਾ. ਰੂਪ ਸਿੰਘ ਸਮੇਤ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਦੇ ਪ੍ਰਧਾਨ ਸ. ਗੁਰਮੀਤ ਸਿੰਘ ਮਹਿਮਦਪੁਰ, ਸਾਬਕਾ ਪ੍ਰਧਾਨ ਮਾਸਟਰ ਮਹਿੰਦਰ ਸਿੰਘ ਤੇ ਸ. ਰਘਬੀਰ ਸਿੰਘ ਬੱਬੀ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੇ ਜੀਵਨ ਵਿੱਚੋਂ ਗੁਰੂ ਪਿਆਰ ਅਤੇ ਸਮਰਪਣ ਭਾਵਨਾ ਨੂੰ ਸਮਝਣ ਅਤੇ ਆਪਣੇ ਜੀਵਨ ਵਿਚ ਕਮਾਉਣ ਦੀ ਲੋੜ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਦੋਹਾਂ ਸ਼ਖ਼ਸੀਅਤਾਂ ਦੀ ਤਰ੍ਹਾਂ ਸਿੱਖੀ ਦੀ ਚੜ੍ਹਦੀ ਕਲਾ ਨੂੰ ਆਪਣਾ ਮਿਸ਼ਨ ਬਣਾਉਣ। ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਮੁੱਚੀ ਕੌਮ ਨੂੰ ਇਕਜੁਟ ਹੋਣ ਦੀ ਅਪੀਲ ਕੀਤੀ ਅਤੇ ਨੌਜੁਆਨੀ ਨੂੰ ਸਿੱਖ ਸਿਧਾਂਤਾਂ ਤੇ ਪੰਥਕ ਰਹੁ-ਰੀਤਾਂ ਪ੍ਰਤੀ ਜਾਗਰੂਕ ਕਰਨ ਲਈ ਪ੍ਰੇਰਿਆ। ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਨੇ ਆਪਣੇ ਸੰਬੋਧਨ ਦੌਰਾਨ ਸਮੁੱਚੇ ਵਿਸ਼ਵ ਅੰਦਰ ਵੱਸਦੇ ਸਿੱਖ ਭਾਈਚਾਰੇ ਵੱਲੋਂ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਫੈਲਾਉਣ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਬੀਬੀ ਜਗੀਰ ਕੌਰ ਨੇ ਬਾਬਾ ਮੱਖਣ ਸ਼ਾਹ ਲੁਬਾਣਾ ਤੇ ਭਾਈ ਲੱਖੀ ਸ਼ਾਹ ਵਣਜਾਰਾ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਯਾਦ ਵਿਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸਾਲਾਨਾ ਸਮਾਗਮ ਕਰਵਾਉਣ ਨੂੰ ਸ਼ਲਾਘਾਯੋਗ ਕਦਮ ਦੱਸਿਆ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਮੁੱਚੇ ਵਿਸ਼ਵ ਦੇ ਸਿੱਖਾਂ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਹੈ ਅਤੇ ਇਹ ਕਿਸੇ ਵੀ ਮੁਸ਼ਕਲ ਸਮੇਂ ਸਿੱਖਾਂ ਨਾਲ ਖੜ੍ਹਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀਆਂ ਮਾਣਮੱਤੀਆਂ ਸੰਸਥਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਸਾਨੂੰ ਯਤਨ ਕਰਨੇ ਚਾਹੀਦੇ ਹਨ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਨਿਊਯਾਰਕ ਦੀ ਸੰਗਤ ਵੱਲੋਂ ਪੁੱਜੇ ਵਿਸ਼ੇਸ਼ ਪ੍ਰਤੀਨਿਧੀਆਂ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਅਮਰੀਕਾ ਦੇ ਅਹੁਦੇਦਾਰਾਂ ਨੇ ਵੀ ਭਾਈ ਲੌਂਗੋਵਾਲ, ਸਿੰਘ ਸਾਹਿਬਾਨ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨ ਦਿੱਤਾ। ਇਸ ਮੌਕੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਮ ਸਿੰਘ, ਸ. ਰਣਜੀਤ ਸਿੰਘ ਕਾਹਲੋਂ, ਬਾਬਾ ਨਿਰਮਲ ਸਿੰਘ ਨੌਸ਼ਹਿਰਾ ਤੋਂ ਇਲਾਵਾ ਅਮਰੀਕਾ ਤੋਂ ਪੁੱਜੇ ਸ. ਸਤਨਾਮ ਸਿੰਘ ਟਾਹਲੀ, ਸ. ਦਲੇਰ ਸਿੰਘ ਖ਼ਾਲਸਾ, ਸ. ਬਲਦੇਵ ਸਿੰਘ ਗਿਲਜੀਆ, ਸ. ਅਮਰੀਕ ਸਿੰਘ, ਸ. ਗਰੀਬ ਸਿੰਘ ਕਾਲੀ, ਮਾ. ਮਹਿੰਦਰ ਸਿੰਘ, ਮਾਤਾ ਗੁਰਬਚਨ ਕੌਰ, ਭਾਈ ਜਸਪਾਲ ਸਿੰਘ ਸਮੇਤ ਸ਼੍ਰੋਮਣੀ ਕਮੇਟੀ ਅਧਿਕਾਰੀ ਮੌਜੂਦ ਸਨ।

# ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ



ਅੰਮ੍ਰਿਤਸਰ- ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਨਵ-ਨਿਯੁਕਤ ਹੋਏ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਦਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਉਨ੍ਹਾਂ ਨੂੰ ਇਹ ਸਨਮਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਕ ਸਮਾਗਮ ਦੌਰਾਨ ਦਿੱਤਾ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਮੁੱਖ ਸਕੱਤਰ ਡਾ. ਰੂਪ ਸਿੰਘ, ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਸ. ਨਿਰਮਲ ਸਿੰਘ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

ਇਸ ਮਗਰੋਂ ਗੱਲਬਾਤ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਸਿੱਖ ਕੌਮ ਦੇ ਪ੍ਰਬੁੱਧ ਚਿੰਤਕ ਹੋਣ ਨਾਤੇ ਸਿੱਖ ਮਸਲਿਆਂ ਸਬੰਧੀ ਡੂੰਘੀ ਸਮਝ ਰੱਖਦੇ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਗੁਰੂ ਪੰਥ ਵੱਲੋਂ ਮਿਲੀ ਜ਼ੁੰਮੇਵਾਰੀ ਇਹ ਕੌਮੀ ਭਾਵਨਾਵਾਂ ਅਨੁਸਾਰ ਨਿਭਾਉਣਗੇ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਤਖ਼ਤ ਸ੍ਰੀ ਪਟਨਾ ਸਾਹਿਬ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਅਸਥਾਨ ਹੈ, ਜਿਸ ਦਾ ਸਿੱਖ ਕੌਮ ਅੰਦਰ ਬੇਹੱਦ ਸਤਿਕਾਰ ਹੈ। ਗਿਆਨੀ ਗੌਹਰ-ਏ-ਮਸਕੀਨ ਨੂੰ ਸਿੱਖ ਕੌਮ ਦੇ ਇਸ ਮਹਾਨ ਤਖ਼ਤ ਦੀ ਸੇਵਾ ਇਨ੍ਹਾਂ ਦੀਆਂ ਕੌਮ ਪ੍ਰਤੀ ਸੇਵਾਵਾਂ ਦਾ ਫਲ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਕੌਮ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਮਨਾਇਆ ਜਾ ਰਿਹਾ ਹਾਂ ਤਾਂ ਇਸ ਮੌਕੇ ਗਿਆਨੀ ਗੌਹਰ-ਏ-ਮਸਕੀਨ ਨੂੰ ਕੌਮ ਦੀ ਵੱਡੀ ਜ਼ੁੰਮੇਵਾਰੀ ਮਿਲਣੀ ਖ਼ਾਸ ਅਹਿਮੀਅਤ ਰੱਖਦੀ ਹੈ। ਇਸ ਸਮੇਂ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਨੇ ਪੰਥ ਵੱਲੋਂ ਦਿੱਤੀਆਂ ਗਈਆਂ ਸੇਵਾਵਾਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਹ ਯਤਨ ਕਰਨਗੇ ਕਿ ਪੰਥ ਵੱਲੋਂ ਪ੍ਰਗਟਾਏ ਗਏ ਭਰੋਸੇ 'ਤੇ ਖਰਾ ਉਤਰ ਸਕਣ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੇ ਗਏ ਸਨਮਾਨ ਲਈ ਧੰਨਵਾਦ ਕੀਤਾ ਅਤੇ ਸਮੁੱਚੇ ਵਿਸ਼ਵ ਅੰਦਰ ਵਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਮੌਕੇ ਸੁਲਤਾਨਪੁਰ ਲੋਧੀ ਵਿਖੇ ਪੁੱਜਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਜਸਪਾਲ ਸਿੰਘ ਢੱਡੇ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਨਿਰਮਲ ਸਿੰਘ ਪ੍ਰਧਾਨ ਚੀਫ ਖਾਲਸਾ ਦੀਵਾਨ, ਸ. ਸੁਰਿੰਦਰ ਸਿੰਘ ਰੁਮਾਲਿਆਂ ਵਾਲੇ, ਸ. ਪ੍ਰਦੀਪ ਸਿੰਘ ਵਾਲੀਆ, ਸ. ਭਗਵੰਤਪਾਲ ਸਿੰਘ ਸੱਚਰ ਆਦਿ ਮੌਜੂਦ ਸਨ।

# 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਮੁੰਬਈ ਵਿਖੇ ਸਮਾਗਮ ਤੇ ਸੈਮੀਨਾਰ 19 ਅਕਤੂਬਰ ਨੂੰ

## ਪ੍ਰਬੰਧਾਂ ਨੂੰ ਲੈ ਕੇ ਮੁੰਬਈ ਵਿਖੇ ਸਿੱਖ ਪ੍ਰਤੀਨਿਧਾਂ ਦੀ ਹੋਈ ਇਕੱਤਰਤਾ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ ਵੱਖ ਸੂਬਿਆਂ ਅੰਦਰ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਤਹਿਤ ਇੱਕ ਵਿਸ਼ੇਸ਼ ਸਮਾਗਮ ਮੁੰਬਈ ਵਿਖੇ 19 ਅਕਤੂਬਰ ਨੂੰ ਹੋਵੇਗਾ। ਇਸ ਦੀਆਂ ਤਿਆਰੀਆਂ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਮੁੰਬਈ ਦੇ ਪ੍ਰਤੀਨਿਧ ਸਿੱਖਾਂ ਨਾਲ ਇਕੱਤਰਤਾ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਮੁੰਬਈ ਵਿਖੇ ਗੁਰਮਤਿ ਸਮਾਗਮ ਖਾਲਸਾ ਕਾਲਜ ਮਾਟੂੰਗਾ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 19 ਅਕਤੂਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤਕ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਆਧਾਰਤ ਸੈਮੀਨਾਰ ਹੋਵੇਗਾ ਅਤੇ ਰਾਤ ਨੂੰ ਵਿਸ਼ਾਲ ਕੀਰਤਨ ਦਰਬਾਰ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ ਅਨੁਸਾਰ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਮੁੰਬਈ ਵਿਖੇ ਉੱਚ ਪੱਧਰੀ ਮੀਟਿੰਗ ਕੀਤੀ ਗਈ ਹੈ, ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਡਾ. ਦਲਜੀਤ ਸਿੰਘ ਚੀਮਾ, ਸ. ਮਹੇਸ਼ਇੰਦਰ ਸਿੰਘ ਗਰੇਵਾਲ, ਤਖਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਮਿਨਹਾਸ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ, ਸ. ਤਾਰਾ ਸਿੰਘ ਵਿਧਾਇਕ ਮਹਾਰਾਸ਼ਟਰ, ਸ. ਰਘਬੀਰ ਸਿੰਘ ਬੱਲ ਪ੍ਰਧਾਨ ਸ੍ਰੀ ਗੁਰੂ ਸਿੰਘ ਸਭਾ ਦਾਦਰ, ਸ. ਚਰਨ ਸਿੰਘ ਸਪਰਾ ਸਾਬਕਾ ਵਿਧਾਇਕ, ਸ. ਜਸਬੀਰ ਸਿੰਘ ਧਾਮ ਆਦਿ ਸਮੇਤ ਵੱਡੀ ਗਿਣਤੀ ਵਿਚ ਸਥਾਨਕ ਸਿੰਘ ਸਭਾਵਾਂ ਤੇ ਸਭਾ ਸੁਸਾਇਟੀਆਂ ਦੇ ਨੁਮਾਇੰਦੇ ਸ਼ਾਮਲ ਹੋਏ।



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ ਦੇ ਸਹਿਯੋਗ ਨਾਲ ਹਿਮਾਚਲ ਪ੍ਰਦੇਸ਼ ਦੇ ਪਿੰਡ ਨੀਲਾ, ਜ਼ਿਲ੍ਹਾ ਬਿਲਾਸਪੁਰ ਵਿਖੇ ਲਗਾਏ ਗੁਰਮਤਿ ਕੈਂਪ ਵਿਚ ਬੱਚਿਆਂ ਦੇ ਕਇਜ ਮੁਕਾਬਲੇ ਕਰਵਾਏ ਗਏ ਜਿਸ ਵਿਚ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਕੈਂਪ ਵਿਚ ਪ੍ਰਚਾਰਕ ਭਾਈ ਸਰਬਜੀਤ ਸਿੰਘ ਲੁਧਿਆਣਾ, ਭਾਈ ਹਰਜਿੰਦਰ ਸਿੰਘ, ਭਾਈ ਪਰਮਜੀਤ ਸਿੰਘ ਤੇ ਭਾਈ ਸੁਖਦੇਵ ਸਿੰਘ ਨੇ ਬੱਚਿਆਂ ਨੂੰ ਗੁਰਬਾਣੀ, ਗੁਰ-ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਦੀ ਜਾਣਕਾਰੀ ਦਿੱਤੀ।

# ਸ਼੍ਰੋਮਣੀ ਕਮੇਟੀ ਵੱਲੋਂ ਕੋਲਕਾਤਾ ਵਿਖੇ ਖੋਲ੍ਹਿਆ ਜਾਵੇਗਾ ਗੁਰਮਤਿ ਵਿਦਿਆਲਾ-ਭਾਈ ਲੌਂਗੋਵਾਲ

## ਧਰਮ ਪ੍ਰਚਾਰ ਕਮੇਟੀ ਵੱਲੋਂ ਆਂਧਰਾ ਪ੍ਰਦੇਸ਼ 'ਚ ਵਿਜੇਵਾੜਾ ਦੇ ਸਿਕਲੀਗਰ ਸਿੱਖ ਵਿਦਿਆਰਥੀਆਂ ਦੀਆਂ ਫੀਸਾਂ ਦੇਣ ਦਾ ਫੈਸਲਾ



ਲੁਧਿਆਣਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੀ ਇਥੇ ਗੁਰੂ ਨਾਨਕ ਦੇਵ ਇੰਜ: ਕਾਲਜ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਇਕੱਤਰਤਾ ਦੌਰਾਨ ਕੋਲਕਾਤਾ ਵਿਖੇ ਗੁਰਮਤਿ ਵਿਦਿਆਲਾ ਖੋਲ੍ਹਣ ਦਾ ਫੈਸਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਆਧਰਾਂ ਪ੍ਰਦੇਸ਼ ਦੇ ਵਿਜੇਵਾੜਾ ਵਿਖੇ ਸਿਕਲੀਗਰ ਸਿੱਖ ਬੱਚਿਆਂ ਦੀ ਪੜ੍ਹਾਈ ਲਈ ਫੀਸ ਅਦਾ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕੱਤਰਤਾ 'ਚ ਲਏ ਗਏ ਫੈਸਲਿਆਂ ਬਾਰੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੋਲਕਾਤਾ 'ਚ ਗੁਰਦੁਆਰਾ ਗਰਚਾ ਸਿੰਘ ਸੰਗਤ ਵਿਖੇ ਗੁਰਮਤਿ ਵਿਦਿਆਲਾ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸ੍ਰੀ ਗੁਰੂ ਸਿੰਘ ਸਭਾ ਕੋਲਕਾਤਾ ਦੇ ਪ੍ਰਧਾਨ ਵੱਲੋਂ ਸੰਗਤੀ ਮੰਗ ਸ਼੍ਰੋਮਣੀ ਕਮੇਟੀ ਪਾਸ ਭੇਜੀ ਗਈ ਸੀ, ਜਿਸ ਨੂੰ ਪ੍ਰਵਾਨ ਕਰ ਲਿਆ ਗਿਆ ਹੈ। ਇਸ ਗੁਰਮਤਿ ਵਿਦਿਆਲੇ ਵਿਚ ਸਥਾਨਕ ਸਿੱਖ ਬੱਚਿਆਂ ਨੂੰ ਗੁਰਮਤਿ ਦੀ ਵਿਦਿਆ ਨਾਲ ਜੋੜਿਆ ਜਾਵੇਗਾ ਅਤੇ ਕੀਰਤਨ ਸਿਖਲਾਈ ਵੀ ਦਿੱਤੀ ਜਾਵੇਗੀ। ਭਾਈ ਲੌਂਗੋਵਾਲ ਨੇ ਦੱਸਿਆ ਕਿ ਇਸ ਤੋਂ ਇਲਾਵਾ ਆਂਧਰਾ ਪ੍ਰਦੇਸ਼ ਦੇ ਵਿਜੇਵਾੜਾ ਵਿਖੇ ਪੜ੍ਹ ਰਹੇ ਸਿਕਲੀਗਰ ਸਿੱਖ ਬੱਚਿਆਂ ਦੀ ਸਲਾਨਾ ਫੀਸ ਦੇਣ ਦਾ ਵੀ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵਿਜੇਵਾੜਾ 'ਚ ਸਿਕਲੀਗਰ ਸਿੱਖ ਬੱਚਿਆਂ ਦੀ ਪੜ੍ਹਾਈ ਲਈ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਸਹਾਇਤਾ ਕੀਤੀ ਜਾਂਦੀ ਹੈ, ਜਿਸ ਤਹਿਤ ਸਾਲ 2019-2020 ਦੀ ਬਣਦੀ ਫੀਸ ਚਾਰ ਲੱਖ ਅਠੱਤੀ ਹਜ਼ਾਰ ਰੁਪਏ ਜਾਰੀ ਕੀਤੀ ਜਾਵੇਗੀ।

ਉਨ੍ਹਾਂ ਇਹ ਵੀ ਦੱਸਿਆ ਕਿ ਪਾਕਿਸਤਾਨ ਸਥਿਤ ਗੁਰਦੁਆਰਾ ਕਲਗੀਧਰ ਸਿੰਘ ਸਭਾ ਸ਼ਾਹਗਾਜੀਮਾਲਾ ਦੇ ਪ੍ਰਬੰਧਕਾਂ ਵੱਲੋਂ ਕੀਤੀ ਮੰਗ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਕੀਰਤਨ ਲਈ ਸਾਜਾਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਕਾਰ ਅਤੇ ਗੁਟਕਾ ਸਾਹਿਬ ਭੇਜੇ ਜਾਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਹ ਵਰ੍ਹਾ ਕਿਉਂਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨਾਲ ਸਬੰਧਤ ਹੈ ਅਤੇ ਸ਼੍ਰੋਮਣੀ ਕਮੇਟੀ ਨੇ ਸਿੱਖ ਵਿਦਵਾਨ ਡਾ. ਰੂਪ ਸਿੰਘ ਦੁਆਰਾ ਰਚਿਤ ਪੁਸਤਕ 'ਕਲਿ ਤਾਰਣ ਗੁਰੁ ਨਾਨਕ ਆਇਆ' ਨੂੰ ਵੱਡੀ ਗਿਣਤੀ ਖਰੀਦ ਕੇ ਆਪਣੇ ਵਿਦਿਅਕ ਅਦਾਰਿਆਂ ਦੇ ਨਾਲ-ਨਾਲ ਗੁਰੂ ਸਾਹਿਬ ਦੇ ਜੀਵਨ ਸਬੰਧੀ ਖੋਜ ਦੀ ਰੁਚੀ ਰੱਖਣ ਵਾਲਿਆਂ ਤੱਕ ਮੁਫ਼ਤ ਭੇਜੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪੁਸਤਕ ਸਬੰਧੀ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੁਝਾਅ ਭੇਜਿਆ ਸੀ, ਜਿਸ ਦੀ ਰੌਸ਼ਨੀ ਵਿਚ ਫੈਸਲਾ ਲਿਆ ਹੈ। ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਚ ਧਰਮ ਅਧਿਐਨ ਦੀ ਪੜ੍ਹਾਈ ਕਰ ਰਹੇ ਐਮ.ਏ. ਅਤੇ ਐਮਫਿਲ ਦੇ ਵਿਦਿਆਰਥੀਆਂ ਨੂੰ ਵਜੀਫੇ ਦੇਣ ਦਾ ਵੀ ਫੈਸਲਾ ਕੀਤਾ ਗਿਆ। ਇਹ ਫੈਸਲਾ ਧਾਰਮਿਕ ਖੋਜ ਕਾਰਜਾਂ ਨੂੰ ਬੜਾਵਾ ਦੇਣ ਦੇ ਮੰਤਵ ਨਾਲ ਲਿਆ ਗਿਆ ਹੈ। ਇਕੱਤਰਤਾ ਦੌਰਾਨ ਮਾਨਸਾ ਜ਼ਿਲ੍ਹੇ ਦੇ ਪਿੰਡ ਡੇਲੂਆਣਾ ਵਿਖੇ ਦੋ ਤੋਂ ਇਕ ਗੁਰਦੁਆਰਾ ਕਰਨ 'ਤੇ 1 ਲੱਖ ਰੁਪਏ ਦੀ ਸਹਾਇਤਾ ਵੀ ਦਿੱਤੀ ਗਈ। ਇਸ ਤੋਂ ਇਲਾਵਾ ਇਕੱਤਰਤਾ ਦੌਰਾਨ ਭਾਸ਼ਾ ਵਿਭਾਗ ਪੰਜਾਬ ਵੱਲੋਂ ਹਿੰਦੀ ਦਿਵਸ ਮੌਕੇ ਪੰਜਾਬੀ ਬੋਲੀ ਨੂੰ ਨੀਵਾਂ ਦਿਖਾਉਣ ਅਤੇ ਪ੍ਰਸਿੱਧ ਲੇਖਕ ਡਾ. ਤੇਜਵੰਤ ਸਿੰਘ ਮਾਨ ਨਾਲ ਕੀਤੇ ਦੁਰ-ਵਿਹਾਰ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਗਈ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਪ੍ਰਿਤਪਾਲ ਸਿੰਘ ਲੁਧਿਆਣਾ, ਸ. ਸੁਖਵਰਸ਼ ਸਿੰਘ ਪੰਨੂ, ਸ. ਮਨਜੀਤ ਸਿੰਘ ਬੱਪੀਆਣਾ, ਸ. ਅਵਤਾਰ ਸਿੰਘ ਵਣਵਾਲਾ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਤੇਜਿੰਦਰਪਾਲ ਸਿੰਘ ਢਿੱਲੋਂ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸ. ਗੁਰਿੰਦਰਪਾਲ ਸਿੰਘ ਠਰੂ, ਸ. ਹਰਜਿੰਦਰ ਸਿੰਘ, ਸ. ਵਰਿੰਦਰ ਸਿੰਘ ਠਰੂ ਆਦਿ ਮੌਜੂਦ ਸਨ।

# ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ 61 ਕਰੋੜ ਮੁਆਫ਼ ਕਰਨ 'ਤੇ ਭਾਈ ਲੌਂਗੋਵਾਲ ਵੱਲੋਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਦਾ ਧੰਨਵਾਦ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮਹਾਰਾਸ਼ਟਰ ਸਰਕਾਰ ਵੱਲੋਂ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਬੋਰਡ ਦੀ 61 ਕਰੋੜ ਰੁਪਏ ਦੀ ਰਾਸ਼ੀ ਮੁਆਫ ਕਰਨ 'ਤੇ ਸੂਬੇ ਦੇ ਮੁੱਖ ਮੰਤਰੀ ਸ੍ਰੀ ਦਵਿੰਦਰ ਫੜਨਵੀਸ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਅਜਿਹਾ ਕਰ ਕੇ ਮੁੱਖ ਮੰਤਰੀ ਨੇ ਆਪਣੀ ਵਚਨਬੱਧਤਾ ਨਿਭਾਈ ਹੈ। ਦੱਸਣਯੋਗ ਹੈ ਕਿ ਇਹ ਰਾਸ਼ੀ ਸਾਲ 2008 ਵਿਚ ਮਹਾਰਾਸ਼ਟਰ ਸਰਕਾਰ ਵੱਲੋਂ 300 ਸਾਲਾ ਗੁਰਤਾਗੱਦੀ ਦਿਵਸ ਮੌਕੇ ਤਖਤ ਸਾਹਿਬ ਦੇ ਆਲੇ ਦੁਆਲੇ ਦੇ ਵਿਕਾਸ ਲਈ ਦਿੱਤੀ ਗਈ ਸੀ, ਪਰੰਤੂ ਮਗਰੋਂ ਇਸ ਨੂੰ ਕਰਜੇ ਵਜੋਂ ਦਰਸਾ ਦਿੱਤਾ ਗਿਆ ਸੀ। ਇਹ ਰਾਸ਼ੀ ਹੁਣ ਮਹਾਰਾਸ਼ਟਰ ਸਰਕਾਰ ਦੀ ਕੈਬਨਿਟ ਵੱਲੋਂ ਮੁਆਫ ਕਰ ਦਿੱਤੀ ਗਈ ਹੈ। ਭਾਈ ਲੌਂਗੋਵਾਲ ਨੇ ਇਸ ਸਬੰਧੀ ਤਖਤ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਮਿਨਹਾਸ ਅਤੇ ਹੋਰ ਅਹੁਦੇਦਾਰਾਂ ਦੇ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ। ਦਫਤਰ ਸ਼੍ਰੋਮਣੀ ਕਮੇਟੀ ਤੋਂ ਜਾਰੀ ਕੀਤੇ ਗਏ ਇੱਕ ਪ੍ਰੈਸ ਬਿਆਨ ਵਿਚ ਭਾਈ ਲੌਂਗੋਵਾਲ ਨੇ ਆਖਿਆ ਕਿ ਮਹਾਰਾਸ਼ਟਰ ਦੇ ਮੁੱਖ ਮੰਤਰੀ ਨੇ ਸੁਹਿਰਦ ਫੈਸਲਾ ਲਿਆ ਹੈ ਜਿਸ ਦੀ ਸਿੱਖ ਜਗਤ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਫੜਨਵੀਸ ਪਾਸੋਂ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਮੈਬਰਾਂ ਦੀ ਗਿਣਤੀ ਪੂਰੀ ਕਰਨ ਦੀ ਵੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਤਖਤ ਸਾਹਿਬ ਦੇ ਪ੍ਰਬੰਧਕੀ ਬੋਰਡ ਵਿਚ ਸਾਰੇ ਮੈਂਬਰਾਂ ਦੀ ਨਾਮਜਦਗੀ ਲਾਜ਼ਮੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨਕ ਤੌਰ 'ਤੇ ਸਾਰੇ ਮੈਂਬਰਾਂ ਦੀ ਨਾਮਜਦਗੀ ਬਾਅਦ ਬੋਰਡ ਦੇ ਅਹੁਦੇਦਾਰ ਚੁਣਨ ਲਈ ਸਰਕਾਰ ਨੂੰ ਕਾਰਵਾਈ ਕਰਨੀ ਚਾਹੀਦੀ ਹੈ।

## ਸ਼੍ਰੋਮਣੀ ਕਮੇਟੀ ਨੇ ਅੰਡੇਮਾਨ ਨਿਕੋਬਾਰ ਦੇ ਉੱਪ ਰਾਜਪਾਲ ਨੂੰ ਪੱਤਰ ਲਿਖ ਕੇ ਇਕ ਟਾਪੂ ਦਾ ਨਾਂ ਡਾ. ਦੀਵਾਨ ਸਿੰਘ ਕਾਲੇਪਾਣੀ ਤੇ ਸੜਕ ਦਾ ਨਾਂ ਬਾਬਾ ਸੋਹਣ ਸਿੰਘ ਭਕਨਾ ਰੱਖਣ ਲਈ ਕਿਹਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਡੇਮਾਨ ਨਿਕੋਬਾਰ ਦੇ ਉੱਪ ਰਾਜਪਾਲ ਐਡਮਿਰਲ ਡੀ. ਕੇ. ਜੋਸ਼ੀ ਨੂੰ ਇਕ ਪੱਤਰ ਲਿਖ ਕੇ ਕਾਲੇਪਾਣੀ ਦੀ ਸੈਲੂਲਰ ਜ਼ੇਲ੍ਹ ਵਿਚ ਸਜਾਵਾਂ ਕੱਟਣ ਵਾਲੇ ਸਿੱਖਾਂ ਨੂੰ ਢੁਕਵਾਂ ਮਾਣ-ਸਤਿਕਾਰ ਦੇਣ ਲਈ ਉਥੇ ਦੇ ਇਕ ਟਾਪੂ ਦਾ ਨਾਂ ਡਾ. ਦੀਵਾਨ ਸਿੰਘ ਨਗਰ ਰੱਖਣ ਅਤੇ ਪੋਰਟ ਬਲੇਅਰ ਦੀ ਇਕ ਸੜਕ ਦਾ ਨਾਂ ਬਾਬਾ ਸੋਹਣ ਸਿੰਘ ਨੂੰ ਸਮਰਪਿਤ ਕਰਨ ਦੀ ਮੰਗ ਕੀਤੀ ਗਈ ਹੈ। ਉੱਪ ਰਾਜਪਾਲ ਨੂੰ ਇਹ ਪੱਤਰ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਲਿਖਿਆ ਹੈ। ਪੱਤਰ ਰਾਹੀਂ ਭਾਰਤ ਦੀ ਅਜ਼ਾਦੀ ਵਿਚ ਸਿੱਖਾਂ ਦੇ ਬਹਾਦਰੀ ਭਰੇ ਸੰਘਰਸ਼ ਦਾ ਹਵਾਲਾ ਦਿੰਦਿਆਂ ਕਾਲੇਪਾਣੀ ਜ਼ੇਲ੍ਹ ਦੀਆਂ ਸਜ਼ਾਵਾਂ ਭੁਗਤਣ ਵਾਲੇ ਸਿੱਖ ਕੈਦੀਆਂ ਨੂੰ ਬਣਦਾ ਸਤਿਕਾਰ ਦੇਣ ਦੀ ਅਪੀਲ ਕੀਤੀ ਗਈ ਹੈ।

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਇਸ ਸਬੰਧੀ ਦੱਸਿਆ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਤੋਂ ਪਹਿਲਾਂ ਵੀ ਪੂਰਵ ਉੱਪ ਰਾਜਪਾਲ ਪ੍ਰੋ. ਜਗਦੀਸ਼ ਮੁਖੀ ਤੱਕ ਪਹੁੰਚ ਕੀਤੀ ਗਈ ਸੀ, ਜਿਨ੍ਹਾਂ ਨੇ ਪੰਜਾਬੀਆਂ ਅਤੇ ਖ਼ਾਸਕਰ ਸਿੱਖਾਂ ਨੂੰ ਬਣਦੀ ਮਾਨਤਾ ਦੇਣ ਦਾ ਵਾਅਦਾ ਕੀਤਾ ਸੀ। ਹੁਣ ਦੁਬਾਰਾ ਮੌਜੂਦਾ ਉੱਪ ਰਾਜਪਾਲ ਨੂੰ ਇਸ ਸਬੰਧੀ ਯਾਦ ਦਿਵਾਇਆ ਗਿਆ ਹੈ, ਤਾਂ ਜੋ ਸਿੱਖ ਅਜ਼ਾਦੀ ਘੁਲਾਟੀਆਂ ਨੂੰ ਮਾਣ-ਸਤਿਕਾਰ ਮਿਲ ਸਕੇ। ਡਾ. ਰੂਪ ਸਿੰਘ ਨੇ ਦੱਸਿਆ ਕਿ ਹਾਲ ਹੀ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ 'ਤੇ ਸ਼੍ਰੋਮਣੀ ਕਮੇਟੀ ਦਾ ਇਕ ਵਫ਼ਦ ਅੰਡੇਮਾਨ-ਨਿਕੋਬਾਰ ਦਾ ਦੌਰਾ ਕਰਕੇ ਪਰਤਿਆ ਹੈ। ਇਸ ਵਫ਼ਦ ਵਿਚ ਪ੍ਰਸਿੱਧ ਪੱਤਰਕਾਰ ਸ. ਜਗਤਾਰ ਸਿੰਘ, ਸ. ਗੁਰਦਰਸ਼ਨ ਸਿੰਘ ਬਾਹੀਆ ਅਤੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਸ. ਤੇਜਿੰਦਰ ਸਿੰਘ ਪੱਡਾ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਕਾਲੇਪਾਣੀ ਦੇ ਅਜ਼ਾਦੀ ਘੁਲਾਟੀਏ ਸਿੱਖਾਂ ਤੇ ਪੰਜਾਬੀਆਂ ਬਾਰੇ ਸ਼੍ਰੋਮਣੀ ਕਮੇਟੀ ਇਕ ਖੋਜ ਕਾਰਜ ਵੀ ਕਰਵਾ ਰਹੀ ਹੈ, ਜਿਸ ਦੇ ਜਲਦ ਮੁਕੰਮਲ ਹੋਣ ਦੀ ਆਸ ਹੈ। ਇਸ ਵਿਚ ਕਾਲੇਪਾਣੀ ਦੀਆਂ ਸਜ਼ਾਵਾਂ ਕੱਟਣ ਵਾਲੇ ਸਿੱਖਾਂ ਤੇ ਪੰਜਾਬੀਆਂ ਦੀ ਵਿੱਥਿਆ ਦਰਜ਼ ਹੋਵੇਗੀ। ਉਨ੍ਹਾਂ ਕਿਹਾ ਕਿ ਸੈਲੂਲਰ ਜ਼ੇਲ੍ਹ ਮੁੱਖ ਤੌਰ 'ਤੇ ਪੰਜਾਬ ਦੇ ਅਜ਼ਾਦੀ ਘੁਲਾਟੀਆਂ ਨਾਲ ਜਾਣੀ ਜਾਂਦੀ ਹੈ, ਪਰ ਇਹ ਤਲਖ਼ ਸੱਚ ਹੈ ਕਿ ਅਜੇ ਤੱਕ ਇਨ੍ਹਾਂ ਨੂੰ ਬਣਦਾ ਮਾਣ ਹਾਸਲ ਨਹੀਂ ਹੋਇਆ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਯਤਨ ਹੈ ਕਿ ਕਾਲੇਪਾਣੀ ਦੀਆਂ ਸਜ਼ਾਵਾਂ ਕੱਟਣ ਵਾਲੇ ਯੋਧਿਆਂ ਦੇ ਯੋਗਦਾਨ ਨੂੰ ਵੱਧ ਤੋਂ ਵੱਧ ਉਭਾਰਿਆ ਜਾਵੇ। ਇਸੇ ਮਨਸ਼ਾ ਅਨੁਸਾਰ ਹੀ ਪੋਰਟ ਬਲੇਅਰ ਦੇ ਇਕ ਟਾਪੂ ਦਾ ਨਾਂ ਡਾ. ਦੀਵਾਨ ਸਿੰਘ ਕਾਲੇਪਾਣੀ ਤੇ ਸੜਕ ਦਾ ਨਾਂ ਬਾਬਾ ਸੋਹਣ ਸਿੰਘ ਭਕਨਾ ਨੂੰ ਸਮਰਪਿਤ ਕਰਨ ਦੀ ਤਜਵੀਜ਼ ਅੰਡੇਮਾਨ-ਨਿਕੋਬਾਰ ਦੇ ਉਪ ਰਾਜਪਾਲ ਨੂੰ ਭੇਜੀ ਗਈ ਹੈ। ਇਸ ਦੇ ਨਾਲ ਹੀ ਖੋਜ ਕਾਰਜਾਂ ਦੀ ਵੀ ਨਿਰੰਤਰਤਾ ਬਣੀ ਹੋਈ ਹੈ।

## ਗੁਰੂ ਸਾਹਿਬ ਦੀ ਬਾਣੀ ਦਾ ਉਦੇਸ਼ ਮਨੁੱਖ ਨੂੰ ਸਚਿਆਰ ਬਣਾਉਣਾ : ਪ੍ਰੋ. ਬਡੂੰਗਰ

### 'ਗੁਰੂ ਨਾਨਕ ਬਾਣੀ 'ਚ ਮਾਨਵੀ ਅਧਿਕਾਰਾਂ ਦੀ ਪੇਸ਼ਕਾਰੀ' ਵਿਸ਼ੇ 'ਤੇ ਸੈਮੀਨਾਰ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਕਾਲਜ ਬਟਾਲਾ (ਗੁਰਦਾਸਪੁਰ) ਵਿਖੇ 'ਗੁਰੂ ਨਾਨਕ ਬਾਣੀ 'ਚ ਮਾਨਵੀ ਅਧਿਕਾਰਾਂ ਦੀ ਪੇਸ਼ਕਾਰੀ' ਵਿਸ਼ੇ 'ਤੇ ਸੈਮੀਨਾਰ ਆਯੋਜਿਤ ਕੀਤਾ ਗਿਆ।

ਇਸ ਮੌਕੇ ਸੈਮੀਨਾਰ ਸਬ ਕਮੇਟੀ ਦੇ ਚੇਅਰਮੈਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਰਚਿਤ ਬਾਣੀ ਦਾ ਉਦੇਸ਼ ਹੀ ਮਨੁੱਖ ਨੂੰ ਸਚਿਆਰ ਬਣਾਉਣਾ ਹੈ। ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਵਿਦਿਆਰਥੀਆਂ ਨੂੰ ਪ੍ਰੇਰਨਾ ਦਿੱਤੀ ਕਿ ਅੱਜ ਗੁਰੂ ਸਾਹਿਬ ਦੇ ਆਸ਼ੇ ਅਨੁਸਾਰ ਜੀਵਨ ਜਿਊਣ ਅਤੇ ਗੁਰੂ ਸਾਹਿਬ ਦੇ ਸਿਧਾਂਤ ਅਤੇ ਫਲਸਫੇ ਨੂੰ ਅਪਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਕਿਸੇ ਇਕ ਕੌਮ ਜਾਂ ਫਿਰਕੇ ਦੇ ਨਹੀਂ ਬਲਕਿ ਸਮੁੱਚੀ ਮਾਨਵਤਾ ਦੇ ਰਹਿਬਰ ਸਨ। ਸੈਮੀਨਾਰ ਦੌਰਾਨ ਡਾ. ਜਸਵਿੰਦਰ ਕੌਰ ਢਿੱਲੋਂ ਤੇ ਹੋਰਨਾ ਨੇ ਕੁੰਜੀਵਤ ਭਾਸ਼ਣ ਪੇਸ਼ ਕਰਦਿਆਂ ਗੁਰੂ ਨਾਨਕ ਬਾਣੀ ਵਿੱਚ ਵਿਸ਼ਵ ਸ਼ਾਂਤੀ ਦਾ ਸੰਦਰਭ, ਮਨੁੱਖੀ ਅਜ਼ਾਦੀ ਦਾ ਸੰਕਲਪ, ਮਾਨਵੀ ਸਮਾਨਤਾ ਦਾ ਸੰਕਲਪ ਆਦਿ ਵਿਸ਼ਿਆਂ ਨੂੰ ਆਪਣੇ ਭਾਸ਼ਣ ਦਾ ਹਿੱਸਾ ਬਣਾਇਆ। ਇਸ ਉਪਰੰਤ ਡਾਇਰੈਕਟਰ ਐਜੂਕੇਸ਼ਨ ਡਾ. ਤੇਜਿੰਦਰ ਕੌਰ ਧਾਲੀਵਾਲ ਨੇ ਕਿਹਾ ਕਿ ਅੱਜ ਲੋੜ ਹੈ ਕਿ ਗੁਰੂ ਨਾਨਕ ਬਾਣੀ ਨੂੰ ਆਪਣੇ ਜੀਵਨ ਵਿਚ ਅਮਲੀਜਾਮਾ ਪਹਿਨਾਇਆ ਜਾਵੇ ਕਿਉਂਕਿ ਇਹ ਬਾਣੀ ਮਨੁੱਖਤਾ ਦੇ ਕਲਿਆਣ ਲਈ ਸਭ ਤੋਂ ਉਪਯੋਗੀ ਹੈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਸੰਬੋਧਨ ਕੀਤਾ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਗੁਰਚਰਨ ਸਿੰਘ ਗਰੇਵਾਲ, ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਤੇ ਸ. ਗੁਰਨਾਮ ਸਿੰਘ ਜੱਸਲ, ਹਲਕਾ ਵਿਧਾਇਕ ਲਖਬੀਰ ਸਿੰਘ ਲੋਧੀਨੰਗਲ, ਡਿਪਟੀ ਡਾਇਰੈਕਟਰ ਸਕੂਲਾਂ ਸਤਵੰਤ ਕੌਰ, ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਪ੍ਰਿੰਸੀਪਲ ਬਲਵਿੰਦਰ ਕੌਰ, ਬਲਜੀਤ ਸਿੰਘ, ਡਾ. ਬਲਜੀਤ ਸਿੰਘ ਵਿਰਕ, ਡਾ. ਭਾਰਤਬੀਰ ਕੌਰ, ਮੈਨੇਜਰ ਗੁਰਤਿੰਦਰ ਸਿੰਘ ਆਦਿ ਹਾਜ਼ਰ ਸਨ। ਸੈਮੀਨਾਰ ਦੌਰਾਨ ਪ੍ਰਿੰ. ਡਾ. ਗਗਨਦੀਪ ਸਿੰਘ ਸਮੇਤ ਸਮੁੱਚੇ ਸਟਾਫ ਦੌਰਾਨ ਅਹਿਮ ਯੋਗਦਾਨ ਰਿਹਾ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਦਾ ਮਹੱਤਵ ਮਨੁੱਖੀ ਏਕਤਾ ਨੂੰ ਉਜਾਗਰ ਕਰਨ ਵਾਲਾ- ਗਿਆਨੀ ਜਗਤਾਰ ਸਿੰਘ

### ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਨਾਨਕ ਭਵਨ ਵਿਖੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਆਯੋਜਿਤ



ਅੰਮ੍ਰਿਤਸਰ 20 ਸਤੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਥਾਨਕ ਸਿਟੀ ਸੈਂਟਰ ਸਥਿਤ ਗੁਰੂ ਨਾਨਕ ਭਵਨ ਵਿਖੇ ਇਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਅੰਮ੍ਰਿਤਸਰ ਅਤੇ ਤਰਨ ਤਾਰਨ ਨਾਲ ਸਬੰਧਤ ਕਾਲਜਾਂ ਦੇ 1200 ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਸ਼੍ਰੋਮਣੀ ਕਮੇਟੀ ਵੱਲੋਂ ਸਕੂਲਾਂ/ਕਾਲਜਾਂ ਵਿਚ ਕਰਵਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਦਾ ਇਹ 15ਵਾਂ ਸੈਮੀਨਾਰ ਹੈ।

ਸੈਮੀਨਾਰ ਵਿਚ ਉਚੇਚੇ ਤੌਰ 'ਤੇ ਪਹੁੰਚੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਦਾ ਮਹੱਤਵ ਮਨੁੱਖੀ ਏਕਤਾ ਨੂੰ ਉਜਾਗਰ ਕਰਨ ਵਾਲਾ ਹੈ, ਜਿਸ ਨੂੰ ਵਰਤਮਾਨ ਸਮੇਂ ਅੰਦਰ ਹੋਰ ਵੀ ਸੰਜੀਦਗੀ ਨਾਲ ਸਮਝਣ ਤੇ ਪ੍ਰਚਾਰਨ ਦੀ ਲੋੜ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿਚ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਵਿਸ਼ਵ ਦੇ ਉੱਚਤਮ ਦਾਰਸ਼ਨਿਕ ਤੇ ਕ੍ਰਾਂਤੀਕਾਰੀ ਰਹਿਬਰ ਹਨ, ਜਿਨ੍ਹਾਂ ਦੀ ਵਿਚਾਰਧਾਰਾ ਨੂੰ ਵਿਸ਼ਵ ਪ੍ਰਸੰਗ ਵਿਚ ਵੇਖਣਾ ਚਾਹੀਦਾ ਹੈ। ਗੁਰੂ ਸਾਹਿਬ ਨੇ ਮਨੁੱਖ ਨੂੰ ਸੰਕੀਰਨਤਾ ਦੀਆਂ ਵਲਗਣਾਂ 'ਚੋਂ ਕੱਢ ਕੇ ਬ੍ਰਹਿਮੰਡੀ ਵਿਚਾਰਧਾਰਾ ਦਾ ਧਾਰਨੀ ਬਣਾਇਆ। ਪ੍ਰੋ. ਬਡੂੰਗਰ ਨੇ ਮਨੁੱਖ ਦੀਆਂ ਸਮੱਸਿਆਵਾਂ ਦੇ ਹੱਲ ਲਈ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਸਰਵਉੱਚ ਦੱਸਿਆ ਅਤੇ ਇਸ ਦੇ ਧਾਰਨੀ ਬਣਨ ਦੀ ਲੋੜ 'ਤੇ ਜ਼ੋਰ ਦਿੱਤਾ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤਰਫੋਂ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ। ਉਨ੍ਹਾਂ ਆਸ ਪ੍ਰਗਟਾਈ ਕਿ ਸੈਮੀਨਾਰ ਵਿਚ ਪੜ੍ਹੇ ਗਏ ਪਰਚਿਆਂ ਤੋਂ ਵਿਦਿਆਰਥੀਆਂ ਨੂੰ ਜੀਵਨ ਸੇਧਾਂ ਪ੍ਰਾਪਤ ਕਰਨ ਲਈ ਜ਼ਰੂਰ ਅਗਵਾਈ ਮਿਲੇਗੀ।

ਇਸ ਤੋਂ ਪਹਿਲਾਂ ਡਾ. ਰੂਪ ਸਿੰਘ ਨੇ ਆਪਣੇ ਕੁੰਜੀਵਤ ਭਾਸ਼ਣ ਵਿਚ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਮਨੁੱਖ ਦੀ ਦਾਰਸ਼ਨਿਕ, ਸਮਾਜਿਕ, ਆਰਥਿਕ, ਰਾਜਨੀਤਕ, ਵਿਗਿਆਨਕ ਤੇ ਮਨੋ-ਵਿਗਿਆਨਕ ਭਾਵ ਹਰ ਪੱਖ ਤੋਂ ਅਗਵਾਈ ਦੇਣ ਵਾਲੀ ਕਰਾਰ ਦਿੱਤਾ। ਸੈਮੀਨਾਰ ਦੌਰਾਨ ਡਾ. ਜਸਬੀਰ ਸਿੰਘ ਸਰਨਾ, ਸ਼ਾਂਤੀ ਨਿਕੇਤਨ ਯੂਨੀਵਰਸਿਟੀ ਬੰਗਾਲ ਤੋਂ ਡਾ. ਸਿਰਾਜ਼ੁੱਲ ਇਸਲਾਮ ਤੇ ਡਾ. ਇੰਦਰਜੀਤ ਸਿੰਘ ਗੋਗੋਆਣੀ ਵੱਲੋਂ ਗੁਰੂ ਸਾਹਿਬ ਜੀ ਦੀ ਜੀਵਨ ਤੇ ਉਨ੍ਹਾਂ ਦੀ ਬਾਣੀ ਅਧਾਰਿਤ ਖੋਜ ਭਰਪੂਰ ਪਰਚੇ ਪੜ੍ਹੇ ਗਏ। ਡਾ. ਸਿਰਾਜ਼ੁੱਲ ਇਸਲਾਮ ਨੇ ਆਪਣੇ ਪਰਚੇ ਰਾਹੀਂ ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਵਰਗ ਵੰਡ ਤੇ ਸ਼੍ਰੇਣੀ ਵੰਡ ਦੇ ਖਿਲਾਫ਼ ਬੁਲੰਦ ਅਵਾਜ਼ ਉਠਾਉਣ ਵਾਲੇ ਰਹਿਬਰ ਦੱਸਿਆ, ਉਥੇ ਹੀ ਸਿੱਖ ਧਰਮ ਦੀਆਂ ਮਨੁੱਖਤਾ ਖ਼ਾਤਿਰ ਕੁਰਬਾਨੀਆਂ ਨੂੰ ਵੀ ਯਾਦ ਕੀਤਾ। ਉਨ੍ਹਾਂ ਸਿੱਖ ਰਵਾਇਤਾਂ, ਸਿਧਾਂਤਾਂ ਤੇ ਕਦਰਾਂ-ਕੀਮਤਾਂ ਦੀ ਵਿਲੱਖਣਤਾ ਨੂੰ ਵੀ ਉਭਾਰਿਆ। ਬੁਲਾਰਿਆਂ ਦੀ ਸਮਾਂ ਦੇਣ ਦੀ ਜ਼ੁੰਮੇਵਾਰੀ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਨਿਭਾਈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਬੁਲਾਰਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਸੈਮੀਨਾਰ ਦੌਰਾਨ ਪਦਮ ਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਗੱਜਣ ਸਿੰਘ ਤਰਨਾ ਦਲ, ਬਾਬਾ ਸੁਬੇਗ ਸਿੰਘ, ਬਾਬਾ ਬੋਹੜ ਸਿੰਘ ਦਮਦਮੀ ਟਕਸਾਲ, ਬਾਬਾ ਹਾਕਮ ਸਿੰਘ ਸਰਹਾਲੀ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਸ. ਅਮਰੀਕ ਸਿੰਘ ਵਿਛੋਆ, ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਮੀਤ ਸਿੰਘ ਬੂਹ, ਸ. ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਕੁਲਦੀਪ ਸਿੰਘ ਤੇੜਾ, ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਵੱਖ-ਵੱਖ ਸਕੂਲਾਂ ਕਾਲਜਾਂ ਦੇ ਪ੍ਰਿੰਸੀਪਲ ਮੌਜੂਦ ਸਨ।

## ਸਫ਼ਾ 1 ਦਾ ਬਾਕੀ

### ਕੁਰੂਕਸ਼ੇਤਰ ਵਿਖੇ ਰਾਜ ਪੱਧਰੀ ਸਮਾਗਮ....

ਲੌਂਗੋਵਾਲ ਤੇ ਸ. ਰਘੂਜੀਤ ਸਿੰਘ ਵਿਰਕ ਨੇ ਸਨਮਾਨਿਤ ਵੀ ਕੀਤਾ। ਸਟੇਜ ਦੀ ਸੇਵਾ ਸਿੱਖ ਮਿਸ਼ਨ ਹਰਿਆਣਾ ਦੇ ਇੰਚਾਰਜ ਭਾਈ ਮੰਗਪ੍ਰੀਤ ਸਿੰਘ ਨੇ ਨਿਭਾਈ। ਇਸ ਮੌਕੇ ਰਾਜ ਸਭਾ ਮੈਂਬਰ ਸ. ਬਲਵਿੰਦਰ ਸਿੰਘ ਭੂੰਦੜ, ਸੀਨੀਅਰ ਅਕਾਲੀ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸ. ਦਰਬਾਰਾ ਸਿੰਘ ਗੁਰੂ, ਜਥੇਦਾਰ ਅਵਤਾਰ ਸਿੰਘ ਹਿੱਤ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਹਰਭਜਨ ਸਿੰਘ ਮਸਾਣਾਂ, ਸ. ਤੇਜਿੰਦਰਪਾਲ ਸਿੰਘ ਲਾਡਵਾ, ਸ. ਬਲਦੇਵ ਸਿੰਘ ਕਾਇਮਪੁਰ, ਸ. ਭੁਪਿੰਦਰ ਸਿੰਘ ਅਸੰਧ, ਸ. ਬਲਦੇਵ ਸਿੰਘ ਖ਼ਾਲਸਾ, ਸ. ਜਗਸੀਰ ਸਿੰਘ ਮਾਂਗੇਆਣਾ, ਬੀਬੀ ਮਨਜੀਤ ਕੌਰ ਗਧੌਲਾ, ਸ. ਸ਼ਰਨਜੀਤ ਸਿੰਘ ਸੋਥਾ, ਸ. ਬਲਕੌਰ ਸਿੰਘ ਐਮ.ਐਲ.ਏ., ਬਾਬਾ ਰਾਮ ਸਿੰਘ ਨਾਨਕਸਰ ਸੀਂਘੜਾ, ਬਾਬਾ ਰਜਿੰਦਰ ਸਿੰਘ ਖ਼ਾਲਸਾ ਇਸਰਾਣਾ ਸਾਹਿਬ, ਬਾਬਾ ਗੁਰਵਿੰਦਰ ਸਿੰਘ ਮਾਂਡੀਵਾਲੇ, ਬਾਬਾ ਰਾਮ ਸਿੰਘ ਨਿਰਮਲ ਕੁਟੀਆ ਕਰਨਾਲ, ਬਾਬਾ ਕਸ਼ਮੀਰ ਸਿੰਘ ਨਾਨਕਸਰ ਕਰਨਾਲ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਸੁੱਖਾ ਸਿੰਘ ਕਰਨਾਲ, ਬਾਬਾ ਸੁਬੇਗ ਸਿੰਘ ਕਾਰਸੇਵਾ ਵਾਲੇ, ਬਾਬਾ ਗੁਰਮੀਤ ਸਿੰਘ ਭਾਨੋਖੇੜੀ, ਮਹੰਤ ਕਰਮਜੀਤ ਸਿੰਘ ਸੇਵਾ ਪੰਥੀ, ਬਾਬਾ ਬਾਬੂ ਸਿੰਘ, ਬਾਬਾ ਜੋਗਾ ਸਿੰਘ ਤਰਾਵੜੀ, ਬਾਬਾ ਮੇਹਰ ਸਿੰਘ, ਬਾਬਾ ਨਿਰਮਲ ਸਿੰਘ, ਬਾਬਾ ਗੁਰਪਾਲ ਸਿੰਘ, ਬਾਬਾ ਮੇਜਰ ਸਿੰਘ, ਬਾਬਾ ਦਰਸ਼ਨ ਸਿੰਘ, ਬੀਬੀ ਜਸਵਿੰਦਰ ਕੌਰ ਦਰੜ, ਬਾਬਾ ਦਿਲਬਾਗ ਸਿੰਘ ਸ਼ੇਖੂਪੁਰਾ, ਬਾਬਾ ਗੁਰਬਚਨ ਸਿੰਘ ਅਸੰਧ, ਬਾਬਾ ਭੁਪਿੰਦਰ ਸਿੰਘ, ਬਾਬਾ ਸੰਤਾ ਸਿੰਘ, ਬਾਬਾ ਜੱਸਾ ਸਿੰਘ ਬੁੱਢਾ ਦਲ, ਗਿਆਨੀ ਕਰਨੈਲ ਸਿੰਘ ਗਰੀਬ, ਗਿਆਨੀ ਰਣਜੀਤ ਸਿੰਘ ਗੌਹਰ, ਬਾਬਾ ਜਸਪ੍ਰੀਤ ਸਿੰਘ, ਸ. ਸੁਖਦੇਵ ਸਿੰਘ ਗੋਬਿੰਦਗੜ੍ਹ, ਸ. ਅਮਰਜੀਤ ਸਿੰਘ ਮੰਗੀ, ਸ. ਗੁਰਜੀਤ ਸਿੰਘ ਭਾਨੋਖੇੜੀ, ਬੀਬੀ ਕਰਤਾਰ ਕੌਰ, ਬੀਬੀ ਰਜਿੰਦਰ ਕੌਰ ਅਜਰਾਣਾ, ਸ. ਕੰਵਲਜੀਤ ਸਿੰਘ ਅਜਰਾਣਾ, ਇੰਜ: ਬਲਬੀਰ ਸਿੰਘ, ਸ. ਬਲਕਾਰ ਸਿੰਘ, ਸ. ਸੁਖਬੀਰ ਸਿੰਘ ਮਾਂਡੀ, ਸ. ਅਵਤਾਰ ਸਿੰਘ ਸੈਂਪਲਾ ਤੇ ਸ. ਪਰਮਜੀਤ ਸਿੰਘ ਇੰਚਾਰਜ ਆਦਿ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਮੁਕਾਬਲੇ ਕਰਵਾਏ ਗਏ



ਅੰਮ੍ਰਿਤਸਰ- ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਰਵਾਏ ਗਏ ਕਰਵਾਏ ਗਏ ਪੇਟਿੰਗ ਮੁਕਾਬਲੇ ਵਿਚ ਛੇਵੀਂ ਤੋਂ ਅੱਠਵੀਂ ਕਲਾਸ ਤੱਕ ਪਹਿਲੇ ਵਰਗ ਤਹਿਤ 37 ਸਕੂਲਾਂ ਦੇ 145 ਵਿਦਿਆਰਥੀਆਂ, ਨੌਵੀਂ ਤੋਂ ਬਾਰ੍ਹਵੀਂ ਤੱਕ ਦੂਸਰੇ ਵਰਗ ਵਿਚ 30 ਸਕੂਲ ਦੇ 105 ਵਿਦਿਆਰਥੀਆਂ ਅਤੇ ਗ੍ਰੈਜੂਏਸ਼ਨ ਪੱਧਰ ਦੇ ਤੀਸਰੇ ਗਰੁੱਪ ਵਿਚ 15 ਕਾਲਜਾਂ ਦੇ 45 ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੂੰ ਦਿੱਤੇ ਗਏ ਵਿਸ਼ਿਆਂ ਵਿਚ ਕਿਰਤੀ ਸਿੱਖ ਦੀ ਤਸਵੀਰ, ਸਿੱਖ ਸਾਜ਼ ਰਬਾਬ/ਸਰੰਦਾ, ਬਲਿਹਾਰੀ ਕੁਦਰਤਿ ਵਸਿਆ ਨੂੰ ਦਰਸਾਉਂਦਾ ਦ੍ਰਿਸ਼ ਸ਼ਾਮਲ ਸਨ। ਇਸ ਤੋਂ ਇਲਾਵਾ ਤੀਸਰੇ ਗਰੁੱਪ ਦੇ ਵਿਦਿਆਰਥੀਆਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪ੍ਰਕਰਮਾਂ ਵਿਚ ਸਰੋਵਰ ਕਿਨਾਰੇ ਬੈਠ ਕੇ ਇਸ ਪਾਵਨ ਅਸਥਾਨ ਦੀ ਤਸਵੀਰ ਬਣਾਈ ਗਈ।

ਇਸੇ ਤਰ੍ਹਾਂ ਸਕੂਲੀ ਬੱਚਿਆਂ ਦੇ ਗੁਰ-ਇਤਿਹਾਸ ਨਾਲ ਸਬੰਧਤ ਲਿਖਤੀ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ 45 ਸਕੂਲਾਂ ਦੇ 225 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸੇ ਦੌਰਾਨ ਸੁੰਦਰ ਲਿਖਾਈ ਦੇ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿਚ 40 ਸਕੂਲਾਂ ਦੇ ਵਿਦਿਆਰਥੀ ਸ਼ਾਮਲ ਹੋਏ। ਸਕੂਲੀ ਬੱਚਿਆਂ ਦੇ ਸ਼ਬਦ-ਵਿਚਾਰ ਮੁਕਾਬਲੇ 28 ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਦੇ ਸ਼ਬਦ ਦੀ ਵਿਚਾਰ ਕੀਤੀ ਗਈ। ਇਸੇ ਤਰ੍ਹਾਂ ਕਵੀਸ਼ਰੀ ਮੁਕਾਬਲੇ ਵਿਚ ਵੀ 27 ਸਕੂਲਾਂ ਦੇ ਵਿਦਿਆਰਥੀਆਂ ਨੇ ਕਵੀਸ਼ਰੀ ਕਲਾ ਰਾਹੀਂ ਇਤਿਹਾਸ ਪੇਸ਼ ਕੀਤਾ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਹਰ ਸਾਲ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੱਚਿਆਂ ਅੰਦਰ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਪੰਜਾਬ ਭਰ ਦੇ ਸਕੂਲੀ ਵਿਦਿਆਰਥੀਆਂ ਦੇ ਲਿਖਤੀ ਇਮਤਿਹਾਨ, ਭਾਸ਼ਣ, ਕਵੀਸ਼ਰੀ, ਕਵਿਤਾ, ਸ਼ਬਦ ਕੀਰਤਨ, ਪੇਂਟਿੰਗ ਤੇ ਕੁਇਜ਼ ਮੁਕਾਬਲੇ ਕਰਵਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਹ ਮੁਕਾਬਲੇ ਕਰਵਾਉਣ ਦਾ ਮੰਤਵ ਨੌਜੁਆਨੀ ਅਤੇ ਬੱਚਿਆਂ ਨੂੰ ਸਿੱਖ ਕੌਮ ਦੇ ਸ਼ਾਨਾਮੱਤੇ ਵਿਰਸੇ, ਇਤਿਹਾਸ ਅਤੇ ਗੁਰਮਤਿ ਦੀ ਰਹਿਣੀ ਨਾਲ ਜੋੜਨਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਮੁਕਾਬਲਿਆਂ ਵਿੱਚੋਂ ਅੱਵਲ ਆਉਣ ਵਾਲੇ ਬੱਚਿਆਂ ਨੂੰ ਗੁਰਪੁਰਬ ਸਮੇਂ ਸਨਮਾਨਿਤ ਕੀਤਾ ਜਾਵੇਗਾ। ਇਨ੍ਹਾਂ ਮੁਕਾਬਲਿਆਂ ਸਮੇਂ ਜੱਜਮੈਂਟ ਲਈ ਸ. ਗੁਰਵਿੰਦਰ ਸਿੰਘ, ਸ. ਮਨਦੀਪ ਸਿੰਘ, ਸ. ਗੁਰਦੀਪ ਸਿੰਘ, ਬੀਬੀ ਰਮਨਦੀਪ ਕੌਰ, ਪ੍ਰੋਫੈਸਰ ਕੁਲਰਾਜ ਸਿੰਘ ਵੱਲ੍ਹਾ, ਪ੍ਰੋਫੈਸਰ ਰਾਜਿੰਦਰ ਸਿੰਘ ਤੇ ਪ੍ਰੋਫੈਸਰ ਸੁਖਵਿੰਦਰ ਸਿੰਘ, ਸ. ਚਰਨ ਸਿੰਘ, ਭਾਈ ਸੁਖਰਾਜ ਸਿੰਘ ਤੇ ਸ. ਰਵਿੰਦਰ ਸਿੰਘ ਨੇ ਸੇਵਾ ਨਿਭਾਈ।

## ਕਸ਼ਮੀਰੀ ਵਿਦਿਆਰਥੀਆਂ ਦੀ ਮੱਦਦ ਲਈ ਸ਼੍ਰੋਮਣੀ ਕਮੇਟੀ ਵਚਨਬੱਧ -ਭਾਈ ਲੌਂਗੋਵਾਲ

ਅੰਮ੍ਰਿਤਸਰ- ਤਲਵੰਡੀ ਸਾਬੋ ਵਿਖੇ ਗੁਰੂ ਕਾਸ਼ੀ ਯੂਨੀਵਰਸਿਟੀ ਵਿਚ ਪੜ੍ਹਦੇ ਕਸ਼ਮੀਰੀ ਵਿਦਿਆਰਥੀਆਂ ਦੀ ਮੱਦਦ ਲਈ ਸ਼੍ਰੋਮਣੀ ਕਮੇਟੀ ਵੱਲੋਂ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਨ੍ਹਾਂ ਬੱਚਿਆਂ ਨੂੰ ਪਹਿਲਾਂ ਵੀ ਸ਼੍ਰੋਮਣੀ ਕਮੇਟੀ ਵੱਲੋਂ ਰਾਸ਼ਣ ਤੇ ਆਰਥਿਕ ਮੱਦਦ ਦਿੱਤੀ ਗਈ ਹੈ ਅਤੇ ਅੱਗੋਂ ਵੀ ਜੋ ਲੋੜ ਮਹਿਸੂਸ ਕਰਨਗੇ ਸਹਾਇਤਾ ਦਿੱਤੀ ਜਾਵੇਗੀ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਇੱਕ ਪ੍ਰੈਸ ਬਿਆਨ ਰਾਹੀਂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਨੂੰ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਕਸ਼ਮੀਰੀ ਵਿਦਿਆਰਥੀਆਂ ਨੂੰ ਮਿਲਣ ਲਈ ਭੇਜਿਆ ਗਿਆ ਸੀ, ਜਿਨ੍ਹਾਂ ਨੇ ਬੱਚਿਆਂ ਨਾਲ ਗੱਲਬਾਤ ਕੀਤੀ ਹੈ। ਕਸ਼ਮੀਰ ਵਿਚ ਸੰਚਾਰ ਸਾਧਨ ਬੰਦ ਹੋਣ ਕਾਰਨ ਇਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਪਰਿਵਾਰਾਂ ਨਾਲ ਸੰਪਰਕ ਕਰਨ ਵਿਚ ਮੁਸ਼ਕਿਲ ਆਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਨ੍ਹਾਂ ਬੱਚਿਆਂ ਦੇ ਨਾਲ ਹੈ ਅਤੇ ਲੋੜ ਅਨੁਸਾਰ ਸਹਾਇਤਾ ਕਰਦੀ ਰਹੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਤੋਂ ਪਹਿਲਾਂ ਇਨ੍ਹਾਂ ਬੱਚਿਆਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੀ ਮਿਲੇ ਸਨ। ਉਨ੍ਹਾਂ ਆਖਿਆ ਕਿ ਕਸ਼ਮੀਰੀ ਵਿਦਿਆਰਥੀਆਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ ਅਤੇ ਉਹ ਆਪਣੀਆਂ ਲੋੜਾਂ ਸਬੰਧੀ ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਨਾਲ ਬਿਨ੍ਹਾਂ ਝਿਜਕ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਤਖਤ ਸਾਹਿਬ ਦੇ ਮੈਨੇਜਰ ਨੂੰ ਵੀ ਸਮੇਂ ਸਮੇਂ ਯੂਨੀਵਰਸਿਟੀ ਜਾ ਕੇ ਕਸ਼ਮੀਰੀ ਬੱਚਿਆਂ ਨਾਲ ਰਬਤਾ ਬਣਾਈ ਰੱਖਣ ਲਈ ਕਿਹਾ ਗਿਆ ਹੈ।

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

*ਲੜੀ ਜੋੜਨ ਲਈ ਪਿਛਲਾ ਅੰਕ ਦੇਖੋ*

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

### ੧. ਜਨਮ ਤੇ ਨਾਮ-ਸੰਸਕਾਰ

(ੳ) ਸਿੱਖ ਦੇ ਘਰ ਬਾਲਕ ਦਾ ਜਨਮ ਹੋਣ ਮਗਰੋਂ ਜਦ ਮਾਤਾ ਉਠਣ ਬੈਠਣ ਤੇ ਇਸ਼ਨਾਨ ਕਰਨ ਦੇ ਯੋਗ ਹੋਵੇ ਤਾਂ (ਦਿਨਾਂ ਦੀ ਕੋਈ ਗਿਣਤੀ ਮੁਕੱਰਰ ਨਹੀਂ) ਟੱਬਰ ਤੇ ਸੰਬੰਧੀ ਗੁਰਦੁਆਰੇ ਕੜਾਹ ਪ੍ਰਸ਼ਾਦਿ ਲੈ ਕੇ ਜਾਣ ਜਾਂ ਕਰਾਉਣ ਅਤੇ ਗੁਰੂ ਜੀ ਦੇ ਹਜ਼ੂਰ 'ਪਰਮੇਸਰਿ ਦਿਤਾ ਬੰਨਾ' (ਸੋਰਠਿ ਮ: ੫) 'ਸਤਿਗੁਰ ਸਾਚੈ ਦੀਆ ਭੇਜਿ' (ਆਸਾ ਮ: ੫) ਆਦਿ ਖੁਸ਼ੀ ਤੇ ਧੰਨਵਾਦ ਵਾਲੇ ਸ਼ਬਦ ਪੜ੍ਹਨ, ਉਪ੍ਰੰਤ, ਜੇਕਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਰੱਖਿਆ ਹੋਵੇ ਤਾਂ ਪਾਠ ਦਾ ਭੋਗ ਪਾਇਆ ਜਾਵੇ, ਫਿਰ ਵਾਕ ਲਿਆ ਜਾਵੇ। ਵਾਕ ਦੇ ਅਰੰਭ ਦੇ ਸ਼ਬਦ ਦਾ ਜੋ ਪਹਿਲਾ ਅੱਖਰ ਹੋਵੇ, ਉਸ ਤੋਂ ਗ੍ਰੰਥੀ ਸਿੰਘ ਬੱਚੇ ਦਾ ਨਾਮ ਤਜਵੀਜ਼ ਕਰੇ ਅਤੇ ਸੰਗਤ ਦੀ ਪ੍ਰਵਾਨਗੀ ਲੈ ਕੇ ਨਾਮ ਪ੍ਰਗਟ ਕਰੇ। ਲੜਕੇ ਦੇ ਨਾਉਂ ਪਿੱਛੇ 'ਸਿੰਘ' ਸ਼ਬਦ ਅਤੇ ਲੜਕੀ ਦੇ ਨਾਮ ਪਿੱਛੇ 'ਕੌਰ' ਸ਼ਬਦ ਲਗਾਇਆ ਜਾਵੇ। ਉਪ੍ਰੰਤ, ਅਨੰਦ ਸਾਹਿਬ (ਛੇ ਪਉੜੀਆਂ) ਮਗਰੋਂ ਬੱਚੇ ਦੇ ਨਾਮ ਸੰਸਕਾਰ ਦੀ ਖੁਸ਼ੀ ਦਾ ਯੋਗ ਸ਼ਬਦਾਂ ਵਿੱਚ ਅਰਦਾਸਾ ਕਰ ਕੇ ਕੜਾਹ ਪ੍ਰਸ਼ਾਦਿ ਵਰਤਾਇਆ ਜਾਵੇ।

(ਅ) ਜਨਮ ਦੇ ਸੰਬੰਧ ਵਿਚ ਖਾਣ-ਪੀਣ ਵਿਚ ਕੋਈ ਸੂਤਕ ਦਾ ਭਰਮ ਨਹੀਂ ਕਰਨਾ, ਕਿਉਂਕਿ : "ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ॥ ਖਾਣਾ ਪੀਣਾ ਪਵਿਤ੍ਰੁ ਹੈ ਦਿਤੋਨੁ ਰਿਜਕੁ ਸੰਬਾਹਿ॥"

(ੲ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੁਮਾਲ ਤੋਂ ਚੋਲਾ ਬਣਾ ਕੇ ਪਾਉਣਾ ਆਦਿ ਮਨਮੱਤ ਹੈ।

### ੨. ਅਨੰਦ ਸੰਸਕਾਰ

(ੳ) ਸਿੱਖ ਸਿੱਖਣੀ ਦਾ ਵਿਆਹ, ਬਿਨਾਂ ਜ਼ਾਤ-ਪਾਤ, ਗੋਤ ਵਿਚਾਰੇ ਦੇ ਹੋਣਾ ਚਾਹੀਏ।

(ਅ) ਸਿੱਖ ਦੀ ਪੁੱਤਰੀ ਦਾ ਵਿਆਹ ਸਿੱਖ ਨਾਲ ਹੀ ਹੋਵੇ।

(ੲ) ਸਿੱਖ ਦਾ ਵਿਆਹ 'ਅਨੰਦ' ਰੀਤੀ ਨਾਲ ਕਰਨਾ ਚਾਹੀਏ।

(ਸ) ਲੜਕੀ ਲੜਕੇ ਦਾ ਵਿਆਹ ਬਚਪਨ ਵਿੱਚ ਕਰਨਾ ਵਿਵਰਜਿਤ ਹੈ।

(ਹ) ਜਦ ਲੜਕੀ ਸਰੀਰ, ਮਨ ਤੇ ਆਚਾਰ ਕਰਕੇ ਵਿਆਹ ਕਰਨ ਦੇ ਯੋਗ ਹੋ ਜਾਵੇ, ਤਾਂ ਕਿਸੇ ਯੋਗ ਸਿੱਖ ਨਾਲ 'ਅਨੰਦ' ਪੜ੍ਹਾਇਆ ਜਾਵੇ।

(ਕ) 'ਅਨੰਦ' ਤੋਂ ਪਹਿਲਾਂ ਕੁੜਮਾਈ ਦੀ ਰਸਮ ਜ਼ਰੂਰੀ ਨਹੀਂ, ਪਰ ਜੇ ਕਰਨੀ ਹੋਵੇ ਤਾਂ ਲੜਕੀ ਵਾਲੇ ਕਿਸੇ ਦਿਨ ਸੰਗਤ ਜੋੜ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹਜ਼ੂਰ ਅਰਦਾਸਾ ਸੋਧ ਕੇ ਇਕ ਕ੍ਰਿਪਾਨ, ਕੜਾ, ਤੇ ਕੁਝ ਮਿੱਠਾ ਲੜਕੇ ਦੇ ਪੱਲੇ ਪਾ ਦੇਣ।

(ਖ) 'ਅਨੰਦ' ਦਾ ਦਿਨ ਮੁਕੱਰਰ ਕਰਨ ਲੱਗਿਆਂ ਕੋਈ ਥਿਤਿ-ਵਾਰ, ਚੰਗੇ-ਮੰਦੇ ਦਿਨ ਦੀ ਖੋਜ ਕਰਨ ਲਈ ਪੱਤ੍ਰੀ ਵਾਚਣਾ ਮਨਮਤ ਹੈ। ਕੋਈ ਦਿਨ ਜੋ ਦੋਹਾਂ ਧਿਰਾਂ ਨੂੰ ਆਪਸ ਵਿੱਚ ਸਲਾਹ ਕਰ ਕੇ ਚੰਗਾ ਦਿੱਸੇ, ਨਿਯਤ ਕਰ ਲੈਣਾ ਚਾਹੀਏ।

(ਗ) ਸਿਹਰਾ, ਮੁਕਟ ਜਾਂ ਗਾਨਾ ਬੰਨ੍ਹਣਾ, ਪਿੱਤਰ ਪੂਜਣੇ, ਕੱਚੀ ਲੱਸੀ ਵਿਚ ਪੈਰ ਪਾਉਣਾ, ਬੇਰੀ ਜਾਂ ਜੰਡੀ ਵੱਢਣੀ, ਘੜੋਲੀ ਭਰਨੀ, ਰੁਸ ਕੇ ਜਾਣਾ, ਛੰਦ ਪੜ੍ਹਨੇ, ਹਵਨ ਕਰਨਾ, ਵੇਦੀ ਗੱਡਣੀ, ਵੇਸਵਾ ਦਾ ਨਾਚ, ਸ਼ਰਾਬ ਆਦਿ ਮਨਮਤ ਹੈ।

(ਘ) ਜਿਤਨੇ ਥੋੜ੍ਹੇ ਆਦਮੀ ਲੜਕੀ ਵਾਲਾ ਮੰਗਾਵੇ, ਉਤਨੇ ਨਾਲ ਲੈ ਕੇ ਲੜਕਾ ਸਹੁਰੇ ਘਰ ਜਾਵੇ, ਦੋਹੀਂ ਪਾਸੀਂ ਗੁਰਬਾਣੀ ਦੇ ਸ਼ਬਦ ਗਾਏ ਜਾਣ ਤੇ 'ਫ਼ਤਹ' ਗਜਾਈ ਜਾਵੇ।

(ਙ) ਵਿਆਹ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹਜ਼ੂਰ ਦੀਵਾਨ ਲਗੇ। ਸੰਗਤ ਜਾਂ ਰਾਗੀ ਕੀਰਤਨ ਕਰਨ। ਫਿਰ ਲੜਕੀ ਤੇ ਲੜਕਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਹਜ਼ੂਰ ਬਿਠਾਏ ਜਾਣ। ਲੜਕੀ, ਲੜਕੇ ਦੇ ਖੱਬੇ ਪਾਸੇ ਬੈਠੇ। ਸੰਗਤ ਦੀ ਆਗਿਆ ਲੈ ਕੇ 'ਅਨੰਦ' ਪੜ੍ਹਾਉਣ ਵਾਲਾ ਸਿੱਖ (ਮਰਦ ਜਾਂ ਇਸਤਰੀ) ਲੜਕੇ ਲੜਕੀ ਤੇ ਉਨ੍ਹਾਂ ਦੇ ਮਾਪਿਆਂ ਜਾਂ ਸਰਬਰਾਹਾਂ ਨੂੰ ਖੜ੍ਹਾ ਕਰ ਕੇ 'ਅਨੰਦ' ਦੇ ਅਰੰਭ ਦਾ ਅਰਦਾਸਾ ਸੋਧੇ। ਫਿਰ ਉਹ ਲੜਕੇ ਲੜਕੀ ਨੂੰ ਗੁਰਮਤਿ ਅਨੁਸਾਰ ਗ੍ਰਹਿਸਤ ਧਰਮ ਦੇ ਫ਼ਰਜ਼ਾਂ ਦਾ ਉਪਦੇਸ਼ ਕਰੇ। ਪਹਿਲੇ, ਦੋਹਾਂ ਨੂੰ ਸਾਂਝਾ ਉਪਦੇਸ਼ ਕਰੇ। ਇਸ ਵਿਚ ਸੂਹੀ ਰਾਗ ਦੀਆਂ ਲਾਵਾਂ ਦੇ ਭਾਵ ਅਨੁਸਾਰ ਪਤੀ-ਪਤਨੀ ਦੇ ਸਬੰਧ ਨੂੰ ਜੀਵ ਤੇ ਪ੍ਰਮਾਤਮਾ ਦੇ ਪਿਆਰ ਦੇ ਨਮੂਨੇ ਉਤੇ ਢਾਲਣ ਦੀ ਵਿਧੀ ਦੱਸੇ।

ਆਪਸ ਵਿਚ ਪ੍ਰੇਮ ਦੁਆਰਾ "ਏਕ ਜੋਤਿ ਦੁਇ ਮੂਰਤੀ" ਹੋਣਾ ਦੱਸੇ ਤੇ ਇਕੁਰ ਗ੍ਰਹਿਸਤ ਧਰਮ ਨਿਬਾਹੁੰਦੇ ਹੋਏ ਆਪਣੇ ਸਾਂਝੇ ਭਰਤਾ 'ਅਕਾਲ ਪੁਰਖ' ਨਾਲ ਇਕਮਿਕ ਹੋਣਾ ਦ੍ਰਿੜ੍ਹਾਵੇ। ਦੋਹਾਂ ਨੇ ਇਸ ਸੰਜੋਗ ਨੂੰ ਮਨੁੱਖਾ ਜਨਮ ਦੀ ਯਾਤਰਾ ਨੂੰ ਸਫਲਤਾ ਨਾਲ ਨਿਬਾਹੁਣ ਦਾ ਸਾਧਨ ਬਨਾਉਣਾ ਹੈ। ਦੋਹਾਂ ਨੇ ਇਸ ਸੰਜੋਗ ਦੇ ਰਾਹੀਂ ਪਵਿੱਤਰ ਤੇ ਗੁਰਮੁਖੀ ਜੀਵਨ ਬਿਤਾਉਣਾ ਹੈ। ਫਿਰ ਲੜਕੇ ਤੇ ਲੜਕੀ ਨੂੰ ਆਪੋ ਆਪਣੇ ਵਖੋ-ਵਖਰੇ, ਗ੍ਰਹਿਸਤ ਧਰਮ ਦੇ ਫ਼ਰਜ਼ ਦੱਸੇ ਜਾਣ। ਵਰ ਨੂੰ ਦੱਸਿਆ ਜਾਵੇ ਕਿ ਲੜਕੀ ਵਾਲਿਆਂ ਨੇ ਤੁਹਾਨੂੰ ਹੀ ਸਭ ਤੋਂ ਵਧੀਕ ਯੋਗ ਜਾਣ ਕੇ ਵਰ ਚੁਣਿਆ ਹੈ। ਆਪ ਨੇ ਆਪਣੀ ਪਤਨੀ ਨੂੰ ਅਰਧੰਗੀ ਜਾਣ ਕੇ ਸਾਰੀਆਂ ਅਵਸਥਾਂ ਵਿਚ ਇਕੋ ਜਿਹਾ ਪਿਆਰ ਕਰਨਾ ਹੈ ਤੇ ਵੰਡ ਛਕਣਾ ਹੈ। ਏਸ ਦੇ ਸਰੀਰ ਤੇ ਇੱਜ਼ਤ ਦੇ ਰਾਖੇ ਤੁਸੀਂ ਹੋ। ਇਸਤਰੀ-ਬਰਤ ਧਰਮ ਵਿਚ ਪੱਕੇ ਰਹਿਣਾ। ਇਸ ਦੇ ਮਾਤਾ ਪਿਤਾ ਤੇ ਸੰਬੰਧੀਆਂ ਨੂੰ ਆਪਣੇ ਮਾਤਾ ਪਿਤਾ ਤੇ ਸੰਬੰਧੀਆਂ ਤੁੱਲ ਆਦਰ ਦੇਣਾ। ਕੰਨਿਆਂ ਨੂੰ ਦੱਸਿਆ ਜਾਵੇ ਕਿ ਆਪ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਸੰਗਤ ਦੇ ਹਜ਼ੂਰ ਇਸ ਸੱਜਣ ਦੇ ਲੜ ਲਾਇਆ ਜਾਂਦਾ ਹੈ। ਆਪ ਇਨ੍ਹਾਂ ਦੇ 'ਨਿਰਮਲ ਭਉ' ਵਿਚ ਰਹਿੰਦੇ ਹੋਏ ਇਨ੍ਹਾਂ ਨੂੰ ਹੀ ਆਪਣੇ ਸਾਰੇ ਪ੍ਰੇਮ ਤੇ ਸ਼ਰਧਾ ਦਾ ਮਾਲਕ ਸਮਝਣਾ, ਦੁਖ ਸੁਖ, ਦੇਸ ਪਰਦੇਸ ਵਿਚ ਆਪਣੇ ਪਤੀ-ਬਰਤ ਧਰਮ ਵਿਚ ਪੱਕੇ ਰਹਿਣਾ, ਸੇਵਾ ਕਰਨੀ। ਇਨ੍ਹਾਂ ਦੇ ਮਾਤਾ ਪਿਤਾ ਤੇ ਸੰਬੰਧੀਆਂ ਨੂੰ ਆਪਣੇ ਮਾਤਾ ਪਿਤਾ ਤੇ ਸੰਬੰਧੀਆਂ ਵਾਂਗ ਜਾਣਨਾ। ਉਪਦੇਸ਼ ਦੀਆਂ ਗੱਲਾਂ ਪ੍ਰਵਾਨ ਕਰਦੇ ਹੋਏ ਵਰ ਤੇ ਕੰਨਿਆਂ ਦੋਵੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਣ। ਫਿਰ ਲੜਕੀ ਦਾ ਪਿਤਾ ਜਾਂ ਮੁਖੀ ਸੰਬੰਧੀ ਲੜਕੇ ਦਾ ਪੱਲਾ ਲੜਕੀ ਦੇ ਹੱਥ ਫੜਾਵੇ ਤੇ ਤਾਬਿਆ ਬੈਠਾ ਸੱਜਣ 'ਸੂਹੀ ਮਹਲਾ ੪' ਵਿਚ ਦਿੱਤੀਆਂ ਲਾਵਾਂ ਦਾ ਪਾਠ ਸੁਣਾਵੇ। ਹਰੇਕ ਲਾਂਵ ਦਾ ਪਾਠ ਹੋਣ ਮਗਰੋਂ ਅੱਗੇ ਵਰ ਤੇ ਪਿੱਛੇ ਕੰਨਿਆਂ, ਵਰ ਦਾ ਪੱਲਾ ਫੜ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਚਾਰ ਪ੍ਰਕਰਮਾਂ ਕਰਨ। ਪ੍ਰਕਰਮਾਂ ਕਰਨ ਸਮੇਂ ਰਾਗੀ ਜਾਂ ਸੰਗਤ ਲਾਵਾਂ ਨੂੰ ਕ੍ਰਮ ਅਨੁਸਾਰ ਸੁਰ ਨਾਲ ਗਾਈ ਜਾਣ ਅਤੇ ਵਰ ਕੰਨਿਆਂ ਹਰ ਇਕ ਲਾਂਵ ਮਗਰੋਂ ਮੱਥਾ ਟੇਕ ਕੇ ਅਗਲੀ ਲਾਂਵ ਸੁਣਨ ਲਈ ਖੜ੍ਹੇ ਹੋ ਜਾਣ। ਉਪਰੰਤ ਮੱਥਾ ਟੇਕ ਕੇ ਆਪਣੀ ਥਾਂ 'ਤੇ ਬੈਠ ਜਾਣ ਤੇ ਰਾਗੀ ਸਿੰਘ ਜਾਂ ਅਨੰਦ ਕਰਾਉਣ ਵਾਲਾ ਅਨੰਦ ਸਾਹਿਬ ਦੀਆਂ ਪਹਿਲੀਆਂ ਪੰਜ ਪਉੜੀਆਂ ਤੇ ਅੰਤਲੀ ਪਉੜੀ ਦਾ ਪਾਠ ਕਰੇ। ਫਿਰ 'ਅਨੰਦ' ਦੀ ਸਮਾਪਤੀ ਦਾ ਅਰਦਾਸਾ ਸੋਧਿਆ ਜਾਵੇ ਤੇ ਕੜਾਹ ਪ੍ਰਸ਼ਾਦਿ ਵਰਤਾਇਆ ਜਾਵੇ।

(ਚ) ਅਨਮਤ ਵਾਲਿਆਂ ਦਾ ਵਿਆਹ 'ਅਨੰਦ' ਰੀਤੀ ਨਾਲ ਨਹੀਂ ਹੋ ਸਕਦਾ।

(ਛ) ਲੜਕੇ ਜਾਂ ਲੜਕੀ ਦਾ ਸੰਜੋਗ ਪੈਸਾ ਲੈ ਕੇ ਨਾ ਕਰੇ।

(ਜ) ਜੇ ਬਾਲਕੀ ਦੇ ਮਾਪੇ ਕਦਾਂਚ ਸੱਬਬ ਪਾਇ ਕੈ ਬਾਲਕੀ ਦੇ ਗ੍ਰਹਿ ਵਿਖੇ ਜਾਣ ਅਤੇ ਉਥੇ ਪ੍ਰਸ਼ਾਦਿ ਤਿਆਰ ਹੋਵੇ, ਤਾਂ ਖਾਣ ਤੋਂ ਸੰਕੋਚਣਾ ਨਹੀਂ। ਅੰਨ ਨਾ ਖਾਣਾ ਸਭ ਭਰਮ ਹੈ। ਖਾਲਸੇ ਨੂੰ, ਖਾਣਾ ਖਲਾਵਣਾ ਸ੍ਰੀ ਗੁਰੂ ਬਾਬੇ ਅਕਾਲ ਪੁਰਖ ਬਖਸ਼ਿਆ ਹੈ। ਬੇਟੀ ਬੇਟੇ ਵਾਲੇ ਆਪਸ ਮੇਂ ਖਾਂਦੇ ਰਹਿਣ, ਇਸੇ ਵਾਸਤੇ, ਜੋ ਗੁਰੂ ਨੇ ਦੋਵੇਂ ਸਾਕ ਇਕ ਕੀਤੇ ਹੈਨ।[੧]

(ਝ) ਜਿਸ ਇਸਤਰੀ ਦਾ ਭਰਤਾ ਕਾਲ-ਵੱਸ ਹੋ ਜਾਵੇ, ਉਹ ਚਾਹੇ ਤਾਂ ਯੋਗ ਵਰ ਦੇਖ ਕੇ ਪੁਨਰ ਸੰਜੋਗ ਕਰ ਲਵੇ। ਸਿੱਖ ਦੀ ਇਸਤਰੀ ਮਰ ਜਾਵੇ ਤਾਂ ਉਸ ਲਈ ਭੀ ਇਹੋ ਹੁਕਮ ਹੈ।

(ਞ) ਪੁਨਰ ਵਿਆਹ ਦੀ ਵੀ ਇਹੋ ਰੀਤ ਹੈ, ਜੋ 'ਅਨੰਦ' ਲਈ ਉਤੇ ਦੱਸੀ ਹੈ।

(ਟ) ਆਮ ਹਾਲਤਾਂ ਵਿਚ ਸਿੱਖ ਨੂੰ ਇਕ ਇਸਤਰੀ ਦੇ ਹੁੰਦਿਆਂ ਦੂਜਾ ਵਿਆਹ ਨਹੀਂ ਕਰਨਾ ਚਾਹੀਏ।

(ਠ) ਅੰਮ੍ਰਿਤਧਾਰੀ ਸਿੰਘ ਨੂੰ ਚਾਹੀਦਾ ਹੈ ਕਿ ਆਪਣੀ ਸਿੰਘਣੀ ਨੂੰ ਭੀ ਅੰਮ੍ਰਿਤ ਛਕਾ ਲਵੇ।

੧. ਪ੍ਰੇਮ ਸੁਮਾਰਗ।

ਚੱਲਦਾ....



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ੍ਰੀ ਗੁਰੂ ਨਾਨਕ ਦੇਵ ਜੀ ਸਿੱਖ ਅਕੈਡਮੀ, ਤ੍ਰਿਕੁਨੀਆ ਜਿਲ੍ਹਾ ਲਖੀਮਪੁਰ ਖੀਰੀ (ਯੂ. ਪੀ.) ਵਿਖੇ ਬੱਚਿਆਂ ਨੂੰ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦੇ ਸਿਧਾਂਤ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਭਾਈ ਜਗਦੇਵ ਸਿੰਘ ਪਠਾਨਕੋਟ।

## ਕਾਨ੍ਹਪੁਰ ਸਿੱਖ ਕਤਲੇਆਮ ਸਬੰਧੀ ਵਿਸ਼ੇਸ਼ ਜਾਂਚ ਟੀਮ ਨੂੰ ਭਾਈ ਲੌਂਗੋਵਾਲ ਦੀ ਅਗਵਾਈ ਵਿਚ ਮਿਲਿਆ ਵਫਦ

### ਐਸ.ਆਈ.ਟੀ. ਵੱਲੋਂ ਜਾਂਚ ਜਲਦ ਮੁਕੰਮਲ ਕਰਨ ਦਾ ਭਰੋਸਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਇੱਕ ਉੱਚ ਪੱਧਰੀ ਵਫਦ ਨੂੰ 1984 ਦੇ ਕਾਨ੍ਹਪੁਰ ਸਿੱਖ ਕਤਲੇਆਮ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ ਨੇ ਭਰੋਸਾ ਦਿੱਤਾ ਹੈ ਕਿ ਇੱਕ ਹਫਤੇ ਵਿਚ ਗਵਾਹਾਂ ਦੇ ਬਿਆਨ ਦਰਜ ਕਰਵਾਏ ਜਾਣਗੇ। ਇਸ ਤੋਂ ਇਲਾਵਾ ਸਿੱਟ ਨੇ ਬੰਦ ਪਏ ਕੇਸ ਮੁੜ ਖੋਲ੍ਹਣ ਦੀ ਵੀ ਗੱਲ ਆਖੀ ਹੈ। ਦੱਸਣਯੋਗ ਹੈ ਕਿ ਬੀਤੇ ਦਿਨੀਂ ਮੀਡੀਆ ਰਾਹੀਂ ਕਾਨ੍ਹਪੁਰ ਸਿੱਖ ਕਤਲੇਆਮ ਸਬੰਧੀ ਕੇਸਾਂ ਦੀਆਂ ਅਹਿਮ ਫਾਈਲਾਂ ਗੁੰਮ ਹੋਣ ਦਾ ਮਾਮਲਾ ਉਜਾਗਰ ਹੋਇਆ ਸੀ, ਜਿਸ ਦੇ ਚੱਲਦਿਆਂ ਸਿੱਖ ਆਗੂਆਂ ਦੇ ਵਫਦ ਨੇ ਐਸ.ਆਈ.ਟੀ. ਦੇ ਮੈਂਬਰ ਸ੍ਰੀ ਸੁਭਾਸ਼ ਅਗਰਵਾਲ ਸਮੇਤ ਹੋਰ ਮੈਂਬਰਾਂ ਨਾਲ ਮੁਲਾਕਾਤ ਕੀਤੀ। ਵਫਦ ਵਿਚ ਭਾਈ ਲੌਂਗੋਵਾਲ ਤੋਂ ਇਲਾਵਾ ਸੀਨੀਅਰ ਅਕਾਲੀ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸ. ਬਲਵਿੰਦਰ ਸਿੰਘ ਭੂੰਦੜ ਅਤੇ ਸਥਾਨਕ ਸਿੱਖ ਪ੍ਰਤੀਨਿਧ ਸ਼ਾਮਲ ਸਨ। ਵਫਦ ਮੈਂਬਰਾਂ ਵੱਲੋਂ ਐਸ.ਆਈ.ਟੀ. ਕੋਲ ਸਿੱਖ ਕਤਲੇਆਮ ਦੇ ਗਵਾਹਾਂ ਦੀ ਸੁਰੱਖਿਆ, ਸਮੇਂ ਸਿਰ ਗਵਾਹੀ ਦਰਜ ਕਰਵਾਉਣ ਨੂੰ ਯਕੀਨੀ ਬਣਾਉਣ, ਬੰਦ ਹੋਏ ਕੇਸ ਮੁੜ ਖੋਲ੍ਹਣ ਅਤੇ ਗਾਇਬ ਹੋਈਆਂ ਫਾਈਲਾਂ ਸਬੰਧੀ ਮਾਮਲੇ ਉਠਾਏ ਗਏ। ਵਫਦ ਮੈਂਬਰਾਂ ਨੇ ਕਿਹਾ ਕਿ 1984 ਵਿਚ ਕਾਨ੍ਹਪੁਰ ਅੰਦਰ ਕੀਤੇ ਗਏ ਸਿੱਖ ਕਤਲੇਆਮ ਦੇ ਪੀੜਤਾਂ ਨੂੰ 35 ਸਾਲ ਬੀਤਣ ਬਾਅਦ ਵੀ ਇਨਸਾਫ ਨਹੀਂ ਮਿਲਿਆ ਅਤੇ ਹੈਰਾਨੀ ਇਸ ਗੱਲ ਹੈ ਕਿ ਅੱਜ ਇਸ ਨਾਲ ਸਬੰਧਤ ਕਈ ਅਹਿਮ ਫਾਈਲਾਂ ਗੁੰਮ ਹੋਣ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਇਸ ਦਾ ਇਨਸਾਫ ਹੋਣਾ ਚਾਹੀਦਾ ਹੈ ਅਤੇ ਉਹ ਵੀ ਜਲਦ ਤੋਂ ਜਲਦ। ਇਸ ਦੌਰਾਨ ਸਿੱਟ ਵੱਲੋਂ ਜਾਂਚ ਛੇਤੀ ਮੁਕੰਮਲ ਕਰਨ ਦਾ ਵਾਅਦਾ ਕੀਤਾ ਗਿਆ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸਿੱਟ ਅਨੁਸਾਰ ਜਿਹੜੇ ਗਵਾਹ ਆਪਣੀ ਗਵਾਹੀ ਦੇਣੀ ਚਾਹੁਣਗੇ ਉਨ੍ਹਾਂ ਦੀ ਗਵਾਹੀ ਇੱਕ ਹਫਤੇ ਵਿਚ ਦਰਜ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸਿੱਟ ਮੈਂਬਰਾਂ ਨੇ ਭਰੋਸਾ ਦਿੱਤਾ ਹੈ ਕਿ ਜਾਂਚ ਜਲਦ ਮੁਕੰਮਲ ਕੀਤੀ ਜਾਵੇਗੀ ਅਤੇ ਇਸ ਸਬੰਧੀ ਹਰ ਕੇਸ ਨੂੰ ਜਾਂਚ ਘੇਰੇ ਵਿਚ ਲਿਆਂਦਾ ਜਾਵੇਗਾ। ਭਾਈ ਲੌਂਗੋਵਾਲ ਅਨੁਸਾਰ ਸਿੱਟ ਨੇ ਪੀੜਤ ਧਿਰਾਂ ਅਤੇ ਗਵਾਹਾਂ ਨੂੰ ਬਿਨ੍ਹਾ ਡਰ ਭੈਅ ਦੇ ਆਪਣੇ ਬਿਆਨ ਦਰਜ ਕਰਵਾਉਣ ਦਾ ਸੱਦਾ ਦਿੱਤਾ ਹੈ ਤਾਂ ਜੋ ਪੀੜਤਾਂ ਨੂੰ ਇਨਸਾਫ ਮਿਲ ਸਕੇ।

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ




ਤਲਵੰਡੀ ਸਾਬੋ- ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 313ਵੇਂ ਸੰਪੂਰਨਤਾ ਦਿਵਸ ਸਮਾਗਮਾਂ ਦੇ ਪਹਿਲੇ ਦਿਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸਕੂਲੀ ਵਿਦਿਆਰਥੀਆਂ ਦੇ ਸ਼ਬਦ ਗਾਇਨ, ਵਾਰ ਗਾਇਨ ਅਤੇ ਕਵੀਸ਼ਰੀ ਦੇ ਮੁਕਾਬਲੇ ਅੱਜ ਗੁਰਦੁਆਰਾ ਭਾਈ ਬੀਰ ਸਿੰਘ ਭਾਈ ਧੀਰ ਸਿੰਘ ਅਤੇ ਭਾਈ ਡੱਲ ਸਿੰਘ ਦੀਵਾਨ ਹਾਲ ਵਿਖੇ ਕਰਵਾਏ ਗਏ। ਮਾਲਵਾ ਖੇਤਰ ਦੇ ਵੱਖ-ਵੱਖ ਸਕੂਲਾਂ ਤੋਂ ਆਏ ਵਿਦਿਆਰਥੀਆਂ ਨੇ ਇਨ੍ਹਾਂ ਮੁਕਾਬਲਿਆਂ ਵਿਚ ਸ਼ਮੂਲੀਅਤ ਕੀਤੀ। ਬੱਚਿਆਂ ਵੱਲੋਂ ਬਹੁਤ ਹੀ ਵਧੀਆ ਤਰੀਕੇ ਨਾਲ ਆਪੋ-ਆਪਣੀਆਂ ਪ੍ਰਤੀਯੋਗਤਾਵਾਂ ਪੇਸ਼ ਕੀਤੀਆਂ ਗਈਆਂ। ਜੱਜ ਸਾਹਿਬਾਨ ਵੱਲੋਂ ਬੱਚਿਆਂ ਦੇ ਹੁਨਰ ਤੇ ਕਾਬਲੀਅਤ ਦੇਖ ਕੇ ਉਹਨਾਂ ਨੂੰ ਪੁਜ਼ੀਸ਼ਨਾਂ ਨਿਰਾਧਰਤ ਕੀਤੀਆਂ। ਭਾਈ ਮਹਿੰਦਰ ਸਿੰਘ ਬੀ.ਏ. ਹਜ਼ੂਰੀ ਰਾਗੀ ਸ੍ਰੀ ਮੁਕਤਸਰ ਸਾਹਿਬ, ਭਾਈ ਮਹਿੰਦਰਪਾਲ ਸਿੰਘ ਸਾਬਕਾ ਪ੍ਰਿੰਸੀਪਲ ਗੁਰੂ ਕਾਸ਼ੀ ਕਾਲਜ ਤਲਵੰਡੀ ਸਾਬੋ ਅਤੇ ਭਾਈ ਮਹਾਂਵੀਰ ਸਿੰਘ ਪ੍ਰੋਫੈਸਰ ਗੁਰਮਤਿ ਵਿਦਿਆਲਾ ਕਾਲਾਮਾਲਾ ਛਾਪਾ ਵੱਲੋਂ ਸ਼ਬਦ ਗਾਇਨ ਮੁਕਾਬਲਿਆਂ ਦੀ ਜੱਜਮੈਂਟ ਕੀਤੀ ਗਈ। ਸ਼ਬਦ ਗਾਇਨ ਮੁਕਾਬਲਿਆਂ ਵਿਚ ਮਾਤਾ ਸਾਹਿਬ ਕੌਰ ਗਰਲਜ਼ ਕਾਲਜੀਏਟ ਸੀ.ਸੈ. ਸਕੂਲ ਦੇ ਵਿਦਿਆਰਥੀਆਂ ਨੇ ਪਹਿਲਾ, ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਵਜੀਦਪੁਰ ਦੇ ਵਿਦਿਆਰਥੀਆਂ ਨੇ ਦੂਜਾ ਤੇ ਯੂਨੀਵਰਸਲ ਪਬਲਿਕ ਸੀ.ਸੈ. ਸਕੂਲ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰੋ. ਨਵਸੰਗੀਤ ਸਿੰਘ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ, ਸ. ਤਰਲੋਚਨ ਸਿੰਘ ਗੁਰੂ ਨਾਨਕ ਪਬਲਿਕ ਸਕੂਲ ਬਠਿੰਡਾ ਅਤੇ ਮਾਸਟਰ ਮੋਤੀ ਰਾਮ ਸ.ਸ.ਸ. ਸਕੂਲ ਭਾਗੀ ਬਾਂਦਰ ਵੱਲੋਂ ਕਵਿਤਾ ਮੁਕਾਬਲਿਆਂ ਦੀ ਜੱਜਮੈਂਟ ਕੀਤੀ ਗਈ। ਕਵਿਤਾ ਮੁਕਾਬਲਿਆਂ ਵਿਚ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਦੇ ਵਿਦਿਆਰਥੀਆਂ ਨੇ ਪਹਿਲਾ, ਸੰਤ ਹਰਚੰਦ ਸਿੰਘ ਪਬਲਿਕ ਸਕੂਲ ਸ਼ੇਰਪੁਰ ਦੇ ਵਿਦਿਆਰਥੀਆਂ ਨੇ ਦੂਜਾ ਤੇ ਮਾਤਾ ਸਾਹਿਬ ਕੌਰ ਕਾਲਜੀਏਟ ਸਕੂਲ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮਾਸਟਰ ਰੇਵਤੀ ਪ੍ਰਸ਼ਾਦ ਸ.ਸ.ਸ. ਸਕੂਲ ਮਲਕਾਣਾ, ਸ. ਮੇਜਰ ਸਿੰਘ ਪਟਿਆਲਾ ਤੇ ਭਾਈ ਕੁਲਦੀਪ ਸਿੰਘ ਤਲਵੰਡੀ ਸਾਬੋ ਵੱਲੋਂ ਕਵੀਸ਼ਰੀ ਗਾਇਨ ਮੁਕਾਬਲਿਆਂ ਵਿਚ ਜੱਜ ਦੀ ਸੇਵਾ ਨਿਭਾਈ ਗਈ, ਜਿਨ੍ਹਾਂ ਵਿਚ ਮਾਤਾ ਸੁੰਦਰੀ ਕਾਲਜ ਕੋਟਸ਼ਮੀਰ ਦੇ ਵਿਦਿਆਰਥੀਆਂ ਵੱਲੋਂ ਪਹਿਲਾ, ਯੂਨੀਵਰਸਲ ਪਬਲਿਕ ਸ.ਸ. ਸਕੂਲ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਵੱਲੋਂ ਦੂਜਾ ਤੇ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਵਜੀਦਪੁਰ ਵੱਲੋਂ ਤੀਜਾ ਸਥਾਨ ਪ੍ਰਾਪਤ ਕੀਤਾ ਗਿਆ। ਪ੍ਰੋ. ਜਸਪ੍ਰੀਤ ਸਿੰਘ ਮੋਗਾ, ਭਾਈ ਬਲਦੇਵ ਸਿੰਘ ਲੌਂਗੋਵਾਲ ਅਤੇ ਭਾਈ ਤਰਸੇਮ ਸਿੰਘ ਖੇਤਲਾ ਵੱਲੋਂ ਵਾਰ ਗਾਇਨ ਮੁਕਾਬਲਿਆਂ ਵਿਚ ਜੱਜ ਦੀ ਸੇਵਾ ਨਿਭਾਈ, ਜਿਨ੍ਹਾਂ ਵਿਚ ਮਾਤਾ ਸੁੰਦਰੀ ਪਬਲਿਕ ਸਕੂਲ ਕੋਟਸ਼ਮੀਰ ਦੇ ਵਿਦਿਆਰਥੀਆਂ ਵੱਲੋਂ ਪਹਿਲਾ, ਸਾਹਿਬਜ਼ਾਦਾ ਜੁਝਾਰ ਸਿੰਘ ਪਬਲਿਕ ਸਕੂਲ ਕੋਟ ਧਰਮੂੰ ਦੇ ਵਿਦਿਆਰਥੀਆਂ ਵੱਲੋਂ ਦੂਜਾ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਵਜੀਦਪੁਰ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨਾਂ ਵੱਲੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇ. ਮਨਜੀਤ ਸਿੰਘ ਬੱਪੀਆਣਾ, ਭਾਈ ਮੋਹਨ ਸਿੰਘ ਬੰਗੀ, ਭਾਈ ਮੇਜਰ ਸਿੰਘ ਢਿੱਲੋਂ, ਭਾਈ ਜਗਸੀਰ ਸਿੰਘ ਮਾਂਗੇਆਣਾ, ਬੀਬੀ ਜਸਪਾਲ ਕੌਰ ਤੇ ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਗੁਰਜੰਟ ਸਿੰਘ ਹੈਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਕਰਨ ਸਿੰਘ ਮੈਨੇਜਰ, ਭਾਈ ਭੋਲਾ ਸਿੰਘ, ਭਾਈ ਭਾਈ ਗੁਰਬਖਸ਼ ਸਿੰਘ ਮੈਨੇਜਰ, ਪ੍ਰਿੰਸੀਪਲ ਅਮਰਜੀਤ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਜਗਜੀਤ ਸਿੰਘ, ਭਾਈ ਅਮਨਦੀਪ ਸਿੰਘ ਫੱਤਾ ਆਦਿ ਹਾਜ਼ਰ ਸਨ।

## ਹੇਰਾਂ ਵਿਖੇ ਪਹਿਲਾ ਦਸਤਾਰ ਮੁਕਾਬਲਾ ਕਰਵਾਇਆ



ਹੇਰਾਂ- ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਦਮ ਨਾਲ ਪਹਿਲਾ ਦਸਤਾਰ ਮੁਕਾਬਲਾ ਇਤਿਹਾਸਕ ਨਗਰੀ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਪਿੰਡ ਹੇਰਾਂ ਵਿਖੇ ਕਰਵਾਇਆ ਗਿਆ। ਸ੍ਰੀ ਗੁਰੂ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਤੇ ਢਾਡੀ ਜੱਥੇ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਸਿੱਖ ਇਤਿਹਾਸ ਨਾਲ ਜੋੜਿਆ ਗਿਆ। ਇਸੇ ਦੌਰਾਨ 10-15 ਸਾਲ ਅਤੇ 16-22 ਸਾਲਾ ਬੱਚਿਆਂ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿਚ ਜੂਨੀਅਰ ਗਰੁੱਪ ਵਿਚੋਂ ਜਸਪ੍ਰੀਤ ਸਿੰਘ ਘਲੋਟੀ ਨੇ ਪਹਿਲਾ, ਗੁਰਕੀਰਤ ਸਿੰਘ ਰਾਏਕੋਟ ਨੇ ਦੂਜਾ ਤੇ ਪਲਵਿੰਦਰ ਸਿੰਘ ਜਲਾਲਦੀਵਾਲ ਨੇ ਤੀਜਾ ਸਥਾਨ ਹਾਸਲ ਕੀਤਾ। ਸੀਨੀਅਰ ਗਰੁੱਪ ਵਿਚ ਜੀਵਨ ਸਿੰਘ ਸਿਹੋੜਾ ਨੇ ਪਹਿਲਾ, ਜਸ਼ਨਪ੍ਰੀਤ ਸਿੰਘ ਸਿਹੋੜਾ ਨੇ ਦੂਜਾ ਤੇ ਲਵਪ੍ਰੀਤ ਸਿੰਘ ਚਾਪੜਾ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਜਥੇ. ਜਗਜੀਤ ਸਿੰਘ ਤਲਵੰਡੀ ਨੇ ਨਗਦ ਰਾਸ਼ੀ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਸਨਮਾਨ ਪੱਤਰ ਵੀ ਦਿੱਤੇ ਗਏ। ਜਥੇ. ਜਗਜੀਤ ਸਿੰਘ ਤਲਵੰਡੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਵਿਰਸਾ ਸੰਭਾਲ ਸਰਦਾਰੀ ਲਹਿਰ ਦੇ ਸਹਿਯੋਗ ਨਾਲ ਪਹਿਲਾ ਦਸਤਾਰ ਮੁਕਾਬਲਾ ਕਰਵਾਇਆ ਗਿਆ ਹੈ ਜੋ ਇੱਕ ਅਹਿਮ ਮਹੱਤਵ ਰੱਖਦਾ ਹੈ। ਇਸ ਮੌਕੇ ਮੈਨੇਜਰ ਸ. ਨਿਰਭੈ ਸਿੰਘ ਚੀਮਨਾ, ਸ. ਕੁਲਵੀਰ ਸਿੰਘ, ਸ. ਦਰਸ਼ਨ ਸਿੰਘ, ਸ. ਜਗਤਾਰ ਸਿੰਘ, ਸ. ਮਹਿੰਦਰ ਸਿੰਘ, ਸ. ਮਲਕੀਤ ਸਿੰਘ, ਸ. ਰਾਜਪਾਲ ਸਿੰਘ, ਸ. ਅਮਨਦੀਪ ਸਿੰਘ, ਸ. ਹਰਦੀਪ ਸਿੰਘ, ਸ. ਕੰਵਲਜੀਤ ਸਿੰਘ, ਸ. ਰਜਿੰਦਰਪਾਲ ਸਿੰਘ, ਸ. ਪ੍ਰਭਜੋਤ ਸਿੰਘ, ਸ. ਸੰਦੀਪ ਸਿੰਘ, ਸ. ਹਰਮਨਦੀਪ ਸਿੰਘ, ਸ. ਗੁਰਜੀਤ ਸਿੰਘ ਭੀਖੀ, ਸ. ਗੁਰਜਪ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ




ਅੰਮ੍ਰਿਤਸਰ- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੰਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਜਗਤਾਰ ਸਿੰਘ, ਭਾਈ ਹਰਨਾਮ ਸਿੰਘ ਤੋਂ ਇਲਾਵਾ ਡਾ. ਗੁਰਵਿੰਦਰ ਸਿੰਘ ਬਟਾਲਾ ਤੇ ਭਾਈ ਜਗਤਾਰ ਸਿੰਘ ਜੰਮੂ ਦੇ ਜਥਿਆਂ ਦੇ ਗੁਰਬਾਣੀ ਕੀਰਤਨ ਦੁਆਰਾ ਹਾਜ਼ਰੀ ਭਰੀ। ਇਸ ਗੁਰਮਤਿ ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਗੁਰੂ ਜਸ ਸਰਵਣ ਕਰਨ ਲਈ ਪੁੱਜੀਆਂ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਉਨ੍ਹਾਂ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦੀ ਵਧਾਈ ਦਿੱਤੀ ਅਤੇ ਪੰਚਮ ਪਾਤਸ਼ਾਹ ਜੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਸਿੰਘ ਸਾਹਿਬ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿਚ ਕਮਾਉਣ ਲਈ ਗੁਰਬਾਣੀ ਦੀ ਵਿਚਾਰ ਜਰੂਰੀ ਹੈ। ਉਨ੍ਹਾਂ ਗੁਰਬਾਣੀ ਦੇ ਸਿਧਾਂਤਾਂ ਦੀ ਵਿਆਖਿਆ ਕਰਦਿਆਂ ਗੁਰਮਤਿ ਜੁਗਤ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਗੁਰਮਤਿ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਬਲਦੇਵ ਸਿੰਘ ਚੂੰਘਾ ਤੇ ਬਾਬਾ ਚਰਨਜੀਤ ਸਿੰਘ ਜੱਸੋਵਾਲ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ਇਸ ਸਮੇਂ ਸਟੇਜ ਦੀ ਸੇਵਾ ਪ੍ਰਚਾਰਕ ਭਾਈ ਤਰਸੇਮ ਸਿੰਘ ਤੇ ਭਾਈ ਬਲਵੰਤ ਸਿੰਘ ਐਨੋਕੋਟ ਨੇ ਨਿਭਾਈ।

## ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਯੂ. ਕੇ. ਨਿਵਾਸੀ ਸ. ਅਮਰੀਕ ਸਿੰਘ ਦੀਆਂ ਪੁਸਤਕਾਂ ਕੀਤੀਆਂ ਜਾਰੀ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸ. ਅਮਰੀਕ ਸਿੰਘ ਯੂ.ਕੇ. ਦੀਆਂ ਸਿੱਖ ਅਸਥਾਨਾਂ ਨਾਲ ਸਬੰਧਤ ਪੁਸਤਕਾਂ ਜਾਰੀ ਕੀਤੀਆਂ। ਯੂ.ਕੇ. ਨਿਵਾਸੀ ਸ. ਅਮਰੀਕ ਸਿੰਘ ਬੈਂਸ ਨੇ ਇਹ ਪੁਸਤਕਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਕਿਸਤਾਨ ਸਥਿਤ ਅਸਥਾਨਾਂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਤ ਨਾਂਦੇੜ ਦੇ ਗੁਰਦੁਆਰਾ ਸਾਹਿਬਾਨ, ਦਿੱਲੀ ਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਬਾਰੇ ਸੰਖੇਪ ਵਿਚ ਲਿਖੀਆਂ ਹਨ। ਇਹ ਅੰਗਰੇਜ਼ੀ ਭਾਸ਼ਾ ਵਿਚ ਹਨ। ਸ. ਬੈਂਸ ਨੇ ਦੱਸਿਆ ਕਿ ਉਹ ਯੂ.ਕੇ. ਵਿਖੇ ਪਿਛਲੇ ਲੰਮੇ ਸਮੇਂ ਤੋਂ ਰਹਿ ਰਹੇ ਹਨ ਅਤੇ ਉਨ੍ਹਾਂ ਨੇ ਗੁਰੂ ਸਾਹਿਬ ਦੇ ਸਤਿਕਾਰ ਵਿਚ ਇਨ੍ਹਾਂ ਪੁਸਤਕਾਂ ਦੀ ਰਚਨਾ ਕੀਤੀ ਹੈ। ਉਨ੍ਹਾਂ ਦੱਸਿਆ ਕਿ ਵਿਦੇਸ਼ਾਂ ਅੰਦਰ ਨਵੀਂ ਪੀੜ੍ਹੀ ਨੂੰ ਆਪਣੇ ਧਰਮ ਇਤਿਹਾਸ ਅਤੇ ਰਵਾਇਤਾਂ ਬਾਰੇ ਜਾਣਕਾਰੀ ਦੇਣ ਲਈ ਉਨ੍ਹਾਂ ਦਾ ਇਕ ਛੋਟਾ ਜਿਹਾ ਯਤਨ ਹੈ ਅਤੇ ਉਹ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਪੁਸਤਕਾਂ ਜਾਰੀ ਕਰਨ ਲਈ ਧੰਨਵਾਦੀ ਹਨ। ਪੁਸਤਕਾਂ ਜਾਰੀ ਕਰਨ ਮੌਕੇ ਭਾਈ ਲੌਂਗੋਵਾਲ ਤੋਂ ਇਲਾਵਾ ਵਧੀਕ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸ. ਅਮਰਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

## ਅਮਰੀਕੀ ਟ੍ਰੱਸਟ ਵੱਲੋਂ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਇੱਕ ਕਰੋੜ ਰੁਪਏ ਭੇਟ



ਅੰਮ੍ਰਿਤਸਰ, 25 ਸਤੰਬਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਗਿੱਲ ਲਿਵਿੰਗ ਟ੍ਰਸਟ ਅਮਰੀਕਾ ਵੱਲੋਂ ਕਰੀਬ ਇੱਕ ਕਰੋੜ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ ਹੈ। ਇਸ ਟ੍ਰਸਟ ਦੇ ਸੰਸਥਾਪਕ ਸਵਰਗੀ ਡਾਕਟਰ ਭਗਵੰਤ ਕੌਰ ਗਿੱਲ ਸਨ, ਜਿਨ੍ਹਾਂ ਦੀ ਅੰਤਿਮ ਇੱਛਾ ਅਨੁਸਾਰ ਇਸ ਰਾਸ਼ੀ ਦਾ ਚੈੱਕ ਉਨ੍ਹਾਂ ਦੇ ਰਿਸ਼ਤੇਦਾਰ ਸ. ਗੁਰਜੀਤ ਸਿੰਘ ਬਰਾੜ ਤੇ ਸ. ਜਗਤਾਰ ਸਿੰਘ ਬਰਾੜ ਨੇ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਨੂੰ ਸੌਂਪਿਆ। ਉਨ੍ਹਾਂ ਨਾਲ ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ ਤੇ ਸ. ਜਗਸੀਰ ਸਿੰਘ ਕੋਟਲਾ ਵੀ ਮੌਜੂਦ ਸਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਮੀਤ ਸਕੱਤਰ ਸ. ਸਤਿੰਦਰ ਸਿੰਘ ਨੇ ਸ. ਗੁਰਜੀਤ ਸਿੰਘ ਤੇ ਸ. ਜਗਤਾਰ ਸਿੰਘ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ, ਗੁਰੂ ਬਖਸ਼ਿਸ਼ ਸਿਰੋਪਾਓ ਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਡਾ. ਰੂਪ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਦੀਆਂ ਲੱਖਾਂ ਸੰਗਤਾਂ ਰੋਜ਼ਾਨਾਂ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿੱਚੋਂ ਪ੍ਰਸ਼ਾਦਾ ਛਕਦੀਆਂ ਹਨ। ਇਹ ਸਰਬੱਤ ਦੇ ਭਲੇ ਦਾ ਪ੍ਰਤੀਕ ਹੈ ਅਤੇ ਇਥੇ ਸੇਵਾ ਕਰਨ ਵਾਲਿਆਂ ਦੀ ਸ਼ਰਧਾ ਦੀ ਵੀ ਕੋਈ ਸੀਮਾ ਨਹੀਂ ਹੈ। ਉਨ੍ਹਾਂ ਅਮਰੀਕਾ ਦੇ ਟ੍ਰਸਟ ਵੱਲੋਂ ਲੰਗਰ ਲਈ ਸੇਵਾ ਦੇਣ 'ਤੇ ਬਰਾੜ ਭਰਾਵਾਂ ਦਾ ਸ਼੍ਰੋਮਣੀ ਕਮੇਟੀ ਵੱਲੋਂ ਧੰਨਵਾਦ ਕੀਤਾ।

## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਪਿਰਤ ਕਾਨ੍ਹਪੁਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਆਯੋਜਿਤ



ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ ਵੱਖ ਸੂਬਿਆਂ ਅੰਦਰ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਉਤਰ ਪ੍ਰਦੇਸ਼ ਦੇ ਕਾਨ੍ਹਪੁਰ ਵਿਖੇ ਇਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਗੁਰੂ ਸਿੰਘ ਸਭਾ ਕਾਨ੍ਹਪੁਰ, ਸਮੂਹ ਸਭਾ ਸੁਸਾਇਟੀਆਂ ਤੇ ਗੁਰਦੁਆਰਾ ਕਮੇਟੀਆਂ ਦੇ ਸਹਿਯੋਗ ਨਾਲ ਸਥਾਨਕ ਮੋਤੀ ਝੀਲ ਵਿਖੇ ਸਜਾਏ ਖੁੱਲ੍ਹੇ ਪੰਡਾਲ ਵਿਚ ਹੋਏ ਇਸ ਸਮਾਗਮ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਰਾਜ ਸਭਾ ਮੈਂਬਰ ਸ. ਬਲਵਿੰਦਰ ਸਿੰਘ ਭੂੰਦੜ, ਸਾਬਕਾ ਸਾਂਸਦ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਸਮੇਤ ਸਥਾਨਕ ਆਗੂਆਂ ਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਿਰਕਤ ਕੀਤੀ।

ਸਮਾਗਮ ਦੌਰਾਨ ਆਪਣੇ ਸੰਬੋਧਨ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਹਿਲੇ ਪਾਤਸ਼ਾਹ ਜੀ ਦੀ ਵਿਚਾਰਧਾਰਾ ਨੂੰ ਸਮੁੱਚੇ ਵਿਸ਼ਵ ਲਈ ਕਲਿਆਣਕਾਰੀ ਦੱਸਿਆ। ਉਨ੍ਹਾਂ ਕਾਨ੍ਹਪੁਰ ਦੀਆਂ ਸੰਗਤਾਂ ਵੱਲੋਂ ਗੁਰਮਤਿ ਸਮਾਗਮ ਲਈ ਦਿੱਤੇ ਭਰਵੇਂ ਸਹਿਯੋਗ ਦੀ ਸ਼ਲਾਘਾ ਕੀਤੀ ਅਤੇ 550ਵੇਂ ਪ੍ਰਕਾਸ਼ ਪੁਰਬ ਮੌਕੇ ਪੰਜਾਬ 'ਚ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਸਮਾਗਮਾਂ ਦਾ ਹਿੱਸਾ ਬਣਨ ਲਈ ਸੱਦਾ ਦਿੱਤਾ। ਇਸ ਮੌਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਆਖਿਆ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਸਮਾਜ ਸੁਧਾਰ ਲਈ ਮਹੱਤਵਪੂਰਨ ਹਨ, ਇਹ ਵਿਸ਼ਵ ਮਾਨਵ ਲਈ ਇਕਸਾਰ ਹਨ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਣਾ ਕਰਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਹੋਣ ਲਈ ਕਿਹਾ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸ. ਬਲਵਿੰਦਰ ਸਿੰਘ ਭੂੰਦੜ ਤੇ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸੂਬਿਆਂ ਵਿਚ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਨੂੰ ਇਤਿਹਾਸਕ ਕਰਾਰ ਦਿੱਤਾ।

ਇਸ ਤੋਂ ਪਹਿਲਾਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰਮਤਿ ਸਿਧਾਂਤਾਂ ਦੀ ਰੋਸ਼ਨੀ ਵਿਚ ਕਥਾ ਵਿਚਾਰਾਂ ਕੀਤੀਆਂ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਵਿੰਦਰ ਸਿੰਘ, ਭਾਈ ਸਤਨਾਮ ਸਿੰਘ ਤੇ ਭਾਈ ਮੁਖਤਿਆਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿੰਘ ਸਭਾ ਦੇ ਪ੍ਰਧਾਨ ਸ. ਹਰਵਿੰਦਰ ਸਿੰਘ ਲਾਰਡ, ਸ. ਸੁਖਵਿੰਦਰ ਸਿੰਘ ਭੱਲਾ, ਸ. ਗੁਰਪਾਲ ਸਿੰਘ, ਸ. ਹਰਵਿੰਦਰ ਸਿੰਘ, ਸ. ਗੁਰਜੀਤ ਸਿੰਘ, ਸ. ਕੁਲਵਿੰਦਰ ਸਿੰਘ, ਸ. ਚਰਨਜੀਤ ਸਿੰਘ, ਸ. ਉਜਾਗਰ ਸਿੰਘ, ਸ. ਹਰਪ੍ਰੀਤ ਸਿੰਘ ਆਦਿ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਸਬੰਧੀ ਗੁਰਮਤਿ ਸਮਾਗਮ

### ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਗਿਆਨੀ ਰਘਬੀਰ ਸਿੰਘ, ਗਿਆਨੀ ਰਣਜੀਤ ਸਿੰਘ ਗੌਹਰ ਸਮੇਤ ਹੋਰਾਂ ਨੇ ਕੀਤੀ ਸ਼ਿਰਕਤ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤੀ ਸਿੱਖ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਨਾਲ ਮਨਾਇਆ ਗਿਆ। ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਮ ਸਿੰਘ ਦੇ ਉਪਰਾਲੇ ਸਦਕਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਇਹ ਸਮਾਗਮ ਕਰਨ ਦਾ ਫੈਸਲਾ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਿੱਖ ਧਰਮ ਇਤਿਹਾਸ ਨਾਲ ਜੁੜੇ ਵੱਖ-ਵੱਖ ਦਿਹਾੜੇ ਮਨਾਏ ਜਾਂਦੇ ਹਨ। ਇਸ ਵਿਸ਼ੇਸ਼ ਸਮਾਗਮ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਵਧੀਕ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਲੁਧਿਆਣਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ ਤੇ ਸੀਨੀਅਰ ਆਗੂ ਜਥੇਦਾਰ ਹੀਰਾ ਸਿੰਘ ਗਾਬੜੀਆਂ ਨੇ ਸ਼ਿਰਕਤ ਕੀਤੀ।

ਸਮਾਗਮ ਦੌਰਾਨ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਭਾਈ ਲਾਲੋ ਜੀ ਦੇ ਜੀਵਨ ਤੇ ਉਨ੍ਹਾਂ ਦੀ ਘਾਲਣਾ ਨੂੰ ਸੰਗਤ ਨਾਲ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਭਾਈ ਲਾਲੋ ਜੀ ਦਾ ਜੀਵਨ ਸਮਾਜ ਲਈ ਇਕ ਸੁਚੱਜਾ ਮਾਰਗ ਦਰਸ਼ਨ ਹੈ, ਜਿਸ ਤੋਂ ਅਗਵਾਈ ਲੈ ਕੇ ਧਰਮ ਦੀ ਕਿਰਤ ਕਰਦਿਆਂ ਕਰਤਾ ਪੁਰਖ ਨਾਲ ਜੁੜਨ ਦੀ ਪ੍ਰੇਰਣਾ ਮਿਲਦੀ ਹੈ। ਇਸ ਮੌਕੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਭਾਈ ਲਾਲੋ ਜੀ ਨੂੰ ਪਹਿਲੇ ਪਾਤਸ਼ਾਹ ਜੀ ਨੇ ਬੇਹੱਦ ਸਨਮਾਨ ਦਿੱਤਾ। ਇਸ ਦੀ ਉਦਾਹਰਣ ਗੁਰੂ ਜੀ ਦੀ ਪਾਵਨ ਬਾਣੀ ਤੋਂ ਮਿਲਦੀ ਹੈ, ਕਿਉਂਕਿ ਗੁਰੂ ਸਾਹਿਬ ਨੇ ਬਾਬਰ ਦੇ ਹਮਲੇ ਸਬੰਧੀ ਰਚੀ ਬਾਣੀ ਭਾਈ ਲਾਲੋ ਜੀ ਨੂੰ ਸੰਬੋਧਨ ਕਰਕੇ ਉਚਾਰਨ ਕੀਤੀ। ਇਸ ਤੋਂ ਇਲਾਵਾ ਸਮਾਗਮ ਦੌਰਾਨ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ.ਰੂਪ ਸਿੰਘ, ਜਥੇਦਾਰ ਹੀਰਾ ਸਿੰਘ ਗਾਬੜੀਆਂ ਤੇ ਸ. ਅਵਤਾਰ ਸਿੰਘ ਹਿੱਤ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ, ਜਦਕਿ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ ਨੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਭਾਈ ਲਾਲੋ ਜੀ ਸਬੰਧੀ ਸਮਾਗਮਾਂ ਦੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਇਤਿਹਾਸਕ ਅਸਥਾਨ ਤੋਂ ਸ਼ੁਰੂਆਤ ਕਰਨ ਲਈ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਸਿੰਘ ਸਾਹਿਬਾਨ ਅਤੇ ਹੋਰ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸਟੇਜ ਦੀ ਸੇਵਾ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਨਿਭਾਈ।

ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਕੁਹਾੜਕਾ, ਭਾਈ ਜਗਤਾਰ ਸਿੰਘ ਤੇ ਭਾਈ ਸਤਿੰਦਰ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਹਰਪਾਲ ਸਿੰਘ ਜੱਲਾ, ਸ. ਕੁਲਵੰਤ ਸਿੰਘ ਮੰਨਣ, ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਹੋਰ ਮੌਜੂਦ ਸਨ।

## 550ਵੇਂ ਪ੍ਰਕਾਸ਼ ਪੁਰਬ ਸਮਾਗਮ ਸਾਂਝੇ ਤੌਰ 'ਤੇ ਮਨਾਉਣ ਸਬੰਧੀ ਤਾਲਮੇਲ ਕਮੇਟੀ ਦੀ ਹੋਈ ਇਕੱਤਰਤਾ



ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਆਦੇਸ਼ ਅਨੁਸਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਨੂੰ ਸਾਂਝੇ ਤੌਰ 'ਤੇ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਜਾਬ ਸਰਕਾਰ ਦੀ ਤਾਲਮੇਲ ਕਮੇਟੀ ਦੀ ਇਕੱਤਰਤਾ ਇਥੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ। ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੀਨੀਅਰ ਮੈਂਬਰ ਜਥੇਦਾਰ ਤੋਤਾ ਸਿੰਘ, ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਮੁੱਖ ਸਕੱਤਰ ਡਾ. ਰੂਪ ਸਿੰਘ, ਪੰਜਾਬ ਸਰਕਾਰ ਤਰਫੋਂ ਕੈਬਨਿਟ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ, ਸ. ਭਗਵੰਤਪਾਲ ਸਿੰਘ ਸੱਚਰ ਅਤੇ ਸਾਂਝੇ ਨੁਮਾਇੰਦੇ ਵਜੋਂ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਦੇ ਪ੍ਰਤੀਨਿਧ ਬਾਬਾ ਨੌਰੰਗ ਸਿੰਘ ਮੌਜੂਦ ਰਹੇ।

ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਵਿਚਾਰ-ਵਟਾਂਦਰਾਂ ਸਦਭਾਵਨਾ ਵਾਲੇ ਮਾਹੌਲ ਵਿਚ ਹੋਇਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਸਰਬ ਸਾਂਝੀਵਾਲਤਾ ਦਾ ਸੁਨੇਹਾ ਦਿੰਦੀ ਹੈ ਅਤੇ ਅਸੀਂ ਚਾਹੁੰਦੇ ਹਾਂ ਕਿ ਗੁਰੂ ਸਾਹਿਬ ਜੀ ਦੇ ਇਤਿਹਾਸਕ ਪੁਰਬ ਮੌਕੇ ਇਹ ਸੰਦੇਸ਼ ਸਮੁੱਚੀ ਦੁਨੀਆਂ ਅੰਦਰ ਜਾਵੇ। ਇਸੇ ਸਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਤਾਲਮੇਲ ਕਮੇਟੀ ਗਠਤ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਬੈਠਕ ਦੌਰਾਨ ਹਰ ਮੈਂਬਰ ਦਾ ਹੁੰਗਾਰਾ ਹਾਂ-ਪੱਖੀ ਰਿਹਾ ਹੈ। ਦੋਹਾਂ ਧਿਰਾਂ ਨੇ ਇਸ ਗੱਲ ਨੂੰ ਮਹਿਸੂਸ ਕੀਤਾ ਹੈ ਕਿ ਸਮਾਗਮ ਸਾਂਝੇ ਤੌਰ 'ਤੇ ਮਨਾਏ ਜਾਣੇ ਚਾਹੀਦੇ ਹਨ। ਭਾਈ ਲੌਂਗੋਵਾਲ ਨੇ ਇਕੱਤਰਤਾ ਦੇ ਨਤੀਜੇ ਸਾਰਥਕ ਨਿਕਲਣ ਦੀ ਆਸ ਪ੍ਰਗਟਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਨੁਮਾਇੰਦੇ ਭੇਜਣ ਲਈ ਧੰਨਵਾਦ ਕੀਤਾ। ਇਸ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਇਕੱਤਰਤਾ 'ਚ ਹੋਏ ਵਿਚਾਰ ਵਟਾਂਦਰੇ ਨੂੰ ਮੁੱਖ ਮੰਤਰੀ ਜੀ ਨਾਲ ਸਾਂਝਾ ਕੀਤਾ ਜਾਵੇਗਾ। ਮੁੱਖ ਮੰਤਰੀ ਨਾਲ ਇਕੱਤਰਤਾ ਮਗਰੋਂ ਆਉਂਦੇ ਦਿਨਾਂ ਵਿਚ ਪ੍ਰੋਗਰਾਮਾਂ ਸਬੰਧੀ ਰੂਪ ਰੇਖਾ ਦੱਸੀ ਜਾਵੇਗੀ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ. ਸੁਖਜਿੰਦਰ ਸਿੰਘ ਰੰਧਾਵਾ ਤੇ ਸ. ਭਗਵੰਤਪਾਲ ਸਿੰਘ ਸੱਚਰ ਨੂੰ ਧਾਰਮਿਕ ਪੁਸਤਕਾਂ ਨਾਲ ਸਨਮਾਨ ਦਿੱਤਾ। ਪ੍ਰੈੱਸ ਵਾਰਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਭਾਈ ਰਾਮ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ, ਸ. ਸੁਖਦੇਵ ਸਿੰਘ ਭੂਰਾਕੋਹਨਾ, ਇੰਜ: ਸੁਖਮਿੰਦਰ ਸਿੰਘ ਨਿੱਜੀ ਸਕੱਤਰ ਆਦਿ ਵੀ ਮੌਜੂਦ ਸਨ।



ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਛੇਹਰਟਾ ਸਾਹਿਬ ਵਿਖੇ ਬੱਚਿਆਂ ਨੂੰ ਗੁਰਮਤਿ ਅਨੁਸਾਰ ਚੰਗੇ ਆਚਰਣਕ ਜੀਵਨ ਦੇ ਧਾਰਨੀ ਬਣਨ ਬਾਰੇ ਜਾਣਕਾਰੀ ਦੇਣ ਉਪਰੰਤ ਧਾਰਮਿਕ ਲਿਟਰੇਚਰ ਤੇ ਮੈਡਲ ਵੰਡਦੇ ਹੋਏ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਸੁਖਵੰਤ ਸਿੰਘ ਤੇ ਸਕੂਲ ਦਾ ਸਟਾਫ।

## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਮੌਕੇ 1 ਤੋਂ 13 ਨਵੰਬਰ ਤੱਕ ਕਰਵਾਏ ਜਾਣ ਵਾਲੇ ਸਮਾਗਮਾਂ ਦਾ ਵੇਰਵਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਪਹਿਲੀ ਨਵੰਬਰ ਤੋਂ ਤੇਰ੍ਹਾਂ ਨਵੰਬਰ ਤੱਕ ਗੁਰਮਤਿ ਸਮਾਗਮ ਨਿਰੰਤਰ ਜਾਰੀ ਰਹਿਣਗੇ। ਵਰਣਨਯੋਗ ਹੈ ਕਿ 1 ਨਵੰਬਰ ਤੋਂ 8 ਨਵੰਬਰ ਤੱਕ ਸਮਾਗਮਾਂ ਦਾ ਸਥਾਨ ਭਾਈ ਮਰਦਾਨਾ ਜੀ ਦੀਵਾਨ ਹਾਲ ਗੁਰਦੁਆਰਾ ਸ੍ਰੀ ਬੇਰ ਸਾਹਿਬ, ਜਦਕਿ 9 ਤੋਂ 12 ਨਵੰਬਰ ਤੱਕ ਦੇ ਸਮਾਗਮ ਗੁਰੂ ਨਾਨਕ ਸਟੇਡੀਅਮ ਸੁਲਤਾਨਪੁਰ ਲੋਧੀ ਵਿਖੇ ਹੋਣਗੇ। ਇਨ੍ਹਾਂ ਸਮਾਗਮਾਂ ਤਹਿਤ ਵਿਸ਼ਵ ਪੱਧਰੀ ਮੁੱਖ ਸਮਾਗਮਾਂ ਤੋਂ ਇਲਾਵਾ ਵੱਖ-ਵੱਖ ਦਿਨਾਂ ਵਿਚ ਕੀਰਤਨ ਦਰਬਾਰ, ਢਾਡੀ ਦਰਬਾਰ, ਕਵੀਸ਼ਰੀ ਦਰਬਾਰ, ਸਿੱਖ ਸ਼ਖ਼ਸੀਅਤਾਂ ਦਾ ਸਨਮਾਨ, ਰਾਗ ਦਰਬਾਰ, ਇਸਤਰੀ ਸੰਮੇਲਨ, ਨੌਜੁਆਨ ਸੰਗੀਤ ਸੰਮੇਲਨ, ਵਿਸ਼ਵ ਸਿੱਖ ਨੌਜੁਆਨ ਸੰਮੇਲਨ, ਅੰਤਰ ਧਰਮ ਸੰਵਾਦ ਸੰਮੇਲਨ ਆਦਿ ਦਾ ਸੰਗਤਾਂ ਅਨੰਦ ਮਾਣ ਸਕਣਗੀਆਂ। ਇਸ ਤੋਂ ਇਲਾਵਾ ਲਾਈਟ ਐਂਡ ਸਾਊਂਡ, ਲੇਜ਼ਰ ਸ਼ੋਅ, ਡਰੋਨ ਸ਼ੋਅ, ਆਤਿਸ਼ਬਾਜ਼ੀ ਆਦਿ ਪ੍ਰੋਗਰਾਮ ਖਿੱਚ ਦਾ ਕੇਂਦਰ ਰਹਿਣਗੇ।

ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨਾਲ ਜੋੜਨ ਲਈ ਵੱਖ-ਵੱਖ ਸਮਾਗਮ ਉਲੀਕੇ ਗਏ ਹਨ। ਸਮੁੱਚੇ ਸਮਾਗਮਾਂ ਵਿਚ ਬੱਚਿਆਂ, ਨੌਜੁਆਨਾਂ, ਬੀਬੀਆਂ, ਗੁਰੂ ਨਾਨਕ ਨਾਮ ਲੇਵਾ ਅਤੇ ਵੱਖ-ਵੱਖ ਧਰਮਾਂ ਨਾਲ ਸਬੰਧਤ ਸ਼ਖ਼ਸੀਅਤਾਂ ਦੀ ਨੁਮਾਇੰਦਗੀ ਹੋਵੇਗੀ। ਮੁੱਖ ਸਮਾਗਮਾਂ 'ਚ ਲੱਖਾਂ ਸੰਗਤਾਂ ਦੇ ਨਾਲ-ਨਾਲ ਦੇਸ਼ ਵਿਦੇਸ਼ ਦੀਆਂ ਪ੍ਰਮੁੱਖ ਹਸਤੀਆਂ ਸ਼ਿਰਕਤ ਕਰਨਗੀਆਂ।

1 ਨਵੰਬਰ ਤੋਂ 13 ਨਵੰਬਰ ਤੱਕ ਸਵੇਰੇ ਸ਼ਾਮ ਪੰਥ ਪ੍ਰਸਿੱਧ ਰਾਗੀ ਜਥੇ ਤੇ ਕਥਾ ਵਾਚਕ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਕਥਾ ਵਿਚਾਰਾਂ ਨਾਲ ਜੋੜਨਗੇ। ਇਸੇ ਦੌਰਾਨ ਵਿਸ਼ੇਸ਼ ਸਮਾਗਮਾਂ ਵਿਚ 1 ਨਵੰਬਰ ਨੂੰ 550 ਰਬਾਬੀ ਤੰਤੀ ਸਾਜ਼ ਹੱਥਾਂ ਵਿਚ ਲੈ ਕੇ ਇਕ ਨਗਰ ਕੀਰਤਨ ਦੇ ਰੂਪ ਵਿਚ ਗੁਰਦੁਆਰਾ ਰਬਾਬਸਰ ਭਰੋਆਣਾ ਤੋਂ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਪੁੱਜਣਗੇ। ਇਥੇ ਪੁਰਾਤਨ ਸਾਜ਼ਾਂ ਨਾਲ ਕੀਰਤਨ ਸਮਾਗਮ ਹੋਵੇਗਾ। 2 ਨਵੰਬਰ ਨੂੰ ਭਾਰਤ ਭਰ 'ਚ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਕੀਤੇ ਗਏ ਸਹਿਜਪਾਠਾਂ ਦੇ ਸੰਗਤੀ ਰੂਪ ਵਿਚ ਭੋਗ ਪਾਏ ਜਾਣਗੇ। 3 ਨਵੰਬਰ ਨੂੰ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਦਾ ਕੌਮੀ ਪੱਧਰ ਦਾ ਸਮਾਗਮ ਹੋਵੇਗਾ। 4 ਨਵੰਬਰ ਨੂੰ ਵੱਖ-ਵੱਖ ਸਿੱਖ ਸੰਸਥਾਵਾਂ ਅਤੇ ਅਕੈਡਮੀਆਂ ਦੇ ਵਿਦਿਆਰਥੀਆਂ ਦੇ ਕੀਰਤਨ, ਗੁਰਬਾਣੀ ਕੰਠ, ਕਵਿਤਾ, ਭਾਸ਼ਣਾ, ਪ੍ਰਸ਼ਨੋਤਰੀ ਤੇ ਢਾਡੀ ਕਵੀਸ਼ਰੀ ਮੁਕਾਬਲੇ ਹੋਣਗੇ।

5 ਨਵੰਬਰ ਨੂੰ ਸ਼੍ਰੋਮਣੀ ਕਮੇਟੀ ਅਤੇ ਖ਼ਾਲਸਾ ਸਕੂਲਾਂ ਦੇ ਵਿਦਿਆਰਥੀਆਂ ਦਾ ਵਿਸ਼ਾਲ ਸਮਾਗਮ ਹੋਵੇਗਾ। ਇਸੇ ਦਿਨ ਸ੍ਰੀ ਨਨਕਾਣਾ ਸਾਹਿਬ ਤੋਂ ਆਰੰਭ ਹੋਏ ਅੰਤਰਰਾਸ਼ਟਰੀ ਨਗਰ ਕੀਰਤਨ ਦੀ ਸੰਪੂਰਨ ਖ਼ਾਲਸਈ ਜਾਹੋ-ਜਲਾਲ ਨਾਲ ਹੋਵੇਗੀ। ਇਸੇ ਤਰ੍ਹਾਂ 6 ਨਵੰਬਰ ਨੂੰ ਵਿਸ਼ਵ ਸਿੱਖ ਨੌਜੁਆਨ ਸੰਮੇਲਨ 'ਚ ਗੁਰੂ ਸਾਹਿਬ ਦੀ ਵਿਚਾਰਧਾਰਾ ਦੀ ਰੌਸ਼ਨੀ ਵਿਚ ਨੌਜੁਆਨੀ ਨੂੰ ਸੇਧਾਂ ਸਬੰਧੀ ਵਿਚਾਰਾਂ ਹੋਣਗੀਆਂ। ਇਸ ਤੋਂ ਇਲਾਵਾ ਇਨਾਮੀ ਕਵੀ ਮੁਕਾਬਲੇ ਵੀ ਹੋਣਗੇ। 7 ਨਵੰਬਰ ਨੂੰ ਨੌਜਵਾਨ ਸੰਗੀਤ ਸੰਮੇਲਨ, ਇਨਾਮੀ ਢਾਡੀ ਮਕਾਬਲੇ, ਜਦਕਿ 8 ਨਵੰਬਰ ਨੂੰ ਗਤਕਾ ਮੁਕਾਬਲੇ, ਕਵੀਸ਼ਰੀ ਮੁਕਾਬਲੇ ਅਤੇ ਢਾਡੀ ਦਰਬਾਰ ਰੱਖੇ ਗਏ ਹਨ। 8 ਨਵੰਬਰ ਨੂੰ ਹੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਅੰਤਰ ਧਰਮ ਸੰਵਾਦ ਸੰਮੇਲਨ ਕਰਵਾਇਆ ਜਾਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਵੱਖ-ਵੱਖ ਧਰਮਾਂ ਦੇ ਮੁਖੀ ਸੰਬੋਧਨ ਕਰਨਗੇ।

9 ਤੋਂ 12 ਨਵੰਬਰ ਤੱਕ ਗੁਰੂ ਨਾਨਕ ਸਟੇਡੀਅਮ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਸਮਾਗਮਾਂ ਵਿਚ 9 ਨਵੰਬਰ ਨੂੰ ਇਸਤਰੀ ਸੰਮੇਲਨ ਤੇ ਕਵੀ ਦਰਬਾਰ, ਰਾਤ ਸਮੇਂ ਲਾਈਟ ਐਂਡ ਸਾਊਂਡ ਤੇ ਲੇਜ਼ਰ ਸ਼ੋਅ, 10 ਦਸੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਰਚਿਤ ਰਾਗਾਂ 'ਤੇ ਅਧਾਰਿਤ ਅਲੌਕਿਕ ਰਾਗ ਦਰਬਾਰ ਤੇ ਰਾਤ ਸਮੇਂ ਕਵੀਸ਼ਰੀ ਦਰਬਾਰ ਹੋਣਗੇ। ਇਸੇ ਤਰ੍ਹਾਂ 11 ਨਵੰਬਰ ਨੂੰ ਪੁਰਾਤਨ ਰਵਾਇਤ ਅਨੁਸਾਰ ਗੁਰਦੁਆਰਾ ਸੰਤਘਾਟ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੱਕ ਨਗਰ ਕੀਰਤਨ ਸਜਾਇਆ ਜਾਵੇਗਾ। ਇਸ ਤੋਂ ਇਲਾਵਾ ਵਿਸ਼ੇਸ਼ ਵਿਚਾਰ ਸਮਾਗਮ ਦੌਰਾਨ ਦੇਸ਼ ਵਿਦੇਸ਼ ਦੀਆਂ ਧਾਰਮਿਕ, ਰਾਜਨੀਤਕ ਸ਼ਖ਼ਸੀਅਤਾਂ ਤੇ ਵੱਖ-ਵੱਖ ਰਾਜਾਂ ਦੇ ਮੁੱਖ ਮੰਤਰੀ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਬਾਰੇ ਵਿਚਾਰ ਸਾਂਝੇ ਕਰਨਗੇ।

11 ਨਵੰਬਰ ਨੂੰ ਹੀ ਢਾਡੀ ਦਰਬਾਰ, ਕਵੀਸ਼ਰੀ ਦਰਬਾਰ ਤੇ 101 ਸਿੱਖ ਸ਼ਖ਼ਸੀਅਤਾਂ ਦੇ ਸਨਮਾਨ ਸਬੰਧੀ ਸਮਾਗਮ ਹੋਵੇਗਾ। 12 ਨਵੰਬਰ ਨੂੰ ਕੌਮਾਂਤਰੀ ਪੱਧਰ ਦੇ ਸਮਾਗਮ ਦੌਰਾਨ ਪ੍ਰਮੁੱਖ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਗੁਰੂ ਸਾਹਿਬ ਜੀ ਨੂੰ ਸਤਿਕਾਰ ਭੇਟ ਕਰਨਗੀਆਂ। 12 ਨਵੰਬਰ ਰਾਤ ਸਮੇਂ ਕੀਰਤਨ ਦਰਬਾਰ ਹੋਵੇਗਾ ਅਤੇ 12 ਤੇ 13 ਨਵੰਬਰ ਦਰਮਿਆਨੀ ਰਾਤ 1:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।

## ਸ੍ਰੀ ਨਨਕਾਣਾ ਸਾਹਿਬ ਤੋਂ ਆਰੰਭ ਹੋਇਆ ਕੌਮਾਂਤਰੀ ਨਗਰ ਕੀਰਤਨ 5 ਨਵੰਬਰ ਨੂੰ ਸੁਲਤਾਨਪੁਰ ਲੋਧੀ ਵਿਖੇ ਹੋਵੇਗਾ ਸੰਪੰਨ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਪਹਿਲੀ ਅਗਸਤ ਨੂੰ ਆਰੰਭ ਕੀਤਾ ਗਿਆ ਅੰਤਰਰਾਸ਼ਟਰੀ ਨਗਰ ਕੀਰਤਨ 5 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੂਰਨ ਹੋਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਨਗਰ ਕੀਰਤਨ ਦੇ ਰੂਟ ਸਬੰਧੀ ਸਬ-ਕਮੇਟੀ ਦੀ ਇਕੱਤਰਤਾ ਮਗਰੋਂ ਕੀਤਾ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਪ੍ਰਤੀ ਸੰਗਤਾਂ ਅੰਦਰ ਭਾਰੀ ਉਤਸ਼ਾਹ ਹੈ ਅਤੇ ਪ੍ਰਸੰਨਤਾ ਦੀ ਗੱਲ ਹੈ ਕਿ ਹਰ ਸੂਬੇ ਅੰਦਰ ਇਸ ਦਾ ਭਰਵਾਂ ਸਵਾਗਤ ਹੋਇਆ ਹੈ। ਇਸੇ ਦੌਰਾਨ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਕਮੇਟੀ ਦੇ ਮੁਖੀ ਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਤੋਤਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੀਰਤਨ ਦਾ ਮੁਕੰਮਲ ਰੂਟ ਤੈਅ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ 15 ਅਕਤੂਬਰ ਨੂੰ ਨਗਰ ਕੀਰਤਨ ਪੰਜਾਬ ਅੰਦਰ ਪ੍ਰਵੇਸ਼ ਕਰੇਗਾ ਜਿਥੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ 21 ਦਿਨ ਬਾਅਦ ਪ੍ਰਕਾਸ਼ ਪੁਰਬ ਸਮਾਗਮਾਂ ਦੇ ਕੇਂਦਰੀ ਅਸਥਾਨ ਸੁਲਤਾਨਪੁਰ ਲੋਧੀ ਵਿਖੇ ਪੁੱਜੇਗਾ। 4 ਨਵੰਬਰ ਨੂੰ ਸਟੇਟ ਗੁਰਦੁਆਰਾ ਕਪੂਰਥਲਾ ਵਿਖੇ ਰਾਤ ਦੇ ਵਿਸ਼ਰਾਮ ਮਗਰੋਂ 5 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਲਈ ਰਵਾਨਗੀ ਹੋਵੇਗੀ। ਸੁਲਤਾਨਪੁਰ ਲੋਧੀ ਵਿਖੇ ਪਹੁੰਚਣ ਸਮੇਂ ਨਗਰ ਕੀਰਤਨ ਦੇ ਅਲੌਕਿਕ ਸਵਾਗਤ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ। ਜਹਾਜ਼ ਰਾਹੀਂ ਫੁੱਲ ਪੱਤੀਆਂ ਦੀ ਵਰਖਾ ਹੋਵੇਗੀ ਅਤੇ ਬੈਂਡ ਦੇ ਨਾਲ-ਨਾਲ ਗਤਕਾ ਅਖਾੜੇ ਨਗਰ ਕੀਰਤਨ ਦੀ ਸ਼ੋਭਾ ਵਧਾਉਣਗੇ। ਇਸ ਮੌਕੇ ਭਾਈ ਲੌਂਗੋਵਾਲ ਅਤੇ ਜਥੇਦਾਰ ਤੋਤਾ ਸਿੰਘ ਤੋਂ ਇਲਾਵਾ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਸ. ਦਰਬਾਰਾ ਸਿੰਘ ਗੁਰੂ, ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਭਾਈ ਰਾਮ ਸਿੰਘ, ਜਥੇ. ਗੁਰਿੰਦਰਪਾਲ ਸਿੰਘ ਗੋਰਾ, ਸ. ਸਵਿੰਦਰ ਸਿੰਘ ਸਭਰਵਾਲ, ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਅਧਿਕਾਰੀ ਮੌਜੂਦ ਸਨ।

## ਕੇਂਦਰ ਸਰਕਾਰ ਵੱਲੋਂ ਸਿੱਖ ਬੰਦੀਆਂ ਦੀ ਰਿਹਾਈ ਦੇ ਐਲਾਨ ਦਾ ਭਾਈ ਲੌਂਗੋਵਾਲ ਨੇ ਕੀਤਾ ਸਵਾਗਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਭਾਰਤ ਸਰਕਾਰ ਵੱਲੋਂ ਅੱਠ ਸਿੱਖ ਬੰਦੀਆਂ ਦੀ ਰਿਹਾਈ ਤੇ ਇੱਕ ਦੀ ਮੌਤ ਦੀ ਸਜਾ ਨੂੰ ਉਮਰ ਕੈਦ ਵਿਚ ਤਬਦੀਲ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਕੇਂਦਰ ਸਰਕਾਰ ਦਾ ਇਹ ਇੱਕ ਮਾਨਵਵਾਦੀ ਫੈਸਲਾ ਹੈ, ਜਿਸ ਲਈ ਉਹ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਦਹਾਕੇ ਤੋਂ ਉਮਰ ਦਾ ਅਹਿਮ ਪੜਾਅ ਜੇਲਾਂ ਵਿਚ ਕੱਟ ਚੁੱਕੇ ਇਨ੍ਹਾਂ ਸਿੱਖਾਂ ਦੀ ਰਿਹਾਈ ਲਈ ਸ਼੍ਰੋਮਣੀ ਕਮੇਟੀ ਸਦਾ ਆਵਾਜ ਉਠਾਉਂਦੀ ਰਹੀ ਹੈ। ਸਿੱਖ ਜਗਤ ਦੀ ਚਿਰੋਕਣੀ ਮੰਗ ਨੂੰ ਸਵੀਕਾਰਦਿਆਂ ਸਰਕਾਰ ਦਾ ਫੈਸਲਾ ਸਵਾਗਤਯੋਗ ਹੈ। ਇਸ ਦੇ ਨਾਲ ਹੀ ਭਾਈ ਲੌਂਗੋਵਾਲ ਨੇ ਬਾਕੀ ਰਹਿੰਦੇ ਬੰਦੀਆਂ ਦੇ ਮਾਮਲੇ 'ਤੇ ਵੀ ਗੌਰ ਕਰਨ ਵੀ ਮੰਗ ਕੀਤੀ ਹੈ।

## ਕਾਨ੍ਹਪੁਰ ਵਾਸੀ ਬੀਬੀ ਅਮਰਜੀਤ ਕੌਰ ਨੇ ਪਹਿਲੇ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਮੌਕੇ ਗੁਰੂ ਰਾਮਦਾਸ ਲੰਗਰ ਦੀ ਸੇਵਾ ਲਈ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆ ਰਹੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਰਾਮਦਾਸ ਲੰਗਰ ਦੀ ਸੇਵਾ ਲੈਣ 'ਤੇ ਕਾਨ੍ਹਪੁਰ ਵਾਸੀ ਬੀਬੀ ਅਮਰਜੀਤ ਕੌਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਦੱਸਿਆ ਕਿ ਬੀਬੀ ਅਮਰਜੀਤ ਕੌਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੰਗਰ 'ਤੇ ਹੋਣ ਵਾਲੇ ਖਰਚੇ ਦੀ ਸੇਵਾ ਕਰਨ ਦੀ ਇੱਛਾ ਪ੍ਰਗਟ ਕੀਤੀ ਹੈ। ਉਨ੍ਹਾਂ ਆਖਿਆ ਕਿ ਸ਼ਰਧਾਲੂ ਬੀਬੀ ਵੱਲੋਂ ਇਸ ਸੇਵਾ ਲਈ ਪੰਜ ਲੱਖ ਰੁਪਏ ਜਮ੍ਹਾਂ ਕਰਵਾ ਦਿੱਤੇ ਗਏ ਹਨ। ਇਸ ਤੋਂ ਇਲਾਵਾ ਬਾਕੀ ਖਰਚ ਵੀ ਇਨ੍ਹਾਂ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੰਗਤਾਂ ਗੁਰੂ ਦਰਬਾਰ ਪ੍ਰਤੀ ਸ਼ਰਧਾ ਨਾਲ ਸੇਵਾਵਾਂ ਨਿਭਾਉਂਦੀਆਂ ਹਨ।

ਇਸ ਮੌਕੇ ਬੀਬੀ ਅਮਰਜੀਤ ਕੌਰ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੇ ਵਿਸ਼ਵ ਲਈ ਮਹਾਨ ਧਾਰਮਿਕ ਅਸਥਾਨ ਹਨ ਅਤੇ ਇਥੋਂ ਸਭ ਨੂੰ ਬਖ਼ਸ਼ਿਸ਼ਾਂ ਪ੍ਰਾਪਤ ਹੁੰਦੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇਸ ਅਸਥਾਨ 'ਤੇ ਸੇਵਾ ਕਰਕੇ ਹਮੇਸ਼ਾਂ ਮਨ ਨੂੰ ਸ਼ਾਂਤੀ ਮਹਿਸੂਸ ਹੁੰਦੀ ਹੈ।

## ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਬੇਬੇ ਨਾਨਕੀ ਜੀ ਯਾਤਰੀ ਨਿਵਾਸ ਦਾ ਕੀਤਾ ਉਦਘਾਟਨ



ਸੁਲਤਾਨਪੁਰ ਲੋਧੀ- ਸ੍ਰੀ ਗੁਰੂ ਨਾਨਕ ਦੇਵ ਦੇ 550 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਸੰਗਤਾਂ ਨੂ ਕੋਈ ਮੁਸ਼ਕ ਨਾ ਆਵੇ ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਨੇੜੇ ਤਿਆਰ ਕੀਤੀ ਗਈ ਬੇਬੇ ਨਾਨਕੀ ਯਾਤਰੀ ਨਿਵਾਸ ਦਾ ਉਦਘਾਟਨ ਕੀਤਾ ਗਿਆ। ਜਿਕਰਯੋਗ ਹੈ ਕਿ ਇਸ ਸਰਾਂ ਦੀ ਉਸਾਰੀ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਸੰਤ ਬਾਬਾ ਜਗਤਾਰ ਸਿੰਘ ਕਾਰ ਸੇਵਾ ਵਾਲਿਆਂ ਨੂੰ ਸੌਂਪੀ ਗਈ ਸੀ। ਇਸ ਕਾਰਜ਼ ਦੀ ਸੇਵਾ ਮੁਕੰਮਲ ਕਰਨ ਉਪਰੰਤ ਬਾਬਾ ਜਗਤਾਰ ਸਿੰਘ ਕਾਰ ਸੇਵਾ ਵਾਲਿਆਂ ਨੇ ਬੇਬੇ ਨਾਨਕੀ ਯਾਤਰੀ ਨਿਵਾਸ ਦੀਆਂ ਚਾਬੀਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਭੇਟ ਕੀਤੀਆਂ ਗਈਆਂ।

ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਰਸਮੀ ਤੌਰ 'ਤੇ ਬੇਬੇ ਨਾਨਕੀ ਯਾਤਰੀ ਨਿਵਾਸ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਨੂੰ ਲੈ ਕੇ ਦੇਸ਼ ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਸੰਤ ਬਾਬਾ ਜਗਤਾਰ ਸਿੰਘ ਤੇ ਹੋਰ ਸੰਤਾਂ ਮਹਾਂਪੁਰਸ਼ਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸੰਤ ਬਾਬਾ ਗੁਰਚਰਨ ਸਿੰਘ ਦਮਦਮਾ ਸਾਹਿਬ ਵਾਲੇ, ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਸੰਤ ਬਾਬਾ ਸ਼ੁਬੇਗ ਸਿੰਘ ਕਾਰ ਸੇਵਾ ਵਾਲੇ, ਬਾਬਾ ਸਤਨਾਮ ਸਿੰਘ ਗੁਰਦੁਆਰਾ ਸ੍ਰੀ ਸੰਤਘਾਟ ਸਾਹਿਬ ਵਾਲੇ, ਸਾਬਕਾ ਵਿੱਤ ਮੰਤਰੀ ਡਾ. ਉਪਿੰਦਰਜੀਤ ਕੌਰ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਜਥੇਦਾਰ ਸ਼ਿੰਗਾਰਾ ਸਿੰਘ ਲੋਹੀਆਂ ਆਦਿ ਹਾਜ਼ਰ ਸਨ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨੇਪਾਲ ਦੇ ਕਾਠਮੰਡੂ 'ਚ ਹੋਇਆ ਗੁਰਮਤਿ ਸਮਾਗਮ

## ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਭਾਈ ਲੌਂਗੋਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਿਰਕਤ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਨੇਪਾਲ ਦੀਆਂ ਸੰਗਤਾਂ ਵੱਲੋਂ ਕਾਠਮੰਡੂ ਵਿਖੇ ਇੱਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਗੁਰਦੁਆਰਾ ਗੁਰੂ ਨਾਨਕ ਸਤਿਸੰਗ ਸਭਾ ਕਾਠਮੰਡੂ ਵਿਖੇ ਕਰਵਾਏ ਗਏ ਇਸ ਸਮਾਗਮ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਨੇਪਾਲ 'ਚ ਭਾਰਤੀ ਅੰਬੈਸਡਰ ਸ. ਮਨਜੀਵ ਸਿੰਘ ਪੁਰੀ, ਲੋਕ ਸਭਾ ਦੇ ਸਾਬਕਾ ਡਿਪਟੀ ਸਪੀਕਰ ਸ. ਚਰਨਜੀਤ ਸਿੰਘ ਅਟਵਾਲ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾਂ, ਸ. ਮਹੇਸ਼ਇੰਦਰ ਸਿੰਘ ਗਰੇਵਾਲ ਤੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਦੀ ਲੜੀ ਵਿਚ ਨੇਪਾਲ ਦੀਆਂ ਸੰਗਤਾਂ ਵੱਲੋਂ ਗੁਰਮਤਿ ਸਮਾਗਮ ਇੱਕ ਚੰਗਾ ਉੱਦਮ ਹੈ। ਉਨ੍ਹਾਂ ਨੇਪਾਲ ਦੀਆਂ ਸੰਗਤਾਂ ਨੂੰ ਪ੍ਰਕਾਸ਼ ਪੁਰਬ ਸਮਾਗਮਾਂ ਲਈ ਸੁਲਤਾਨਪੁਰ ਲੋਧੀ ਆਉਣ ਦਾ ਸੱਦਾ ਦਿੱਤਾ ਅਤੇ ਇਸ ਦੇ ਨਾਲ ਹੀ ਨੇਪਾਲ ਵਿਚ ਸਿੱਖੀ ਪ੍ਰਚਾਰ ਲਈ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੇ 550 ਸਾਲਾ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਇੱਕ ਇਤਿਹਾਸਕ ਮੌਕਾ ਹੈ ਅਤੇ ਸਾਡਾ ਸਭ ਦਾ ਸਾਂਝਾ ਫਰਜ ਹੈ ਕਿ ਇਸ ਸਮੇਂ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਦਾ ਵੱਧ ਤੋਂ ਵੱਧ ਪ੍ਰਚਾਰ ਕਰੀਏ। ਇਸ ਮੌਕੇ ਭਾਰਤੀ ਅੰਬੈਸਡਰ ਸ. ਮਨਜੀਵ ਸਿੰਘ ਪੁਰੀ ਸਮੇਤ ਹੋਰਨਾਂ ਸ਼ਖਸੀਅਤਾਂ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਪ੍ਰੀਤਮ ਸਿੰਘ ਨੇ ਆਈਆਂ ਪ੍ਰਮੁੱਖ ਸ਼ਖਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ। ਸਟੇਜ ਦੀ ਸੇਵਾ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਨਿਭਾਈ। ਸਮਾਗਮ ਦੌਰਾਨ ਗਿਆਨੀ ਹਰਪ੍ਰੀਤ ਸਿੰਘ, ਭਾਈ ਲੌਂਗੋਵਾਲ ਤੇ ਹੋਰਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਰਾਸ਼ਟਰ ਬੈਂਕ ਦੇ ਗਵਰਨਰ ਸ੍ਰੀ ਚਿਰੰਜੀ ਬੀ ਨੇਪਾਲ, ਭਾਰਤੀ ਸਫਾਰਤਖਾਨੇ ਦੇ ਸਕੱਤਰ ਡਾ. ਪ੍ਰਭਜੀਤ ਸਿੰਘ ਗੁਲਾਟੀ, ਸ. ਰਵਿੰਦਰ ਸਿੰਘ ਸੇਠੀ, ਸ. ਜੀਤ ਸਿੰਘ, ਸ. ਅੰਗਦ ਸਿੰਘ, ਸ. ਗੁਰਬਖਸ਼ ਸਿੰਘ, ਸ. ਅਮਰਜੀਤ ਸਿੰਘ, ਸ੍ਰੀਮਤੀ ਨਮਿਤਾ ਕੌਰ ਪੁਰੀ ਵੀ ਮੌਜੂਦ ਸਨ। ਇਸੇ ਦੌਰਾਨ ਭਾਈ ਲੌਂਗੋਵਾਲ, ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਭਾਈ ਗਰੇਵਾਲ ਤੇ ਹੋਰਨਾਂ ਨੇ ਗੁਰਦੁਆਰਾ ਗੁਰੂ ਨਾਨਕ ਮੱਠ ਸਾਹਿਬ ਦੇ ਵੀ ਦਰਸ਼ਨ ਕੀਤੇ। ਵਰਨਣਯੋਗ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਆਪਣੀ ਤੀਸਰੀ ਉਦਾਸੀ ਮੌਕੇ ਨੇਪਾਲ ਗਏ ਸਨ।

# 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਲਈ ਭਾਈ ਲੌਂਗੋਵਾਲ ਨੇ ਨੇਪਾਲ ਦੇ ਪ੍ਰਧਾਨ ਮੰਤਰੀ ਸ੍ਰੀ ਕੇਪੀ ਸ਼ਰਮਾ ਓਲੀ ਨੂੰ ਦਿੱਤਾ ਸੱਦਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਨੇਪਾਲ ਦੇ ਪ੍ਰਧਾਨ ਮੰਤਰੀ ਸ੍ਰੀ ਕੇਪੀ ਸ਼ਰਮਾ ਓਲੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਮੌਕੇ ਸੁਲਤਾਨਪੁਰ ਲੋਧੀ ਵਿਖੇ ਪਹੁੰਚਣ ਦਾ ਸੱਦਾ ਦਿੱਤਾ। ਭਾਈ ਲੌਂਗੋਵਾਲ ਜੋ ਨੇਪਾਲ ਅੰਦਰ ਭਾਰਤੀ ਦੂਤਾਵਾਸ ਵੱਲੋਂ ਕਾਠਮੰਡੂ 'ਚ ਰੱਖੇ ਇੱਕ ਸਮਾਗਮ ਵਿਚ ਸ਼ਾਮਲ ਹੋਣ ਲਈ ਗਏ ਸਨ, ਨੇ ਨੇਪਾਲ ਦੇ ਪ੍ਰਧਾਨ ਮੰਤਰੀ ਨਾਲ ਉਨ੍ਹਾਂ ਦੀ ਰਿਸ਼ਾਇਸ਼ 'ਤੇ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਸ. ਚਰਨਜੀਤ ਸਿੰਘ ਅਟਵਾਲ, ਸ. ਮਹੇਸ਼ਇੰਦਰ ਸਿੰਘ ਗਰੇਵਾਲ, ਡਾ. ਦਲਜੀਤ ਸਿੰਘ ਚੀਮਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਦਰਸ਼ਨ ਸਿੰਘ ਵੀ ਸਨ। ਇਸ ਮੁਲਾਕਾਤ ਦੌਰਾਨ ਭਾਈ ਲੌਂਗੋਵਾਲ ਨੇ ਨੇਪਾਲ ਵੱਸਦੇ ਸਿੱਖਾਂ ਦੇ ਧਾਰਮਿਕ ਮਸਲਿਆਂ ਬਾਰੇ ਵੀ ਸ੍ਰੀ ਕੇਪੀ ਸ਼ਰਮਾ ਓਲੀ ਨਾਲ ਵਿਚਾਰ ਵਟਾਂਦਰਾ ਕੀਤਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਅਨੁਸਾਰ ਨੇਪਾਲ ਦੇ ਪ੍ਰਧਾਨ ਮੰਤਰੀ ਨੇ ਜਿਥੇ ਪ੍ਰਕਾਸ਼ ਪੁਰਬ ਸਮਾਗਮ ਮੌਕੇ 12 ਨਵੰਬਰ ਦੇ ਸਮਾਗਮ ਵਿਚ ਸ਼ਾਮਲ ਹੋਣ ਦਾ ਭਰੋਸਾ ਦਿੱਤਾ, ਉਥੇ ਹੀ ਸਿੱਖਾਂ ਦੇ ਨੇਪਾਲ ਨਾਲ ਬਿਹਤਰ ਰਿਸ਼ਤਿਆਂ ਨੂੰ ਵੀ ਸਲਾਹਿਆ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਿੱਖ ਹਰ ਮੁਸੀਬਤ ਸਮੇਂ ਮਨੁੱਖਤਾ ਦੀ ਸੇਵਾ ਕਰਨ ਵਿਚ ਮੋਹਰੀ ਰਹਿੰਦੇ ਹਨ ਅਤੇ ਇਹ ਅਮੀਰੀ ਇਨ੍ਹਾਂ ਨੂੰ ਵਿਰਸੇ ਵਿੱਚੋਂ ਮਿਲੀ ਹੋਈ ਹੈ। ਪ੍ਰਧਾਨ ਮੰਤਰੀ ਨਾਲ ਮੁਲਾਕਾਤ ਮੌਕੇ ਨੇਪਾਲ ਵਿਚ ਭਾਰਤੀ ਅੰਬੈਸਡਰ ਸ. ਮਨਜੀਵ ਸਿੰਘ ਪੁਰੀ ਸਮੇਤ ਸਥਾਨਕ ਸਿੱਖ ਆਗੂ ਵੀ ਮੌਜੂਦ ਰਹੇ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ਿਮਲਾ ਵਿਖੇ ਰਾਜ ਪੱਧਰੀ ਸਮਾਗਮ

## ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ, ਰਾਜਪਾਲ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਨੇ ਕੀਤੀ ਸ਼ਮੂਲੀਅਤ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ ਵਿਖੇ ਰਾਜ ਪੱਧਰੀ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਸੂਬੇ ਦੇ ਮੁੱਖ ਮੰਤਰੀ ਸ੍ਰੀ ਜਯ ਰਾਮ ਠਾਕੁਰ, ਰਾਜਪਾਲ ਸ੍ਰੀ ਬੰਡਾਰੂ ਦੱਤਾਤ੍ਰੇਯ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਰਿਜ ਮੈਦਾਨ ਸ਼ਿਮਲਾ ਵਿਖੇ ਇਸ ਸਮਗਾਮ ਵਿਚ ਭਾਰੀ ਬਾਰਿਸ਼ ਦੌਰਾਨ ਵੀ ਹਜਾਰਾਂ ਸੰਗਤਾਂ ਪੁੱਜੀਆਂ। ਇਸ ਮੌਕੇ ਹਿਮਾਚਲ ਪ੍ਰਦੇਸ਼ ਦੇ ਰਾਜਪਾਲ ਸ੍ਰੀ ਬੰਡਾਰੂ ਦੱਤਾਤ੍ਰੇਯ ਨੇ ਸੰਗਤ ਨੂੰ ਸੰਬੋਧਨ ਹੁੰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਗੁਰੂ ਸਾਹਿਬ ਜੀ ਦੀ ਸਿੱਖਿਆ ਨੂੰ ਸਭ ਲਈ ਸਾਂਝੀ ਦੱਸਿਆ। ਸੂਬੇ ਦੇ ਮੁੱਖ ਮੰਤਰੀ ਸ੍ਰੀ ਜਯ ਰਾਮ ਠਾਕੁਰ ਨੇ ਕਿਹਾ ਕਿ ਅੱਜ ਦੇ ਸਮੇਂ ਅੰਦਰ ਗੁਰੂ ਸਾਹਿਬ ਦੇ ਉਪਦੇਸ਼ ਹੋਰ ਵੀ ਪ੍ਰਸੰਗਕ ਹਨ, ਜਿਨ੍ਹਾਂ 'ਤੇ ਚੱਲ ਕੇ ਸਾਨੂੰ ਆਪਣਾ ਜੀਵਨ ਸੁਖਦਾਈ ਬਣਾਉਣਾ ਚਾਹੀਦਾ ਹੈ। ਉਨ੍ਹਾਂ ਵਿਸ਼ਵ ਪ੍ਰਸੰਗ ਵਿਚ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ।

ਸਮਾਗਮ ਦੌਰਾਨ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਮਨੁੱਖਤਾ ਲਈ ਕਲਿਆਣਕਾਰੀ ਕਿਹਾ। ਉਨ੍ਹਾਂ ਪ੍ਰੇਰਨਾ ਕੀਤੀ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਪ੍ਰਚਾਰਨ ਲਈ ਹਰ ਗੁਰੂ ਨਾਨਕ ਨਾਮ-ਲੇਵਾ ਵੱਧ ਤੋਂ ਵੱਧ ਯਤਨ ਕਰੇ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤਰਫੋਂ ਸਮਾਗਮ ਵਿਚ ਪੁਹੰਚੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਹਿਮਾਚਲ ਪ੍ਰਦੇਸ਼ ਵਿਖੇ ਧਰਮ ਪ੍ਰਚਾਰ ਕਾਰਜ ਹੋਰ ਤੇਜ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਸ ਇਲਾਕੇ ਅੰਦਰ ਚੱਲ ਰਹੇ ਸ਼੍ਰੋਮਣੀ ਕਮੇਟੀ ਦੇ ਸਿੱਖ ਮਿਸ਼ਨ ਰਾਹੀਂ ਗੁਰੂ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਪ੍ਰੇਰਨਾ ਲਈ ਘਰ ਘਰ ਤੱਕ ਪਹੁੰਚ ਕੀਤੀ ਜਾਵੇਗੀ, ਤਾਂ ਜੋ ਵੱਧ ਤੋਂ ਵੱਧ ਸੰਗਤਾਂ ਦੀ ਸਮਾਗਮਾਂ ਸਮੇਂ ਸ਼ਮੂਲੀਅਤ ਹੋ ਸਕੇ। ਉਨ੍ਹਾਂ ਸ੍ਰੀ ਗੁਰੂ ਸਿੰਘ ਸਭਾ ਦੇ ਪ੍ਰਧਾਨ ਸ. ਜਸਵਿੰਦਰ ਸਿੰਘ ਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ ਦੇ ਸਮਾਗਮ ਦੀ ਸਫਤਲਾ ਲਈ ਕੀਤੇ ਯਤਨਾਂ ਨੂੰ ਸਲਾਹਿਆ ਤੇ ਮੁੱਖ ਮੰਤਰੀ ਤੇ ਮਾਨਯੋਗ ਰਾਜਪਾਲ ਦਾ ਸਮਾਗਮ ਵਿਚ ਸ਼ਿਰਕਤ ਕਰਨ ਲਈ ਧੰਨਵਾਦ ਕੀਤਾ। ਇਸ ਦੌਰਾਨ ਸੂਬੇ ਦੇ ਮੁੱਖ ਮੰਤਰੀ, ਗਵਰਨਰ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ ਨੇ ਪ੍ਰਮੁੱਖ ਸ਼ਖਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਪ੍ਰਸਿੱਧ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ।

# 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਸਤਰੀ ਸੈਮੀਨਾਰ



ਜਲੰਧਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸਿੱਖ ਇਸਤਰੀ ਚੇਤਨਾ ਲਹਿਰ ਦੇ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸੋਢਲ ਛਾਉਣੀ ਨਿਹੰਗ ਸਿੰਘਾਂ ਵਿਖੇ ਇਸਤਰੀ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਕੁਲਵੰਤ ਸਿੰਘ ਮੰਨਣ ਸਮੇਤ ਹੋਰਨਾਂ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਸੈਮੀਨਾਰ ਵਿਚ ਬੀਬੀ ਮਨਜੀਤ ਕੌਰ ਪ੍ਰਿੰਸੀਪਲ ਸ਼ਹੀਦ ਸਿੱਖ ਮਿਸ਼ਨਰੀ ਕਾਲਜ, ਬੀਬੀ ਮਨਜਿੰਦਰ ਕੌਰ ਸਾਬਕਾ ਪ੍ਰਿੰਸੀਪਲ ਮਾਤਾ ਗੰਗਾ ਜੀ ਖਾਲਸਾ ਕਾਲਜ ਲੁਧਿਆਣਾ ਸਮੇਤ ਹੋਰਨਾਂ ਬੁਲਾਰਿਆਂ ਨੇ ਸੰਬੋਧਨ ਕੀਤਾ। ਇਸ ਮੌਕੇ ਬੀਬੀ ਰਣਜੀਤ ਕੌਰ ਮੰਨਣ, ਬੀਬੀ ਪਰਮਿੰਦਰ ਕੌਰ, ਬੀਬੀ ਗੁਰਮੀਤ ਕੌਰ, ਬੀਬੀ ਬਲਬੀਰ ਕੌਰ, ਬੀਬੀ ਹਰਜਿੰਦਰਪਾਲ ਕੌਰ, ਬੀਬੀ ਰਤਨ ਕੌਰ ਯੂ.ਪੀ., ਬੀਬੀ ਰਾਜਵੰਤ ਕੌਰ, ਬੀਬੀ ਮਨਜੀਤ ਕੌਰ, ਬੀਬੀ ਪਰਮਿੰਦਰ ਕੌਰ, ਬੀਬੀ ਕੁਲਵੰਤ ਕੌਰ, ਬੀਬੀ ਦਲਜੀਤ ਕੌਰ, ਬੀਬੀ ਸੁਨੀਤਾ ਗਾਬਾ, ਬੀਬੀ ਰਮਨਦੀਪ ਕੌਰ, ਬੀਬੀ ਮਨਪ੍ਰੀਤ ਕੌਰ, ਬੀਬੀ ਗੁਰਮੀਤ ਕੌਰ, ਬੀਬੀ ਕਮਲਜੀਤ ਕੌਰ, ਬੀਬੀ ਬਲਦੇਵ ਕੌਰ, ਬੀਬੀ ਅਮਨਦੀਪ ਕੌਰ, ਬੀਬੀ ਰਜਿੰਦਰ ਕੌਰ, ਬੀਬੀ ਸਰਬਜੀਤ ਕੌਰ, ਬੀਬੀ ਜਸਬੀਰ ਕੌਰ ਰਾਣਾ ਆਦਿ ਹਜ਼ਾਰ ਸਨ।

# ਹਲਕਾ ਮੂਨਕ ਦੇ ਪਿੰਡ ਰਾਜਲ ਹੇੜੀ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਮੂਨਕ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਹੀ ਹੇਠ ਹਲਕਾ ਮੂਨਕ ਦੇ ਪਿੰਡ ਰਾਜਲ ਹੇੜੀ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਗੁਰਮਤਿ ਕੈਂਪ ਵਿੱਚ 75 ਦੇ ਕਰੀਬ ਨੌਜਵਾਨਾ, ਬੱਚਿਆਂ ਨੇ ਭਾਗ ਲਿਆ। ਭਾਗ ਲੈਣ ਵਾਲੇ ਬੱਚਿਆਂ ਨੂੰ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਿੱਖ ਇਤਿਹਾਸ ਤੇ ਸਿੱਖ ਰਹਿਤ ਮਰਿਆਦਾ ਤੋਂ ਜਾਣੂ ਕਰਵਾਇਆ। ਭਾਈ ਅਮਰਜੀਤ ਸਿੰਘ ਗੁਰਦੁਆਰਾ ਧਮਤਾਨ ਸਾਹਿਬ ਨੇ ਬੱਚਿਆਂ ਨੂੰ ਦਸਤਾਰ ਸਿਖਲਾਈ ਦਿੱਤੀ।

ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਸੁੰਦਰ ਦਸਤਾਰ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ ਸੁੰਦਰ ਦਸਤਾਰ ਮੁਕਾਬਲੇ ਵਿੱਚ ਪਹਿਲਾ ਸਥਾਨ ਗਗਨਦੀਪ ਸਿੰਘ, ਦੂਜਾ ਸਥਾਨ ਸਾਜਨਦੀਪ ਸਿੰਘ ਤੇ ਤੀਜਾ ਸਥਾਨ ਮਨਵਿੰਦਰ ਸਿੰਘ ਨੇ ਹਾਸਲ ਕੀਤਾ।

ਮੁਕਾਬਲੇ ਵਿਚ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਦਸਤਾਰਾਂ ਅਤੇ ਵਿਸ਼ੇਸ਼ ਇਨਾਮ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਬੋਲਦਿਆਂ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਮਾਤਾ ਪਿਤਾ ਦਾ ਧੰਨਵਾਦ ਕੀਤਾ ਸੰਗਤਾਂ ਨੂੰ ਗੁਰਮਤਿ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਸੁਲਤਾਨਪੁਰ ਲੋਧੀ ਵਿਖੇ ਹੋ ਰਹੇ ਗੁਰਮਤਿ ਸਮਾਗਮਾਂ ਸਬੰਧੀ ਸੰਗਤਾਂ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਭਾਈ ਤਰਸੇਮ ਸਿੰਘ ਦੁਗਾਲ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਇਤਿਹਾਸ ਸਰਵਣ ਕਰਵਾਇਆ ਅਤੇ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਟੇਜ ਦੀ ਸੇਵਾ ਨਿਭਾਈ।

ਇਸ ਮੌਕੇ ਸਮੂਹ ਪ੍ਰਬੰਧਕ ਸਹਿਬਾਨ, ਸ. ਸਤਨਾਮ ਸਿੰਘ, ਸ. ਨਾਜਰ ਸਿੰਘ, ਸ. ਬਲਕਾਰ ਸਿੰਘ, ਸ. ਗੁਰਦੀਪ ਸਿੰਘ, ਸ. ਮਨਜੀਤ ਸਿੰਘ, ਭਾਈ ਛੱਜੂ ਸਿੰਘ ਧਾਲੀਵਾਲ, ਗ੍ਰੰਥੀ ਭਾਈ ਗੁਰਦਿੱਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।



ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਹਲਕਾ ਜੋਗਾ ਦੀਆਂ ਸੰਗਤਾਂ ਨੂੰ ਨਾਲ ਲੈ ਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੇਵਾ ਕਰਨ ਲਈ ਪਹੁੰਚਣ ਸਮੇਂ।

# ਸ੍ਰੀ ਨਨਕਾਣਾ ਸਾਹਿਬ ਤੋਂ ਸਰਬ-ਸਾਂਝੀਵਾਲਤਾ ਦਾ ਸੁਨੇਹਾ ਲੈ ਤੁਰਿਆ

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ



## ਅੰਤਰਰਾਸ਼ਟਰੀ ਨਗਰ ਕੀਰਤਨ



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 1 ਅਗਸਤ ਨੂੰ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਆਰੰਭ ਹੋਇਆ ਅੰਤਰਰਾਸਟਰੀ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ 31 ਅਗਸਤ ਨੂੰ ਰਾਤ ਝਾਰਖੰਡ ਦੇ ਜਮਸ਼ੇਦਪੁਰ ਵਿਖੇ ਪਹੁੰਚਾ ਜਿਥੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। 1 ਸਤੰਬਰ ਨੂੰ ਨਗਰ ਕੀਰਤਨ ਜਮਸ਼ੇਦਪੁਰ ਵਿਖੇ ਹੀ ਸ਼ਹਿਰ ਅੰਦਰ ਸਜਾਇਆ ਗਿਆ, ਜਿਥੇ ਸੰਗਤਾਂ ਵੱਲੋਂ



ਭਰਵੀਂ ਹਾਜ਼ਰੀ ਨਾਲ ਥਾਂ-ਥਾਂ 'ਤੇ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੇ ਆਰੰਭ ਹੋਣ ਸਮੇਂ ਸ੍ਰੀ



ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਮ ਸਿੰਘ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਸਥਾਨਕ ਸੰਗਤ ਅਤੇ ਵੱਖ-ਵੱਖ ਗੁਰਦੁਆਰਾ ਕਮੇਟੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲਾ ਸਾਹਿਬ ਭੇਟ ਕੀਤੇ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਨਾਲ ਸਨਮਾਨਿਤ ਵੀ ਕੀਤਾ। ਅੰਤਰਰਾਸਟਰੀ ਨਗਰ ਕੀਰਤਨ ਨਾਲ ਸਾਰੇ ਸ਼ਹਿਰ ਵਿਚ ਅਲੌਕਿਕ ਮਾਹੌਲ ਦੇਖਣ ਯੋਗ ਸੀ। ਸ਼ਹਿਰ ਵਿਚ ਸੰਗਤ ਨੇ ਸਵਾਗਤੀ ਗੇਟ, ਬੈਨਰ ਅਤੇ ਸਵਾਗਤੀ ਲੜੀਆਂ ਲਗਾ ਕੇ ਆਪਣੀ ਸ਼ਰਧਾ ਪ੍ਰਗਟਾਈ। ਇਸੇ ਦੌਰਾਨ ਸੰਗਤ ਵੱਲੋਂ ਥਾਂ-ਥਾਂ 'ਤੇ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾ ਕੇ ਵੀ ਸੇਵਾ ਕੀਤੀ।

2 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਖ਼ਾਲਸਈ ਜਾਹੋ-ਜਲਾਲ ਨਾਲ ਝਾਰਖੰਡ ਦੇ ਜਮਸ਼ੇਦਪੁਰ ਤੋਂ ਰਾਂਚੀ ਲਈ ਰਵਾਨਾ ਹੋਇਆ। ਇਥੋਂ ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਇਤਿਹਾਸਕ ਨਗਰ ਕੀਰਤਨ ਪ੍ਰਤੀ ਸੰਗਤਾਂ ਅੰਦਰ ਭਾਰੀ ਉਤਸ਼ਾਹ ਸੀ। ਨਗਰ ਕੀਰਤਨ ਨਾਲ ਚੱਲ ਰਹੀ ਵਿਸ਼ੇਸ਼ ਬੱਸ 'ਚ ਸੁਸ਼ੋਭਿਤ ਗੁਰੂ ਸਾਹਿਬਾਨ ਦੇ ਸ਼ਸਤਰ ਅਤੇ ਹੋਰ ਪਾਵਨ ਨਿਸ਼ਾਨੀਆਂ ਦੇ ਦਰਸ਼ਨ ਕਰਨ ਲਈ ਵੀ ਭਾਰੀ ਉਤਸ਼ਾਹ ਨਾਲ ਸੰਗਤਾਂ ਉਮੜ ਰਹੀਆਂ ਸਨ। ਰਾਤ ਦੇ ਵਿਸ਼ਰਾਮ ਲਈ ਰਾਂਚੀ ਸਥਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਨਗਰ ਕੀਰਤਨ ਦੇ ਪੁੱਜਣ ਸਮੇਂ ਸੰਗਤ ਨੇ ਖ਼ਾਲਸਈ ਜੈਕਾਰਿਆਂ ਅਤੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ। ਇਥੇ ਘੱਟਗਿਣਤੀ ਕਮਿਸ਼ਨ ਝਾਰਖੰਡ ਦੇ ਚੇਅਰਮੈਨ ਮੁਹੰਮਦ ਇਕਬਾਲ ਖਾਨ ਅਤੇ ਉੱਪ ਚੇਅਰਮੈਨ ਸ. ਗੁਰਵਿੰਦਰ ਸਿੰਘ ਸੇਠੀ ਉਚੇਚੇ ਤੌਰ 'ਤੇ ਨਗਰ ਕੀਰਤਨ ਦੇ ਸਵਾਗਤ ਲਈ ਮੌਜੂਦ ਸਨ। ਇਸ ਤੋਂ ਇਲਾਵਾ ਸਥਾਨਕ ਗੁਰਦੁਆਰਾ ਕਮੇਟੀਆਂ ਦੇ ਅਹੁਦੇਦਾਰ, ਪ੍ਰਮੁੱਖ ਸਿੱਖ ਆਗੂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਵੀ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ ਪੁੱਜੀਆਂ।



3 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਰਾਂਚੀ (ਝਾਰਖੰਡ) ਤੋਂ ਰੌੜਕਿਲ੍ਹਾ ਲਈ ਰਵਾਨਾ



ਹੋਇਆ। ਨਗਰ ਕੀਰਤਨ ਦੀ ਰਵਾਨਗੀ ਸਮੇਂ ਵੀ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਰਵਾਨਗੀ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਅਗਲੇ ਪੜਾਅ ਲਈ ਆਰੰਭਤਾ ਦੀ ਅਰਦਾਸ ਕੀਤੀ। ਰਾਂਚੀ ਵਿਖੇ ਸੰਗਤ ਵੱਲੋਂ ਵਿਖਾਏ ਗਏ ਭਾਰੀ ਉਤਸ਼ਾਹ ਤੋਂ ਇਲਾਵਾ ਨਗਰ ਕੀਰਤਨ ਦੇ ਮਾਰਗ 'ਤੇ ਹੋਰਨਾਂ ਥਾਵਾਂ 'ਤੇ ਵੀ ਸੰਗਤਾਂ ਨੇ ਭਰਵੀਂ ਸ਼ਮੂਲੀਅਤ ਕੀਤੀ ਅਤੇ ਗੁਰੂ ਸਾਹਿਬ ਨੂੰ ਸੁੰਦਰ ਰੁਮਾਲਾ ਸਾਹਿਬ ਭੇਟ ਕਰਕੇ ਸ਼ਰਧਾ ਪ੍ਰਗਟਾਈ। ਸੰਗਤਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਨੂੰ ਵੀ ਸਿਰੋਪਾਓ ਭੇਟ ਕਰਕੇ ਸਤਿਕਾਰ ਦਿੱਤਾ ਗਿਆ। ਰਸਤੇ ਵਿਚ ਵੱਖ-ਵੱਖ ਥਾਵਾਂ ਤੇ ਸੰਗਤਾਂ ਵੱਲੋਂ ਲੰਗਰ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ। ਦੇਰ ਰਾਤ ਰੌੜਕਿਲ੍ਹਾ ਵਿਖੇ ਨਗਰ ਕੀਰਤਨ ਦੇ ਪਹੁੰਚਣ ਸਮੇਂ ਵੀ ਵੱਡੀ ਗਿਣਤੀ ਵਿਚ ਸੰਗਤਾਂ ਨੇ ਸਵਾਗਤ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ 'ਤੇ ਫੁੱਲ ਪੱਤੀਆਂ ਦੀ ਵਰਖਾ ਕਰਕੇ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੇ ਸਵਾਗਤ ਲਈ ਪਹੁੰਚੀਆਂ ਸੰਗਤਾਂ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਤੀ ਅਥਾਹ ਸ਼ਰਧਾ ਦੇ ਨਾਲ-ਨਾਲ ਨਗਰ ਕੀਰਤਨ 'ਚ ਸ਼ਾਮਲ ਗੁਰੂ ਸਾਹਿਬ ਦੀਆਂ ਨਿਸ਼ਾਨੀਆਂ ਦੇ ਦਰਸ਼ਨਾਂ ਲਈ ਵੀ ਭਾਰੀ ਉਤਸ਼ਾਹ ਸੀ।

4 ਸਤੰਬਰ ਨੂੰ ਇਤਿਹਾਸਕ ਨਗਰ ਕੀਰਤਨ ਉੜੀਸਾ ਦੇ ਰੌੜਕਿਲ੍ਹਾ ਤੋਂ ਕੱਟਕ ਭੁਵਨੇਸ਼ਵਰ ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਵੇਦ ਵਿਆਸ, ਰੌੜਕਿਲ੍ਹਾ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਸਿੰਘਾਂ ਨੇ ਹਾਜ਼ਰੀ ਭਰੀ ਅਤੇ ਪ੍ਰਚਾਰਕ ਸਿੰਘਾਂ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਆਰੰਭਤਾ ਦੀ ਅਰਦਾਸ ਉਪਰੰਤ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨੀ ਸਿੰਘਾਂ ਨੂੰ ਸਥਾਨਕ ਸੰਗਤ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਸਿਰੋਪਾਓ ਦੇ ਕੇ ਸਤਿਕਾਰ ਦਿੱਤਾ। ਵੱਖ-ਵੱਖ ਥਾਵਾਂ ਤੋਂ ਹੁੰਦੇ ਹੋਏ ਨਗਰ ਕੀਰਤਨ ਦੇ ਰਾਤ ਕੱਟਕ ਭੁਵਨੇਸ਼ਵਰ ਵਿਖੇ ਪਹੁੰਚਣ ਸਮੇਂ ਸਵਾਗਤ ਲਈ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ, ਜਿਨ੍ਹਾਂ ਨੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

5 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਕੱਟਕ ਭੁਵਨੇਸ਼ਵਰ ਤੋਂ ਅਗਲੇ ਪੜਾਅ ਸੰਬਲਪੁਰ (ਉੜੀਸਾ) ਲਈ ਰਵਾਨਾ ਹੋਇਆ। ਧਾਰਮਿਕ ਸਮਾਗਮ ਉਪਰੰਤ ਅਰਦਾਸ ਕਰਕੇ ਸਥਾਨਕ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਅਹਿਮ ਸਖ਼ਸ਼ੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਤਿਕਾਰ ਦਿੱਤਾ ਗਿਆ। ਨਗਰ ਕੀਰਤਨ 'ਚ ਸ਼ਾਮਲ ਗੁਰੂ ਸਾਹਿਬ ਦੀਆਂ ਨਿਸ਼ਾਨੀਆਂ ਦੇ ਦਰਸ਼ਨਾਂ ਲਈ ਵੀ ਸੰਗਤ ਨੇ ਵਿਸ਼ੇਸ ਰੁਚੀ ਦਿਖਾਈ। ਕੱਟਕ ਤੋਂ ਚੱਲ ਕੇ ਨਗਰ ਕੀਰਤਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਦਾਤਨ ਸਾਹਿਬ ਵਿਖੇ ਪੁੱਜਾ ਤਾਂ ਇਥੇ ਵੀ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਇਥੋਂ ਚਲ ਕੇ ਰਾਤ ਸੰਬਲਪੁਰ ਪੁੱਜਣ 'ਤੇ ਸਥਾਨਕ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ।

6 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਸੰਬਲਪੁਰ ਤੋਂ ਅਗਲੇ ਪੜਾਅ ਬਿਲਾਸਪੁਰ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਪ੍ਰਚਾਰਕ ਸਿੰਘਾਂ ਨੇ ਗੁਰਮਤਿ ਵੀਚਾਰਾਂ ਕੀਤੀਆਂ। ਨਗਰ ਕੀਰਤਨ ਦੀ ਅਗਲੇ ਪੜਾਅ ਲਈ ਰਵਾਨਗੀ ਦੀ ਅਰਦਾਸ ਮਗਰੋਂ ਸਥਾਨਕ ਪ੍ਰਬੰਧਕਾਂ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤੇ ਗਏ। ਵੱਡੀ ਗਿਣਤੀ ਵਿਚ ਮੌਜੂਦ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਨਗਰ ਕੀਰਤਨ ਨੂੰ ਰਵਾਨਾ ਕੀਤਾ। ਵੱਖ-ਵੱਖ ਸਥਾਨਾ ਤੋਂ ਹੁੰਦਾ ਹੋਇਆ ਇਤਿਹਾਸਕ ਨਗਰ ਕੀਰਤਨ ਜਿਉਂ ਹੀ ਬਿਲਾਸਪੁਰ ਪਹੁੰਚਿਆ ਤਾਂ ਸੰਗਤ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਵਜੋਂ ਫੁੱਲਾਂ ਦੀ ਵਰਖਾ ਕੀਤੀ ਅਤੇ ਆਤਸ਼ਬਾਜੀ ਚਲਾ ਕੇ ਸਵਾਗਤ ਕੀਤਾ। ਨਗਰ ਕੀਰਤਨ ਦੇ ਰਸਤੇ ਵਿਚ ਸੰਗਤਾਂ ਵੱਲੋਂ ਵੱਖ-ਵੱਖ ਪਕਵਾਨਾ ਦੇ ਲੰਗਰ ਲਗਾਏ ਗਏ ਸਨ।

7 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਿਆਲਬੰਦ, ਬਿਲਾਸਪੁਰ ਤੋਂ ਅਗਲੇ ਪੜਾਅ ਰਾਏਪੁਰ (ਛੱਤੀਸਗੜ੍ਹ) ਲਈ ਰਵਾਨਾ ਹੋ ਗਿਆ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਿਆਲਬੰਦ, ਬਿਲਾਸਪੁਰ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ ਅਤੇ ਸ਼੍ਰੋਮਣੀ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਗੁਰ-ਇਤਿਹਾਸ ਦੀ ਵਿਚਾਰ ਕਰਦਿਆਂ ਸੰਗਤਾਂ ਨੂੰ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੁਲਤਾਨਪੁਰ ਲੋਧੀ ਵਿਖੇ ਹੋ ਰਹੇ ਸਮਾਗਮਾਂ ਸਮੇਂ ਹਾਜ਼ਰੀ ਭਰਨ ਦੀ ਪ੍ਰੇਰਨਾ ਕੀਤੀ। ਇਥੋਂ ਚਲ ਕੇ ਨਗਰ ਕੀਰਤਨ ਰਾਤ ਛੱਤੀਸਗੜ੍ਹ ਦੇ ਸ਼ਹਿਰ ਰਾਏਪੁਰ ਵਿਖੇ ਪਹੁੰਚਾ ਜਿਥੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ।



8 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਖਾਲਸਈ ਰਵਾਇਤਾਂ ਅਨੁਸਾਰ ਸੰਗਤ ਦੀ ਭਰਵੀਂ ਸ਼ਮੂਲੀਅਤ ਦੌਰਾਨ ਗੋਂਦੀਆ (ਮਹਾਰਾਸ਼ਟਰ) ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਇਥੇ ਗੁਰਦੁਆਰਾ ਬਾਬਾ ਬੁੱਢਾ ਜੀ ਤੇਲੀਬੰਦਾ ਵਿਚ ਸਜਾਏ ਗਏ ਧਾਰਮਿਕ ਦੀਵਾਨ ਵਿਚ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਵੀ ਸੰਗਤ ਨਾਲ ਵਿਚਾਰਾਂ ਸਾਂਝੀਆਂ ਕੀਤੀਆਂ। ਉਨ੍ਹਾਂ ਜਿਥੇ ਨਗਰ ਕੀਰਤਨ ਦੇ ਭਰਵੇਂ ਸਵਾਗਤ ਲਈ ਸਥਾਨਕ ਸਿੱਖ ਪ੍ਰਤੀਨਿਧਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਉਥੇ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਗੁਰਮਤਿ ਸਮਾਗਮਾਂ ਵਿਚ ਸ਼ਮੂਲੀਅਤ ਦਾ ਸੱਦਾ ਦਿੱਤਾ। ਸਥਾਨਕ ਸੰਗਤਾਂ ਵੱਲੋਂ ਥਾਂ ਥਾਂ ਲਗਾਏ ਲੰਗਰਾਂ ਵਿਚ ਵੱਖ ਵੱਖ ਪਕਵਾਨਾਂ, ਚਾਹ-ਪਾਣੀ, ਫਰੂਟ ਅਦਿ ਨਾਲ ਸੇਵਾ ਕੀਤੀ ਗਈ। ਰਾਏਪੁਰ ਦੇ ਕਾਰੋਬਾਰੀ ਲੋਕਾਂ ਵੱਲੋਂ ਵੀ ਆਪੋ ਅਪਣੀਆਂ ਦੁਕਾਨਾਂ ਦੇ ਬਾਹਰ ਸਵਾਗਤੀ ਪ੍ਰਬੰਧ ਕੀਤੇ ਗਏ ਸਨ। ਗੁਰਦੁਆਰਾ ਸਾਹਿਬ ਊਧਮ ਸਿੰਘ ਨਗਰ ਤਾਤੀਬੰਦ ਵਿਖੇ ਸਥਾਨਕ ਵਿਧਾਇਕ ਸ੍ਰੀ ਵਿਕਾਸ ਉਪਾਧਿਆਏ ਵੀ ਨਗਰ ਕੀਰਤਨ ਦੇ ਸਵਾਗਤ ਲਈ ਪਹੁੰਚੇ ਹੋਏ ਸਨ। ਵੱਖ-ਵੱਖ ਪੜਾਵਾਂ ਤੋਂ ਹੁੰਦੇ ਹੋਏ ਨਗਰ ਕੀਰਤਨ ਦੇ ਗੋਂਦੀਆ ਪੁੱਜਣ ਸਮੇਂ ਸਥਾਨਕ ਸੰਗਤਾਂ ਵੱਲੋਂ ਇਸ ਦਾ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਨਾਲ ਚੱਲ ਰਹੀ ਵਿਸ਼ੇਸ਼ ਬੱਸ 'ਚ ਸੁਸ਼ੋਭਿਤ ਗੁਰੂ ਸਾਹਿਬ ਦੀਆਂ ਨਿਸ਼ਾਨੀਆਂ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ। ਵੱਖ-ਵੱਖ ਧਰਮਾਂ ਦੇ ਲੋਕ ਵੀ ਨਗਰ ਕੀਰਤਨ ਦੇ ਸਵਾਗਤ ਲਈ ਪੁੱਜੇ ਹੋਏ ਸਨ।

9 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਮਹਾਰਾਸ਼ਟਰ ਦੇ ਗੋਂਦੀਆ ਤੋਂ ਅਗਲੇ ਪੜਾਅ ਲਈ ਸਿੱਖ ਰਵਾਇਤਾਂ ਅਨੁਸਾਰ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ 'ਚ ਧਾਰਮਿਕ ਦੀਵਾਨ ਸਜਾਏ ਗਏ। ਰਾਗੀ ਜਥਿਆਂ ਵੱਲੋਂ ਗੁਰਬਾਣੀ ਦਾ ਕੀਰਤਨ ਕੀਤਾ ਅਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ



ਪੰਜੋਲੀ ਨੇ ਗੁਰਮਤਿ ਵੀਚਾਰਾਂ ਦੀ ਸਾਂਝ ਪਾਈ। ਰਵਾਨਗੀ ਸਮੇਂ ਸਥਾਨਕ ਗੁਰਦੁਆਰਾ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਨਿਵਾਜਿਆ। ਗੋਂਦੀਆ ਤੋਂ ਰਵਾਨਾ ਹੋਣ ਮਗਰੋਂ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਥਾਂ-ਥਾਂ ਸਵਾਗਤ ਕੀਤਾ ਗਿਆ। ਬਾਲਾਘਾਟ ਵਿਖੇ ਮੁਸਲਿਮ ਤੇ ਹਿੰਦੂ ਭਾਈਚਾਰੇ ਸਮੇਤ ਹੋਰਨਾਂ ਧਰਮਾਂ ਦੇ ਲੋਕਾਂ ਨੇ ਵੀ ਨਗਰ ਕੀਰਤਨ ਵਿਚ ਸ਼ਿਰਕਤ ਕਰਕੇ ਆਪਣੀ ਸ਼ਰਧਾ ਪ੍ਰਗਟਾਈ। ਇਨ੍ਹਾਂ ਸੰਗਤਾਂ ਵੱਲੋਂ ਪੰਜ ਪਿਆਰਿਆਂ ਨੂੰ ਸਤਿਕਾਰ ਵਜੋਂ ਸਿਰੋਪਾਓ ਵੀ ਦਿੱਤੇ ਗਏ। ਇਸ ਇਤਿਹਾਸਕ ਨਗਰ ਕੀਰਤਨ ਦਾ ਮੱਧ ਪ੍ਰਦੇਸ਼ ਸੂਬੇ ਅੰਦਰ ਵੱਖ-ਵੱਖ ਥਾਵਾਂ 'ਤੇ ਸੰਗਤਾਂ ਵੱਲੋਂ ਖਾਲਸਾਈ ਜਾਹੋ-ਜਲਾਲ





ਨਾਲ ਸਵਾਗਤ ਕੀਤਾ ਗਿਆ। ਰਾਤ ਨਗਰ ਕੀਰਤਨ ਜੱਬਲਪੁਰ (ਮੱਧ ਪ੍ਰਦੇਸ਼) ਵਿਖੇ ਪਹੁੰਚਣ ਸਮੇਂ ਵੀ ਸੰਗਤਾਂ ਨੇ ਜੋਰਦਾਰ ਸਵਾਗਤ ਕੀਤਾ।

10 ਸਤੰਬਰ ਨੂੰ ਨਗਰ ਕੀਰਤਨ ਮੱਧ ਪ੍ਰਦੇਸ਼ ਦੇ ਜੱਬਲਪੁਰ ਤੋਂ ਸਾਗਰ ਲਈ ਰਵਾਨਾ ਹੋਇਆ। ਇਥੋਂ ਰਵਾਨਗੀ ਤੋਂ ਪਹਿਲਾਂ ਭਾਈ ਜਗਦੇਵ ਸਿੰਘ ਵੱਲੋਂ ਅਰਦਾਸ ਕੀਤੀ ਗਈ ਅਤੇ ਰਾਗੀ ਸਿੰਘਾਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਸ਼੍ਰੋਮਣੀ



ਕਮੇਟੀ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੁੜਨ ਦੀ ਪ੍ਰੇਰਣਾ ਕੀਤੀ।



ਜੱਬਲਪੁਰ ਵਿਖੇ ਮੱਧ ਪ੍ਰਦੇਸ਼ ਦੇ ਵਿੱਤ ਮੰਤਰੀ ਸ੍ਰੀ ਤਰੁਣ ਬਨੋਟ ਵੀ ਗੁਰੂ ਸਾਹਿਬ ਨੂੰ ਨਤਮਸਤਕ ਹੋਣ ਲਈ ਪਹੁੰਚੇ। ਇਸ ਤੋਂ ਇਲਾਵਾ ਹਾਈ ਕੋਰਟ ਦੇ ਮਾਨਯੋਗ ਜੱਜ ਸ. ਜੀ.ਐਸ. ਆਹਲੂਵਾਲੀਆ ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਭੁਪਿੰਦਰ ਕੌਰ ਨੇ ਵੀ ਨਗਰ ਕੀਰਤਨ ਵਿਚ ਹਾਜ਼ਰੀ ਭਰ ਕੇ ਸ਼ਰਧਾ ਪ੍ਰਗਟਾਈ। ਜੱਬਲਪੁਰ ਤੋਂ ਨਗਰ ਕੀਰਤਨ ਦੀ ਰਵਾਨਗੀ ਉਪਰੰਤ ਰਸਤੇ ਵਿੱਚ ਥਾਂ-ਥਾਂ 'ਤੇ ਸੰਗਤਾਂ ਸਵਾਗਤ ਲਈ ਮੌਜੂਦ ਸਨ, ਜਿਨ੍ਹਾਂ ਨੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਦੇ ਨਾਲ-ਨਾਲ ਸੰਗਤ ਲਈ ਲੰਗਰਾਂ ਅਤੇ ਚਾਹ ਪਾਣੀ ਆਦਿ ਦੀ ਸੇਵਾ ਵੀ ਕੀਤੀ। ਇਸੇ ਤਰ੍ਹਾਂ ਸ਼ਥਾਨਕ ਕਾਰੋਬਾਰੀ ਸੰਗਤਾਂ ਵੱਲੋਂ ਵੀ ਆਪੋ-ਆਪਣੀਆਂ ਦੁਕਾਨਾਂ ਦੇ ਬਾਹਰ ਸਮਰੱਥਾ ਅਨੁਸਾਰ ਸਵਾਗਤ ਅਤੇ ਟਹਿਲ ਸੇਵਾ ਦੇ ਪ੍ਰਬੰਧ ਕੀਤੇ ਗਏ ਸਨ। ਨਗਰ ਕੀਰਤਨ ਦਾ ਸਵਾਗਤ ਕਰਨ ਵਾਲੀਆਂ ਸੰਗਤਾਂ ਵਿਚ ਸਿੱਖਾਂ ਤੋਂ ਇਲਾਵਾ ਹਿੰਦੂ, ਮੁਸਲਮਾਨ ਅਤੇ ਹੋਰ ਭਾਈਚਾਰੇ ਦੇ ਲੋਕ ਵੀ ਸ਼ਾਮਲ ਸਨ। ਨਗਰ ਕੀਰਤਨ ਪ੍ਰਤੀ ਸੰਗਤਾਂ ਵਿਚ ਏਨਾ ਭਰਵਾਂ ਉਤਸ਼ਾਹ ਆਪਣੇ ਆਪ ਵਿਚ ਇਤਿਹਾਸਕ ਸੀ। ਵੱਖ-ਵੱਖ ਥਾਵਾਂ ਤੋਂ ਹੁੰਦੇ ਹੋਏ ਅੰਤਰਰਾਸ਼ਟਰੀ ਨਗਰ ਕੀਰਤਨ ਦੇ ਰਾਤ ਮੱਧ ਪ੍ਰਦੇਸ਼ ਦੇ ਸ਼ਹਿਰ ਸਾਗਰ ਵਿਖੇ ਪਹੁੰਚਣ ਸਮੇਂ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ।

11 ਸਤੰਬਰ ਨੂੰ ਇਤਿਹਾਸਕ ਨਗਰ ਕੀਰਤਨ ਖ਼ਾਲਸਈ ਜਾਹੋ-ਜਲਾਲ ਨਾਲ ਸਾਗਰ ਤੋਂ ਭੋਪਾਲ ਲਈ ਰਵਾਨਾ ਹੋ ਗਿਆ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਗਰ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਤੇ ਕਥਾ ਵਿਚਾਰਾਂ ਹੋਈਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਹਾਜ਼ਰ ਸੰਗਤਾਂ ਦਾ ਧੰਨਵਾਦ ਕਰਦਿਆਂ ਗੁਰੂ ਸਾਹਿਬ ਦੇ ਉਪਦੇਸ਼ਾਂ ਨਾਲ ਜੁੜਨ ਦੀ ਅਪੀਲ ਕੀਤੀ। ਅਰਦਾਸ ਉਪਰੰਤ ਸਥਾਨਕ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ



ਗਏ। ਸਾਗਰ ਤੋਂ ਨਗਰ ਕੀਰਤਨ ਦੀ ਰਵਾਨਗੀ ਸਮੇਂ ਜਿਥੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ ਉਥੇ ਸਿੱਖ ਨੁਮਾਇੰਦਿਆਂ ਤੋਂ ਇਲਾਵਾ ਮੱਧ ਪ੍ਰਦੇਸ਼ ਦੇ ਆਹਲਾ ਪ੍ਰਕਾਸ਼ਨਿਕ ਅਧਿਕਾਰੀਆਂ ਵਿੱਚੋਂ ਆਈ.ਜੀ. ਸ੍ਰੀ ਸਤੀਸ਼ ਸਕਸੈਨਾ ਅਤੇ ਕਮਿਸ਼ਨਰ ਸ੍ਰੀ ਅਨੰਦ ਕੁਮਾਰ ਸ਼ਰਮਾ ਵੀ ਨਗਰ ਕੀਰਤਨ ਵਿਚ ਸ਼ਾਮਲ ਹੋਏ। ਭੋਪਾਲ ਪੁੱਜਣ ਤੋਂ ਪਹਿਲਾਂ ਵੱਖ-ਵੱਖ ਥਾਵਾਂ 'ਤੇ ਵੀ ਸੰਗਤ ਨੇ ਭਰਵੀਂ ਹਾਜ਼ਰੀ ਭਰੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਆਪਣੀ ਸ਼ਰਧਾ ਪ੍ਰਗਟਾਈ। ਸੰਗਤਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨੀ ਸਿੰਘਾਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ ਗਿਆ। ਸਾਗਰ ਤੋਂ ਭੋਪਾਲ ਦੇ ਰਸਤੇ ਬਿਦਿਸ਼ਾ ਵਿਖੇ ਸਥਿਤ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵੀ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਇਥੇ ਸਥਾਨਕ ਵਿਧਾਇਕ ਸ੍ਰੀ ਸੁਸ਼ਾਂਸ਼ ਭਾਰਗਵ ਨੇ ਵੀ ਸ਼ਮੂਲੀਅਤ ਕੀਤੀ। ਅੰਤਰਰਾਸ਼ਟਰੀ ਨਗਰ ਕੀਰਤਨ ਦੇ ਰਾਤ ਮੱਧ ਪ੍ਰਦੇਸ਼ ਦੇ ਭੋਪਾਲ ਪੁੱਜਣ 'ਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਰਾਤ ਦਾ ਵਿਸ਼ਰਾਮ ਗੁਰਦੁਆਰਾ ਨਾਨਕਸਰ ਸਾਹਿਬ ਹਮੀਦੀਆ ਰੋਡ ਭੋਪਾਲ ਵਿਖੇ ਹੋਇਆ।

12 ਸਤੰਬਰ ਨੂੰ ਨਗਰ ਕੀਰਤਨ ਦੀ ਗੁਰਦੁਆਰਾ ਨਾਨਕਸਰ ਸਾਹਿਬ ਹਮੀਦੀਆ ਰੋਡ ਭੋਪਾਲ ਤੋਂ ਅਗਲੇ ਪੜਾਅ ਇੰਦੌਰ ਲਈ ਖ਼ਾਲਸਾਈ ਜਾਹੋ-ਜਲਾਲ ਨਾਲ ਰਵਾਨਗੀ ਹੋਈ। ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਕਥਾ ਵੀਚਾਰਾਂ ਵੀ ਹੋਈਆਂ। ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਪ੍ਰਮੁੱਖ ਸਖ਼ਸ਼ੀਅਤਾਂ ਦੇ ਸਨਮਾਨ ਉਪਰੰਤ ਅਰਦਾਸ ਕਰਕੇ ਸੰਗਤਾਂ ਨੇ ਨਗਰ ਕੀਰਤਨ ਨੂੰ ਜੈਕਾਰਿਆਂ ਦੀ ਗੂੰਜ ਵਿਚ ਅਗਲੇ ਪੜਾਅ ਲਈ ਰਵਾਨਾ ਕੀਤਾ। ਵੱਖ-ਵੱਖ ਸਥਾਨਾ ਤੋਂ ਹੁੰਦੇ ਹੋਏ ਨਗਰ ਕੀਰਤਨ ਦੇ ਇੰਦੌਰ ਪੁੱਜਣ 'ਤੇ



ਮਾਹੌਲ ਬੇਹੱਦ ਅਲੌਕਿਕ ਬਣ ਗਿਆ। ਇਥੇ ਸੰਗਤ ਵੱਲੋਂ ਵੱਡੀ ਪੱਧਰ 'ਤੇ ਦੀਪਮਾਲਾ ਕੀਤੀ ਗਈ ਅਤੇ ਆਤਿਸ਼ਬਾਜ਼ੀ ਚਲਾਈ ਗਈ। ਇੰਦੌਰ ਵਿਖੇ ਨਗਰ ਕੀਰਤਨ ਦੇ ਸਵਾਗਤ ਲਈ ਸਥਾਨਕ ਸਿੱਖ ਸੰਗਤਾਂ ਤੋਂ ਇਲਾਵਾ ਪ੍ਰਮੁੱਖ ਸਖ਼ਸ਼ੀਅਤਾਂ ਮੌਜੂਦ ਸਨ। ਸੰਗਤਾਂ ਵੱਲੋਂ ਪੂਰੇ ਸ਼ਹਿਰ ਅੰਦਰ ਸਵਾਗਤੀ ਗੇਟ ਬਣਾਏ ਗਏ ਸਨ ਅਤੇ ਖੂਬਸੂਰਤ ਲੜੀਆਂ ਵੀ ਲਗਾਈਆਂ ਗਈਆਂ ਸਨ।

13 ਸਤੰਬਰ ਨੂੰ ਨਗਰ ਕੀਰਤਨ ਦੀ ਰਵਾਨਗੀ ਮਹਾਂਰਾਸ਼ਟਰ ਦੇ ਜ਼ਿਲ੍ਹਾ ਬੁਲਡਾਨਾ 'ਚ ਪੈਂਦੇ ਖਾਮਗਾਉਂ ਲਈ ਹੋਈ। ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ। ਕਥਾ ਵੀਚਾਰਾਂ ਉਪਰੰਤ ਅਰਦਾਸ ਕਰਕੇ ਨਗਰ ਕੀਰਤਨ ਨੂੰ ਰਵਾਨਾ ਕੀਤਾ ਗਿਆ। ਇੰਦੌਰ ਤੋਂ ਰਵਾਨਗੀ ਸਮੇਂ ਵੀ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ਅੰਤਰਰਾਸ਼ਟਰੀ ਨਗਰ ਕੀਰਤਨ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਖਾਮਗਾਉਂ ਪਹੁੰਚਣ ਤੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ।

ਰਾਤ ਦੇ ਵਿਸ਼ਰਾਮ ਉਪਰੰਤ 14 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਖਾਮਗਾਉਂ ਤੋਂ ਅਗਲੇ ਪੜਾਅ







ਨਾਗਪੁਰ ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ। ਰਾਗੀ ਸਿੰਘਾਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਿੰਘਾਂ ਨੇ ਕਥਾ ਵਿਚਾਰਾਂ ਕੀਤੀਆਂ। ਇਸ ਮੌਕੇ ਮੁਸਲਮਾਨ ਭਾਈਚਾਰੇ ਵੱਲੋਂ ਹਾਜੀ ਇਸਤੀਹਕ ਅਲੀ ਅਕੋਲਾ ਨੇ ਵੀ ਸੰਬੋਧਨ ਕਰਦਿਆਂ ਮੁਸਲਮਾਨ ਭਾਈਚਾਰੇ ਵੱਲੋਂ ਸਿੱਖ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਨਗਰ ਕੀਰਤਨ



ਦੀ ਰਵਾਨਗੀ ਸਮੇਂ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ। ਸਿੱਖ ਸੰਗਤਾਂ ਤੋਂ ਇਲਾਵਾ ਵੱਖ-ਵੱਖ ਧਰਮਾਂ ਦੇ ਲੋਕ ਗੁਰੂ ਸਾਹਿਬ ਨੂੰ ਆਪਣੀ ਸ਼ਰਧਾ ਤੇ ਸਤਿਕਾਰ ਭੇਟ ਕਰ ਰਹੇ ਸਨ। ਵੱਖ-ਵੱਖ ਥਾਵਾਂ 'ਤੇ ਸੰਗਤਾਂ ਵੱਲੋਂ ਸਵਾਗਤੀ ਗੇਟ ਬਣਾਏ ਹੋਏ ਸਨ ਅਤੇ ਲੰਗਰ ਲਗਾਏ ਗਏ ਸਨ। ਇਸ ਇਤਿਹਾਸਕ ਨਗਰ ਕੀਰਤਨ ਦੇ ਨਾਗਪੁਰ ਪਹੁੰਚਣ ਸਮੇਂ ਵੀ ਸੰਗਤਾਂ ਨੇ ਜੋਰਦਾਰ ਸਵਾਗਤ ਕੀਤਾ।

15 ਸਤੰਬਰ ਨੂੰ ਨਗਰ ਕੀਰਤਨ ਨਾਗਪੁਰ ਤੋਂ ਤੇਲੰਗਾਨਾ ਦੇ ਨਿਜ਼ਾਮਾਬਾਦ ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਾਗਪੁਰ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਮਗਰੋਂ ਅਰਦਾਸ ਨਾਲ ਨਗਰ ਕੀਰਤਨ ਦੀ ਅੱਗੇ ਰਵਾਨਗੀ ਹੋਈ। ਇਸ ਮੌਕੇ ਨਾਗਪੁਰ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦੇ ਹਾਜ਼ਰ ਸਨ, ਜਿਨ੍ਹਾਂ ਨੇ ਹਰ ਤਰ੍ਹਾਂ ਪ੍ਰਬੰਧਕੀ ਸਹਿਯੋਗ ਦਿੱਤਾ। ਨਗਰ ਕੀਰਤਨ ਵਿਚ ਸ਼ਾਮਲ ਸੰਗਤ ਦੀ ਟਹਿਲ ਸੇਵਾ ਲਈ ਵੀ ਸਥਾਨਕ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ। ਰਾਤ ਨੂੰ ਨਗਰ ਕੀਰਤਨ ਦੇ ਨਿਜ਼ਾਮਾਬਾਦ ਪਹੁੰਚਣ ਸਮੇਂ ਸੰਗਤਾਂ ਨੇ ਉਤਸ਼ਾਹ ਨਾਲ ਸਵਾਗਤ ਕੀਤਾ। ਇਸ ਮੌਕੇ ਭਾਰਤ ਸਰਕਾਰ ਦੇ ਰਾਜ ਮੰਤਰੀ ਸ੍ਰੀ ਹੰਸਰਾਜ ਗੰਗਾਰਾਮ ਅਹੀਰ ਵੀ ਨਗਰ ਕੀਰਤਨ ਦੇ ਸਵਾਗਤ ਲਈ ਪਹੁੰਚੇ। ਇਸ ਤੋਂ ਇਲਾਵਾ ਵੱਖ-ਵੱਖ ਥਾਵਾਂ 'ਤੇ ਸਥਾਨਕ ਸਿੱਖ ਪ੍ਰਤੀਨਿਧਾਂ ਅਤੇ ਸੰਗਤਾਂ ਨੇ ਵੀ ਨਗਰ ਕੀਰਤਨ ਵਿਚ ਭਰਵੀਂ ਸ਼ਮੂਲੀਅਤ ਕੀਤੀ।

ਅੰਤਰਰਾਸ਼ਟਰੀ ਨਗਰ ਕੀਰਤਨ ਰਾਤ ਤੇਲੰਗਾਨਾ ਦੇ ਨਿਜ਼ਾਮਾਬਾਦ ਵਿਖੇ ਵਿਸ਼ਰਾਮ ਕਰਨ ਮਗਰੋਂ 16 ਸਤੰਬਰ ਨੂੰ ਖ਼ਾਲਸਈ ਸ਼ਾਨੋ-ਸ਼ੌਕਤ ਨਾਲ ਅਗਲੇ ਪੜਾਅ ਹੈਦਰਾਬਾਦ ਲਈ ਰਵਾਨਾ ਹੋ ਗਿਆ। ਗੁਰਦੁਆਰਾ ਸਾਹਿਬ ਗਾਜੁਲਪੇਟ ਨਿਜ਼ਾਮਾਬਾਦ



ਵਿਖੇ ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਅੰਦਰ ਗੁਰਬਾਣੀ ਕੀਰਤਨ ਅਤੇ ਕਥਾ-ਵਿਚਾਰਾਂ ਹੋਈਆਂ। ਇਸ ਉਪਰੰਤ ਖ਼ਾਲਸਾਈ ਜੈਕਾਰਿਆਂ ਦੀ ਗੂੰਜ ਵਿਚ ਨਗਰ ਕੀਰਤਨ ਅੱਗੇ ਰਵਾਨਾ ਹੋਇਆ। ਹਰ ਰੋਜ਼ ਦੀ ਤਰ੍ਹਾਂ ਨਗਰ ਕੀਰਤਨ ਵਿਚ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ। ਦੂਰ-ਦੁਰਾਡੇ ਤੋਂ ਵੀ ਸੰਗਤਾਂ ਨਗਰ ਕੀਰਤਨ ਵਿਚ ਹਾਜ਼ਰੀ ਭਰਨ ਲਈ ਪਹੁੰਚੀਆਂ ਸਨ। ਸੰਗਤਾਂ ਦਾ ਇਹ ਉਤਸ਼ਾਹ ਦੇਖਣਯੋਗ ਸੀ। ਨਗਰ ਕੀਰਤਨ ਦੀ ਨਿਜ਼ਾਮਾਬਾਦ ਤੋਂ ਅੱਗੇ ਰਵਾਨਗੀ ਸਮੇਂ ਸਥਾਨਕ ਪੁਲਿਸ ਵੱਲੋਂ ਵੀ ਰਵਾਇਤੀ ਢੰਗ ਨਾਲ ਸਲਾਮੀ ਦਿੱਤੀ ਗਈ। ਨਗਰ ਕੀਰਤਨ ਦੇ ਹੈਦਰਾਬਾਦ ਪੁੱਜਣ 'ਤੇ ਸੰਗਤ ਨੇ ਜੋਸ਼ੋ-ਖਰੋਸ਼ ਨਾਲ ਸਵਾਗਤ ਕੀਤਾ। ਸੰਗਤਾਂ ਵੱਲੋਂ ਖੂਬਸੂਰਤ ਸਵਾਗਤੀ ਗੇਟ, ਸੁੰਦਰ ਲੜੀਆਂ ਅਤੇ ਦੀਪਮਾਲਾ ਕੀਤੀ ਗਈ ਅਤੇ ਸੰਗਤਾਂ ਦੀ ਟਹਿਲ ਸੇਵਾ ਲਈ ਲੰਗਰ ਵੀ ਲਗਾਏ ਗਏ।

17 ਸਤੰਬਰ ਨੂੰ ਇਹ ਇਤਿਹਾਸਕ ਨਗਰ ਕੀਰਤਨ















ਗੁਰਦੁਆਰਾ ਬ੍ਰਹਮਬਾਲਾ ਸਾਹਿਬ ਸਿੱਖ ਛਾਉਣੀ ਹੈਦਰਾਬਾਦ ਤੋਂ ਗੁਰਦੁਆਰਾ ਸ੍ਰੀ ਨਾਨਕ ਝੀਰਾ ਸਾਹਿਬ ਬਿਦਰ (ਕਰਨਾਟਕ) ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਬ੍ਰਹਮਬਾਲਾ ਸਾਹਿਬ ਸਿੱਖ ਛਾਉਣੀ ਹੈਦਰਾਬਾਦ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਕਥਾ ਵਿਚਾਰਾਂ ਕੀਤੀਆਂ। ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰਤਾਪ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤਰਫੋਂ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਕ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਦਾ ਸੱਦਾ ਦਿੱਤਾ। ਸਥਾਨਕ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਉਪਰੰਤ ਅਰਦਾਸ ਕਰਕੇ ਜੈਕਾਰਿਆਂ ਦੀ ਗੂੰਜ ਵਿਚ ਨਗਰ ਕੀਰਤਨ ਦੀ ਰਵਾਨਗੀ ਹੋਈ। ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਨਗਰ ਕੀਰਤਨ ਰਾਤ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਸ੍ਰੀ ਨਾਨਕ ਝੀਰਾ ਸਾਹਿਬ ਬਿਦਰ ਵਿਖੇ ਪਹੁੰਚਾ। ਗੁਰਦੁਆਰਾ ਨਾਨਕ ਝੀਰਾ ਸਾਹਿਬ ਵਿਖੇ ਨਗਰ ਕੀਰਤਨ ਦੇ ਪੁੱਜਣ ਸਮੇਂ ਹਜ਼ਾਰਾਂ ਦੀ ਗਿਣਤੀ ਵਿਚ ਸੰਗਤ ਪਹੁੰਚੀ ਹੋਈ ਸੀ। ਇਥੇ ਸਵਾਗਤੀ ਗੇਟ, ਸੁੰਦਰ ਲੜੀਆਂ ਅਤੇ ਆਤਿਸ਼ਬਾਜ਼ੀ ਖਿੱਚ ਦਾ ਕੇਂਦਰ ਸੀ।

18 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਪਹਿਲੇ ਪਾਤਸ਼ਾਹ ਜੀ ਨਾਲ ਸਬੰਧਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਤੋਂ ਅਗਲੇ ਪੜਾਅ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਲਈ ਰਵਾਨਾ ਹੋ ਗਿਆ। ਹਰ ਰੋਜ਼ ਦੀ ਤਰ੍ਹਾਂ ਨਗਰ

ਨਾਲ ਅਸਮਾਨ ਗੂੰਜ ਉਠਿਆ। ਜਿਕਰਯੋਗ ਹੈ ਕਿ ਇਹ ਸ੍ਰੀ ਨਨਕਾਣਾ ਸਾਹਿਬ ਤੋਂ ਚਲਿਆ ਇਹ ਅੰਤਰਰਾਸ਼ਟਰੀ ਨਗਰ ਕੀਰਤਨ ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਅਤੇ ਤਖ਼ਤ ਸ੍ਰੀ



ਪਟਨਾ ਸਾਹਿਬ ਦੀ ਯਾਤਰਾ ਕਰਦਾ ਹੋਇਆ ਰਾਤ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਪੁੱਜਾ ਹੈ।

19 ਸਤੰਬਰ ਨੂੰ ਨਗਰ ਕੀਰਤਨ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੋਂ ਅਗਲੇ ਪੜਾਅ ਔਰੰਗਾਬਾਦ ਲਈ ਖਾਲਸਾਈ ਜਾਹੋ-ਜਲਾਲ ਨਾਲ ਰਵਾਨਾ ਹੋਇਆ।

ਸਿੰਘਾਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਭਗਵੰਤ ਸਿੰਘ ਸਿਆਲਕਾ ਤੇ ਸ. ਸੁਰਜੀਤ ਸਿੰਘ ਭਿੱਟੇਵਡ ਨੇ ਸੰਗਤ ਨੂੰ ਸੰਬੋਧਨ ਹੁੰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਸਥਾਨਕ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ ਗਿਆ। ਅਰਦਾਸ ਉਪਰੰਤ ਵੱਡੀ









ਕੀਰਤਨ ਦੀ ਰਵਾਨਗੀ ਸਮੇਂ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ-ਜਸ ਸਰਵਣ ਕੀਤਾ। ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਨਗਰ ਕੀਰਤਨ ਨਾਲ ਚਲ ਰਹੀਆਂ ਪ੍ਰਮੁੱਖ ਸਖ਼ਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਅਰਦਾਸ ਉਪਰੰਤ ਨਗਰ ਕੀਰਤਨ ਨੇ ਖਾਲਸਾਈ ਜਾਹੋ-ਜਲਾਲ ਨਾਲ ਜੈਕਾਰਿਆਂ ਦੀ ਗੂੰਜ ਵਿਚ ਤਖ਼ਤ ਸ੍ਰੀ ਹਜ਼ੂਰ ਸਾਹਿਬ ਲਈ ਚਾਲੇ ਪਾਏ। ਰਸਤੇ ਵਿਚ ਵੀ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਨਾਂਦੇੜ ਵਿਖੇ ਸੰਗਤਾਂ ਨੇ ਰਸਤੇ ਵਿਚ ਫੁਲ ਵਿਛਾ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਪਹੁੰਚਣ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਹੋਇਆ। ਸਵਾਗਤ ਕਰਨ ਵਾਲਿਆਂ ਵਿਚ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ, ਗਿਆਨੀ ਜੋਤਇੰਦਰ ਸਿੰਘ, ਤਖ਼ਤ ਸਾਹਿਬ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਮਿਨਹਾਸ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵਡ, ਬਾਬਾ ਨਰਿੰਦਰ ਸਿੰਘ, ਬਾਬਾ ਬਲਵਿੰਦਰ ਸਿੰਘ ਸਮੇਤ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰ, ਮੈਂਬਰ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ਨਗਰ ਕੀਰਤਨ ਇਥੇ ਪੁੱਜਣ ਸਮੇਂ ਆਤਿਸ਼ਬਾਜ਼ੀ ਕੀਤੀ ਗਈ। ਨਗਰ ਕੀਰਤਨ ਦੀ ਆਮਦ ਸਮੇਂ ਖ਼ਾਲਸਈ ਜੈਕਾਰਿਆਂ

ਰਵਾਨਗੀ ਤੋਂ ਪਹਿਲਾਂ ਤਖ਼ਤ ਸਾਹਿਬ ਵਿਖੇ ਰਾਗੀ ਜਥਿਆਂ ਨੇ ਕੀਰਤਨ ਕੀਤਾ। ਇਥੇ ਰਵਾਨਗੀ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ਨਗਰ ਕੀਰਤਨ ਦੀ ਰਵਾਨਗੀ ਸਮੇਂ ਪ੍ਰਮੁੱਖ ਸ਼ਖ਼ਸੀਅਤਾਂ ਵਿਚ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ, ਗਿਆਨੀ ਜੋਤਇੰਦਰ ਸਿੰਘ, ਮੈਂਬਰ ਪਾਰਲੀਮੈਂਟ ਸ੍ਰੀ ਪ੍ਰਤਾਪ ਰਾਓ ਪਾਟਿਲ, ਤਖ਼ਤ ਸਾਹਿਬ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਮਿਨਹਾਸ, ਸ. ਗੁਰਵਿੰਦਰ ਸਿੰਘ ਵਧਵਾ ਸੁਪ੍ਰਿੰਟੈਂਡੈਂਟ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਮੈਨੇਜਰ ਸ. ਪਰਮਜੀਤ ਸਿੰਘ, ਸੁਪਰਵਾਈਜ਼ਰ ਸ. ਰਜਵੰਤ ਸਿੰਘ ਸਮੇਤ ਹੋਰ ਹਾਜ਼ਰ ਸਨ। ਔਰੰਗਾਬਾਦ ਵਿਖੇ ਪਹੁੰਚਣ 'ਤੇ ਨਗਰ ਕੀਰਤਨ ਦਾ ਖ਼ਾਲਸਈ ਜਾਹੋ-ਜਲਾਲ ਨਾਲ ਸਵਾਗਤ ਹੋਇਆ। ਇਥੇ ਸਥਾਨਕ ਵਿਧਾਇਕ ਸ੍ਰੀ ਸੰਦੇਸ਼ ਸੁਭਾਸ਼ ਚੰਬਲ ਨੇ ਵੀ ਹਾਜ਼ਰੀ ਭਰ ਕੇ ਸ਼ਰਧਾ ਪ੍ਰਗਟਾਈ। ਨਗਰ ਕੀਰਤਨ ਦੇ ਸਵਾਗਤ ਲਈ ਸਥਾਨਕ ਸ਼ਹਿਰ ਤੋਂ ਇਲਾਵਾ ਦੂਰ-ਦੁਰਾਡੇ ਤੋਂ ਹਜ਼ਾਰਾਂ ਦੀ ਗਿਣਤੀ ਵਿਚ ਸੰਗਤ ਔਰੰਗਾਬਾਦ ਪੁੱਜੀ ਹੋਈ ਸੀ। ਸੰਗਤ ਵੱਲੋਂ ਔਰੰਗਾਬਾਦ ਦੇ ਸਾਰੇ ਮਾਰਗਾਂ 'ਤੇ ਖ਼ੂਬਸੂਰਤ ਸਵਾਗਤੀ ਗੇਟ ਬਣਾਏ ਗਏ ਸਨ ਅਤੇ ਥਾਂ-ਥਾਂ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਸਨ।

20 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਮਹਾਂਰਾਸ਼ਟਰ ਦੇ ਔਰੰਗਾਬਾਦ ਤੋਂ ਪੂਨੇ ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਗੁਰੂ ਤੇਗ ਬਹਾਦਰ ਲੰਗਰ ਸਾਹਿਬ ਔਰੰਗਾਬਾਦ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ



ਗਿਣਤੀ ਵਿਚ ਮੌਜੂਦ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਨਗਰ ਕੀਰਤਨ ਨੂੰ ਅਗਲੇ ਪੜਾਅ ਲਈ ਰਵਾਨਾ ਕੀਤਾ। ਨਗਰ ਕੀਰਤਨ ਦਾ ਰਾਤ ਪੂਨੇ ਪਹੁੰਚਣ ਸਮੇਂ ਸਥਾਨਕ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

21 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਗੁਰਦੁਆਰਾ ਗੁਰੂ ਨਾਨਕ ਦਰਬਾਰ ਪੂਨੇ ਤੋਂ ਖ਼ਾਲਸਈ ਜਾਹੋ-ਜਲਾਲ ਨਾਲ ਬੇਲਾਪੁਰ ਨਵੀਂ ਮੁੰਬਈ ਲਈ ਰਵਾਨਾ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਚੱਲ ਰਹੇ ਇਸ ਨਗਰ ਕੀਰਤਨ ਦੇ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਉਨ੍ਹਾਂ ਸੰਗਤ ਨੂੰ 550ਵੇਂ ਪ੍ਰਕਾਸ਼ ਪੁਰਬ ਦੇ ਮੁੱਖ ਸਮਾਗਮ ਸਮੇਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਪੁੱਜਣ ਦੀ ਅਪੀਲ ਕੀਤੀ। ਉਪਰੰਤ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦਿੱਤੇ ਗਏ। ਵੱਡੀ ਗਿਣਤੀ ਵਿਚ ਹਾਜ਼ਰ ਸੰਗਤਾਂ ਨੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਨਗਰ ਕੀਰਤਨ ਨੂੰ ਰਵਾਨਾ ਕੀਤਾ। ਰਾਤ ਨੂੰ ਨਗਰ ਕੀਰਤਨ ਬੇਲਾਪੁਰ ਨਵੀਂ ਮੁੰਬਈ ਵਿਖੇ ਪੁੱਜਾ, ਜਿਥੇ ਸੰਗਤ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰ ਕੇ ਸ਼ਰਧਾ ਪ੍ਰਗਟਾਈ। ਨਗਰ ਕੀਰਤਨ ਦੇ ਇਥੇ ਪੁੱਜਣ ਸਮੇਂ ਕੀਤੀ ਗਈ ਆਤਿਸ਼ਬਾਜ਼ੀ ਅਤੇ ਖ਼ਾਲਸਈ ਜੈਕਾਰਿਆਂ ਨਾਲ ਅਸਮਾਨ ਗੂੰਜ ਉਠਿਆ।







22 ਸਤੰਬਰ ਨੂੰ ਨਗਰ ਕੀਰਤਨ ਦੀ ਬੇਲਾਪੁਰ ਨਵੀਂ ਮੁੰਬਈ ਤੋਂ ਰਵਾਨਗੀ ਸਮੇਂ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਸੰਗਤ ਨੂੰ ਕਥਾ ਰਾਹੀਂ ਨਿਹਾਲ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਤੇ ਸ. ਸੁਰਜੀਤ ਸਿੰਘ ਭਿੱਟੇਵਡ ਸਮੇਤ ਹੋਰਾਂ ਨੇ ਵੀ ਸੰਬੋਧਨ ਕੀਤਾ। ਮੁੰਬਈ ਵਿਖੇ ਨਗਰ ਕੀਰਤਨ ਦਾ ਵੱਖ-ਵੱਖ ਥਾਵਾਂ 'ਤੇ ਮੈਂਬਰ ਪਾਰਲੀਮੈਂਟ ਸ੍ਰੀ ਮਨੋਜ ਕੋਟਕ, ਸਾਬਕਾ ਮੈਂਬਰ ਪਾਰਲੀਮੈਂਟ ਸ੍ਰੀ ਗਨੇਸ਼ ਨਾਇਕ, ਵਿਧਾਇਕ ਸ੍ਰੀ ਪ੍ਰਸ਼ਾਨ ਠਾਕੁਰ, ਵਿਧਾਇਕ ਸ. ਤਾਰਾ ਸਿੰਘ, ਸਿੰਘ ਸਾਹਿਬ ਭਾਈ ਰਾਮ ਸਿੰਘ, ਡਾ. ਪੀ. ਐਸ. ਪਸਰੀਚਾ, ਸ. ਜਸਬੀਰ ਸਿੰਘ ਧਾਮ ਅਤੇ ਵੱਖ-ਵੱਖ





ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਸਮੇਤ ਸੰਗਤਾਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ। ਰਾਤ ਨੂੰ ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਦਾਦਰ ਮੁੰਬਈ ਵਿਖੇ ਪੁੱਜਾ, ਜਿਥੇ ਸੰਗਤਾਂ ਵੱਲੋਂ ਫੁੱਲ ਪੱਤੀਆਂ ਦੀ ਵਰਖਾ ਕਰਕੇ ਅਤੇ ਆਤਿਸ਼ਬਾਜ਼ੀ ਚਲਾ ਕੇ ਭਰਵਾਂ ਸਵਾਗਤ ਕੀਤਾ ਗਿਆ।

23 ਸਤੰਬਰ ਨੂੰ ਨਗਰ ਕੀਰਤਨ ਗੁਰਦੁਆਰਾ ਸ੍ਰੀ ਸਿੰਘ ਸਭਾ ਦਾਦਰ ਤੋਂ ਬੋਰੇਵਾਲੀ ਮੁੰਬਈ ਲਈ ਰਵਾਨਾ ਹੋਇਆ। ਰਵਾਨਗੀ ਸਮੇਂ ਦੀ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ ਨੇ ਕੀਤੀ। ਇਸ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ ਤੇ ਸ. ਗੁਰਿੰਦਰ ਸਿੰਘ ਬਾਵਾ ਸਮੇਤ ਹੋਰਨਾ ਨੇ ਸੰਬੋਧਨ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਬਾਰੇ ਚਾਨਣਾ ਪਾਇਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਚੱਲੇ ਇਸ ਇਤਿਹਾਸਕ ਅੰਤਰਰਾਸ਼ਟਰੀ ਨਗਰ ਕੀਰਤਨ ਪ੍ਰਤੀ ਸੰਗਤਾਂ ਅੰਦਰ ਭਾਰੀ ਉਤਸ਼ਾਹ ਸੀ। ਸਥਾਨਕ ਸੰਗਤਾਂ ਸ਼ਬਦ ਕੀਰਤਨ ਕਰਦੀਆਂ ਹੋਈਆਂ ਨਗਰ ਕੀਰਤਨ





ਵਿਚ ਸ਼ਾਮਲ ਹੋਈਆਂ। ਸੰਗਤਾਂ ਵੱਲੋਂ ਸ਼ਰਧਾ ਪ੍ਰਗਟਾਉਂਦਿਆਂ ਰਸਤਿਆਂ ਵਿਚ ਸੁੰਦਰ ਸਜਾਵਟੀ ਗੇਟ ਅਤੇ ਸੁੰਦਰ ਲੜੀਆਂ ਵੀ ਲਗਾਈਆਂ ਗਈਆਂ ਸਨ। ਇਸ ਮੌਕੇ ਸਥਾਨਕ ਪੁਲਿਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਸ਼ਰਧਾ ਪ੍ਰਗਟਾਉਂਦਿਆਂ ਸਲਾਮੀ ਵੀ ਦਿੱਤੀ ਗਈ। ਖ਼ਾਲਸਾ ਕਾਲਜ ਮੁੰਬਈ ਦੇ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਵੀ ਨਗਰ ਕੀਰਤਨ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ।



ਦਾਦਰ ਵਿਖੇ ਹੈਲੀਕਪਟਰ ਨਾਲ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਅਤੇ ਬੈਂਡ ਪਾਰਟੀਆਂ ਨੇ ਨਗਰ ਕੀਰਤਨ ਵਿਚ ਸ਼ਾਮਲ ਹੁੰਦਿਆਂ ਇਸ ਸਮੇਂ ਨੂੰ ਯਾਦਗਾਰੀ ਬਣਾਇਆ। ਮੁੰਬਈ ਦੇ ਵੱਖ-ਵੱਖ ਇਲਾਕਿਆਂ 'ਚ ਨਗਰ ਕੀਰਤਨ ਦਾ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਸੰਗਤ ਨੇ ਜਿਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸ਼ਰਧਾ ਨਾਲ ਸੀਸ ਨਿਵਾਇਆ, ਉਥੇ ਹੀ ਵਿਸ਼ੇਸ਼ ਬੱਸ ਵਿਚ ਸੁਸ਼ੋਭਿਤ ਗੁਰੂ ਸਾਹਿਬ ਦੇ ਇਤਿਹਾਸਕ ਸ਼ਸਤਰਾਂ ਬਸਤਰਾਂ ਦੇ ਵੀ ਦਰਸ਼ਨ ਦੀਦਾਰ ਕੀਤੇ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਪੰਜ ਪਿਆਰੇ ਸਾਹਿਬਾਨ ਤੇ ਸੰਗਤ ਵੱਲੋਂ ਕੀਤੀ ਗਈ ਫੁੱਲਾਂ ਦੀ ਵਰਖਾ ਖਿੱਚ ਦਾ ਕੇਂਦਰ ਸੀ। ਰਾਤ ਨੂੰ ਨਗਰ ਕੀਰਤਨ ਬੋਰੇਵਾਲੀ (ਮੁੰਬਈ) ਵਿਖੇ ਪਹੁੰਚਾ।

24 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਗੁਰਦੁਆਰਾ ਗੁਰੂ ਨਾਨਕ ਦਰਬਾਰ ਬੋਰੇਵਾਲੀ, ਮੁੰਬਈ ਤੋਂ ਗੁਜਰਾਤ ਦੇ ਬੜੌਦਾ ਲਈ ਰਵਾਨਾ ਹੋ ਗਿਆ। ਰਵਾਨਗੀ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਮਲਕੀਤ ਸਿੰਘ ਨੇ ਅਰਦਾਸ ਕੀਤੀ। ਇਸ ਤੋਂ ਪਹਿਲਾਂ ਇਥੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਕੀਰਤਨ ਕੀਤਾ ਅਤੇ ਕਥਾ ਵਾਚਕਾਂ ਨੇ ਗੁਰੂ ਸਾਹਿਬ ਜੀ ਦੇ ਸਿਧਾਂਤਾਂ ਤੋਂ ਸੰਗਤ ਨੂੰ ਜਾਣੂ ਕਰਵਾਇਆ। ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕਰਨ ਉਪਰੰਤ ਵੱਡੀ ਗਿਣਤੀ ਵਿਚ ਹਾਜ਼ਰ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਨਗਰ ਕੀਰਤਨ ਨੂੰ ਰਵਾਨਾ ਕੀਤਾ। ਅੰਤਰਰਾਸ਼ਟਰੀ ਨਗਰ ਕੀਰਤਨ ਦਾ ਗੁਜਰਾਤ ਸੂਬੇ ਅੰਦਰ ਪਹੁੰਚਣ 'ਤੇ ਸੰਗਤਾਂ ਵੱਲੋਂ ਖ਼ਾਲਸਈ ਜਾਹੋ-ਜਲਾਲ ਨਾਲ ਸਵਾਗਤ ਕੀਤਾ ਗਿਆ। ਵੱਖ-ਵੱਖ ਥਾਵਾਂ 'ਤੇ ਭਰਵੀਂ ਗਿਣਤੀ ਵਿਚ ਪੁੱਜੀਆਂ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਈ ਅਤੇ ਰੁਮਾਲਾ ਸਾਹਿਬ ਵੀ ਭੇਟ ਕੀਤੇ। ਥਾਂ-ਥਾਂ 'ਤੇ ਲੰਗਰ ਲਗਾਏ ਗਏ ਸਨ ਅਤੇ ਖ਼ੂਬਸੂਰਤ ਸਵਾਗਤੀ ਗੇਟ ਤੇ ਸੁੰਦਰ ਲੜੀਆਂ ਵੀ ਖਿੱਚ ਦਾ ਕੇਂਦਰ ਰਹੀਆਂ। ਨਗਰ ਕੀਰਤਨ ਦੇ ਬੜੋਦਾ ਵਿਖੇ ਪੁੱਜਣ ਸਮੇਂ ਸੰਗਤਾਂ ਵੱਲੋਂ ਆਤਿਸ਼ਬਾਜੀ ਕੀਤੀ ਗਈ।

25 ਸਤੰਬਰ ਨੂੰ ਨਗਰ ਕੀਰਤਨ ਦੀ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸੂਰਤ ਤੋਂ ਅਗਲੇ ਪੜਾਅ ਅਹਿਮਦਾਬਾਦ ਲਈ ਰਵਾਨਗੀ ਹੋਈ। ਇਥੇ ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਦਾ ਕੀਰਤਨ ਕੀਤਾ।



ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਗਿਆਨੀ ਜਸਵਿੰਦਰ ਸਿੰਘ ਸ਼ਹੂਰ ਨੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੇ ਉਪਦੇਸ਼ਾਂ ਤੋਂ ਜਾਣੂ ਕਰਵਾਇਆ। ਸ਼੍ਰੋਮਣੀ ਕਮੇਟੀ ਵੱਲੋਂ ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ ਨੇ ਸੰਗਤਾਂ ਦਾ ਧੰਨਵਾਦ ਕੀਤਾ।



ਸਥਾਨਕ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਦੇ ਕੇ ਨਿਵਾਜਿਆ ਗਿਆ। ਨਗਰ ਕੀਰਤਨ ਦਾ ਗੁਰਦੁਆਰਾ ਚਾਦਰ ਸਾਹਿਬ ਬੜੋਦਾ ਪਹੁੰਚਣ ਤੇ ਕਾਰਸੇਵਾ ਵਾਲੇ ਬਾਬਾ ਲੱਖਾ ਸਿੰਘ, ਬਾਬਾ ਬਲਕਾਰ ਸਿੰਘ, ਬਾਬਾ ਬਲਵਿੰਦਰ ਸਿੰਘ ਨੇ ਸਵਾਗਤ ਕੀਤਾ ਤੇ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਭੇਟ ਕੀਤੇ। ਸੰਗਤ ਵੱਲੋਂ ਕੀਤੇ ਗਏ ਵਿਸ਼ੇਸ਼ ਪ੍ਰਬੰਧਾਂ ਤਹਿਤ ਨਗਰ ਕੀਰਤਨ 'ਤੇ ਫੁੱਲਾਂ ਦੀ ਵਰਖਾ ਵੀ ਖਿੱਚ ਦਾ ਕੇਂਦਰ ਬਣੀ। ਅੰਤਰਰਾਸ਼ਟਰੀ ਨਗਰ ਕੀਰਤਨ ਦੇ ਅਹਿਮਦਾਬਾਦ ਵਿਖੇ ਪਹੁੰਚਣ 'ਤੇ ਸੰਗਤ ਨੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਗੁਜਰਾਤ ਦੇ ਮੁੱਖ ਮੰਤਰੀ ਸ੍ਰੀ ਵਿਜੈ ਰੁਪਾਨੀ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਕੇ ਸ਼ਰਧਾ ਪ੍ਰਗਟਾਈ। ਉਨ੍ਹਾਂ ਨਾਲ ਘੱਟ ਗਿਣਤੀ ਕਮਿਸ਼ਨ ਗੁਜਰਾਤ ਦੀ ਚੇਅਰਪਰਸਨ ਬੀਬੀ ਪਰਮਜੀਤ ਕੌਰ, ਸ੍ਰੀ ਜਗਦੀਸ਼ ਪੰਚਾਤ ਐਮ.ਸੀ.ਏ. ਵੀ ਮੌਜੂਦ ਸਨ। ਮੁੱਖ ਮੰਤਰੀ ਸ੍ਰੀ ਰੁਪਾਨੀ ਅਤੇ ਹੋਰਨਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

26 ਸਤੰਬਰ ਨੂੰ ਨਗਰ ਕੀਰਤਨ ਦੀ ਖ਼ਾਲਸਈ ਜਾਹੋ-ਜਲਾਲ ਨਾਲ ਅਹਿਮਦਾਬਾਦ ਤੋਂ ਰਾਜਿਸਥਾਨ ਦੇ ਉਦੇਪੁਰ ਲਈ ਰਵਾਨਗੀ ਹੋਈ। ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਗੁਰਬਾਣੀ ਕੀਰਤਨ ਅਤੇ ਕਥਾ-ਵਿਚਾਰਾਂ ਦਾ ਸੰਗਤ ਨੇ ਆਨੰਦ ਮਾਣਿਆ। ਗਿਆਨੀ ਜਸਵਿੰਦਰ ਸਿੰਘ ਸ਼ਹੂਰ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਪੰਜ ਪਿਆਰੇ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕਰਨ ਉਪਰੰਤ ਆਰੰਭਤਾ ਦੀ ਅਰਦਾਸ ਹੋਈ। ਹਜ਼ਾਰਾਂ ਦੀ ਗਿਣਤੀ ਵਿਚ ਮੌਜੂਦ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ 'ਤੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਪ੍ਰਗਟਾਈ। ਅਹਿਮਦਾਬਾਦ (ਗੁਜਰਾਤ) ਤੋਂ ਉਦੇਪੁਰ ਦੇ ਸਾਰੇ ਰਸਤੇ ਵਿਚ ਵੱਡੀ ਗਿਣਤੀ ਵਿਚ ਸੰਗਤ ਜੁੜੀਆਂ। ਸੰਗਤ ਵੱਲੋਂ ਥਾਂ-ਥਾਂ ਸਵਾਗਤੀ ਗੇਟ ਬਣਾਏ ਗਏ ਅਤੇ ਲੰਗਰ ਆਦਿ ਦੇ ਪ੍ਰਬੰਧ ਵੀ ਕੀਤੇ ਗਏ ਸਨ। ਰਾਤ ਨੂੰ ਰਾਜਿਸਥਾਨ ਦੇ ਉਦੇਪੁਰ ਵਿਖੇ ਪਹੁੰਚਣ 'ਤੇ ਵੱਡੀ ਗਿਣਤੀ ਵਿਚ ਇਕੱਤਰ ਹੋਈਆਂ ਸੰਗਤਾਂ ਨੇ ਖ਼ਾਲਸਈ ਜੈਕਾਰਿਆਂ ਨਾਲ ਨਗਰ ਕੀਰਤਨ ਨੂੰ ਜੀ-ਆਇਆਂ ਕਿਹਾ।

27 ਸਤੰਬਰ ਨੂੰ ਉਦੇਪੁਰ ਤੋਂ ਕੋਟਾ ਲਈ ਨਗਰ ਕੀਰਤਨ ਦੀ ਰਵਾਨਗੀ ਸਮੇਂ ਸਥਾਨਕ ਗੁਰਦੁਆਰਾ ਸੱਚਖੰਡ ਦਰਬਾਰ ਸਿੱਖ ਕਲੋਨੀ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਇਲਾਹੀ ਗੁਰਬਾਣੀ ਦਾ ਕੀਰਤਨ ਕੀਤਾ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਉਪਦੇਸ਼ਾਂ ਬਾਰੇ ਸੰਗਤ ਨੂੰ ਜਾਣੂ ਕਰਵਾਇਆ। ਉਨ੍ਹਾਂ ਸੰਗਤਾਂ ਨੂੰ 550ਵੇਂ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਵਿਸ਼ਾਲ ਸਮਾਗਮਾਂ ਸਮੇਂ ਸ਼ਮੂਲੀਅਤ ਕਰਨ ਦੀ ਵੀ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਰਾਜਿਸਥਾਨ ਤੋਂ ਮੈਂਬਰ ਸ. ਸੁਰਜੀਤ ਸਿੰਘ ਕੰਗ ਨੇ ਵੀ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਇਸ ਦੌਰਾਨ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਵੀ ਦਿੱਤੇ ਗਏ। ਰਾਤ ਨੂੰ ਨਗਰ ਕੀਰਤਨ ਰਾਜਿਸਥਾਨ ਦੇ ਕੋਟਾ ਸਥਿਤ ਗੁਰਦੁਆਰਾ ਅਗੰਮਗੜ੍ਹ ਸਾਹਿਬ ਵਿਖੇ ਪਹੁੰਚਾ ਜਿਥੇ ਸੰਗਤਾਂ ਵੱਲੋਂ ਜੋਰਦਾਰ ਸਵਾਗਤ ਕੀਤਾ ਗਿਆ।

28 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਗੁਰਦੁਆਰਾ ਅਗੰਮਗੜ੍ਹ ਸਾਹਿਬ, ਕੋਟਾ ਤੋਂ ਅਗਲੇ ਪੜਾਅ ਪੁਸ਼ਕਰ ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਸਜਾਏ ਗਏ ਧਾਰਮਿਕ ਦੀਵਾਨ ਅੰਦਰ ਗੁਰਬਾਣੀ ਕੀਰਤਨ ਤੇ ਕਥਾ ਵੀਚਾਰਾਂ ਹੋਈਆਂ। ਸ਼੍ਰੋਮਣੀ ਕਮੇਟੀ ਦੇ ਸੀਨੀਅਰ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਸੰਗਤ ਨਾਲ ਸਾਂਝਾ ਕਰਦਿਆਂ 550ਵੇਂ ਪ੍ਰਕਾਸ਼ ਪੁਰਬ ਮੌਕੇ ਕੀਤੇ ਜਾਣ ਵਾਲੇ ਗੁਰਮਤਿ ਸਮਾਗਮਾਂ ਬਾਰੇ ਦੱਸਿਆ। ਨਗਰ ਕੀਰਤਨ ਦੀ ਪੁਸ਼ਕਰ ਲਈ ਰਵਾਨਗੀ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਪੁੱਜੀਆਂ ਹੋਈਆਂ ਸਨ, ਜਿਨ੍ਹਾਂ ਨੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਮਾਹੌਲ ਨੂੰ ਵਿਸਮਾਦੀ ਬਣਾ ਦਿੱਤਾ। ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਨਗਰ ਕੀਰਤਨ ਰਾਤ ਨੂੰ ਪੁਸ਼ਕਰ ਪਹੁੰਚਿਆ।

29 ਸਤੰਬਰ ਨੂੰ ਅੰਤਰਰਾਸ਼ਟਰੀ ਨਗਰ ਕੀਤਰਤਨ ਖਾਲਸਾਈ ਜਾਹੋ-ਜਲਾਲ ਨਾਲ ਪੁਸ਼ਕਰ ਤੋਂ ਜੈਪੁਰ ਲਈ ਰਵਾਨਾ ਹੋਇਆ। ਰਵਾਨਗੀ ਸਮੇਂ ਗੁਰਦੁਆਰਾ ਗੁਰੂ ਨਾਨਕ ਦਰਬਾਰ ਵਿਖੇ ਵੱਡੀ ਤਾਦਾਦ ਵਿਚ ਜੁੜੀਆਂ ਸੰਗਤਾਂ ਨੂੰ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਜੋੜਿਆ। ਕਥਾਵਾਚਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਸਿੱਖੀ ਦੀਆਂ ਮੁੱਲਵਾਨ ਕਦਰਾਂ ਕੀਮਤਾਂ ਅਨੁਸਾਰ ਜੀਵਨ ਜੀਣ ਦੀ ਸੰਗਤ ਨੂੰ ਪ੍ਰੇਰਨਾ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਬਾਬਾ ਸੁਖਵਿੰਦਰ ਸਿੰਘ ਨੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਗੁਰੂ ਬਖਸ਼ਿਸ਼ ਸਿਰੋਮਾਓ ਦੇ ਕੇ ਨਿਵਾਜਿਆ। ਇਸੇ ਦੌਰਾਨ ਨਗਰ ਕੀਰਤਨ ਵਿਚ ਮੈਂਬਰ ਪਾਰਲੀਮੈਂਟ ਸ੍ਰੀ ਭਾਗੀਰਾਥ ਚੌਧਰੀ, ਸਥਾਨਕ ਆਗੂ ਸ੍ਰੀ ਪ੍ਰਦੀਪ ਬਾਜਵਾ, ਡੀਐਸਪੀ ਸ੍ਰੀਮਤੀ ਗੀਤਾ ਚੌਧਰੀ ਨੇ ਹਾਜ਼ਰੀ ਭਰ ਕੇ ਸ਼ਰਧਾ ਪ੍ਰਗਟਾਈ। ਸ਼ਾਮ ਨੂੰ ਜੈਪੁਰ ਵਿਖੇ ਪਹੁੰਚਣ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਹੋਇਆ। ਇਥੇ ਰਾਜਸਥਾਨ ਦੇ ਰਾਜਪਾਲ ਸ੍ਰੀ ਕਲਰਾਜ ਮਿਸ਼ਰਾ ਨੇ ਵੀ ਨਗਰ ਕੀਰਤਨ ਵਿਚ ਸ਼ਮੂਲੀਅਤ ਕਰਕੇ ਆਪਣੀ ਸ਼ਰਧਾ ਪ੍ਰਗਟਾਈ। ਉਨ੍ਹਾਂ ਸਮੁੱਚੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਵਧਾਈ ਦਿੱਤੀ। ਰਾਜਪਾਲ ਸ੍ਰੀ ਕਲਰਾਜ ਮਿਸ਼ਰਾ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ ਨੇ ਸਿਰਪਾਓ ਦੇ ਕੇ ਸਨਮਾਨਿਤ ਕੀਤਾ।

30 ਸਤੰਬਰ ਨੂੰ ਨਗਰ ਕੀਰਤਨ ਰਾਜਸਥਾਨ ਦੇ ਜੈਪੁਰ ਤੋਂ ਹਰਿਆਣਾ ਵਿਚ ਪੈਂਦੇ ਫਰੀਦਾਬਾਦ ਲਈ ਰਵਾਨਾ ਹੋ ਗਿਆ। ਰਵਾਨਗੀ ਸਮੇਂ ਸਜਾਏ ਗਏ ਧਾਰਮਿਕ ਦੀਵਾਨ ਅੰਦਰ ਰਾਗੀ ਜਥਿਆਂ ਨੇ ਕੀਰਤਨ ਕੀਤਾ ਅਤੇ ਕਥਾਵਾਚਕ ਭਾਈ ਜਸਵਿੰਦਰ ਸਿੰਘ ਸ਼ਹੂਰ ਕੇ ਸੰਗਤਾਂ ਨੂੰ ਕਥਾ-ਵਿਚਾਰਾਂ ਨਾਲ ਜੋੜਿਆ। ਸੰਗਤਾਂ ਦੀ ਭਰਵੀਂ ਹਾਜ਼ਰੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ ਗਿਆ। ਇਸ ਮੌਕੇ ਫੁੱਲਾਂ ਦੀ ਵਰਖਾ ਅਤੇ ਬੋਲੇ ਸੋ ਨਿਹਾਲ ਦੇ ਜੈਕਾਰੇ ਗਜਾ ਕੇ ਸੰਗਤਾਂ ਨੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਵੱਖ-ਵੱਖ ਪੜਾਵਾਂ ਤੋਂ ਹੁੰਦਾ ਨਗਰ ਕੀਰਤਨ ਰਾਤ ਨੂੰ ਫਰੀਦਾਬਾਦ ਪਹੁੰਚਿਆ ਜਿਥੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋਂ ਚੱਲੇ ਅੰਤਰਰਾਸਟਰੀ ਨਗਰ ਕੀਰਤਨ ਪ੍ਰਤੀ ਸੰਗਤਾਂ ਦੇ ਉਤਸ਼ਾਹ ਵਿਚ ਕੋਈ ਕਮੀ ਨਹੀਂ ਆਈ। ਆਰੰਭਤਾ ਤੋਂ ਲੈ ਕੇ ਹੁਣ ਤਕ ਹਰ ਥਾਂ ਨਗਰ ਕੀਰਤਨ ਦੀ ਉਡੀਕ ਵਿਚ ਸੰਗਤਾਂ ਵੱਡੀ ਗਿਣਤੀ ਵਿਚ ਜੁੜੀਆਂ। ਹਰ ਰਾਜ ਅੰਦਰ ਸੰਗਤਾਂ ਨੇ ਨਗਰ ਕੀਰਤਨ ਦਾ ਗਰਮਜੋਸ਼ੀ ਦੇ ਨਾਲ ਸਵਾਗਤ ਕੀਤਾ। ਸੰਗਤਾਂ ਵੱਲੋਂ ਨਗਰ ਕੀਰਤਨ ਦੇ ਰਸਤਿਆਂ ਨੂੰ ਸਜਾਉਣ ਲਈ ਸੁੰਦਰ ਸਵਾਗਤੀ ਗੇਟ ਬਣਾਉਣ ਦੇ ਨਾਲ-ਨਾਲ ਰਸਤਿਆਂ ਵਿਚ ਲੜੀਆਂ ਵੀ ਲਗਾਈਆਂ ਗਈਆਂ ਸਨ। ਕਈ ਥਾਵਾਂ 'ਤੇ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਿਚ ਰਸਤੇ ਵਿਚ ਫੁੱਲ ਵਿਛਾ ਕੇ ਸਵਾਗਤ ਕੀਤਾ ਗਿਆ। ਸਕੂਲੀ ਬੱਚਿਆਂ ਵਿਚ ਵੀ ਨਗਰ ਕੀਰਤਨ ਪ੍ਰਤੀ ਭਾਰੀ ਉਤਸ਼ਾਹ ਸੀ। ਵੱਖ-ਵੱਖ ਸੂਬਿਆਂ ਵਿਚ ਪੁਲਿਸ ਪਾਰਟੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਲਾਮੀ ਦੇ ਕੇ ਸਤਿਕਾਰ ਭੇਟ ਕੀਤਾ ਗਿਆ। ਸੰਗਤਾਂ ਵੱਲੋਂ ਸਵਾਗਤ ਲਈ ਕੀਤੇ ਗਏ ਪ੍ਰਬੰਧ ਲਾਜਵਾਬ ਸਨ।





